Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-98888 88887, 98888 28887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 71 Chief Editor : Chowdhary Prabhjit Singh, Editor : Chhatarpal Singh 98146-32807, Sunday 30 August 2026 Price : 2 Rs. Page : 6

## ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਹਲਕੇ ਦੇ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਕਰੋੜਾਂ ਰੁਪਏ ਦੇ ਚੈੱਕ ਵੰਡੇ

**ਦਿੜ੍ਹਬਾ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਵਿੱਤ ਤੇ ਯੋਜਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਹਲਕਾ ਦਿੜ੍ਹਬਾ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਦਿਆਂ ਪਿੰਡਾਂ ਦੀਆਂ ਸੱਥਾਂ ਵਿੱਚ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੇ ਚੈੱਕ ਸੌਂਪੇ। ਇਸ ਦੌਰਾਨ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਵਿਕਾਸ ਕਾਰਜਾਂ ਸਬੰਧੀ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ ਅਤੇ ਰਹਿੰਦੀਆਂ ਮੰਗਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਮੰਤਰੀਆਂ ਜਾਂ ਵਿਧਾਇਕਾਂ ਵੱਲੋਂ ਆਪਣੇ ਦਫ਼ਤਰਾਂ ਵਿੱਚ ਬੁਲਾ ਕੇ ਜਾਂ ਪਿੰਡਾਂ ਵਿੱਚ ਵੱਡੇ ਸਮਾਗਮ ਕਰਵਾ ਕੇ ਚੈੱਕ ਵੰਡੇ ਜਾਂਦੇ ਸਨ, ਜਿਸ 'ਤੇ ਸਰਕਾਰੀ ਪੈਸਾ ਵੀ ਖਰਚ ਹੁੰਦਾ ਸੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਤਰੀਕਾ ਵੱਖਰਾ ਹੈ। ਸਰਕਾਰ ਵੱਲੋਂ ਪਿੰਡਾਂ ਦੀਆਂ ਸੱਥਾਂ ਵਿੱਚ ਬੈਠ ਕੇ ਲੋਕਾਂ ਨਾਲ ਸਿੱਧੀ ਗੱਲਬਾਤ ਕੀਤੀ ਜਾਂਦੀ ਹੈ ਅਤੇ ਲੋਕਾਂ ਦੀ ਲੋੜ ਤੇ ਮੰਗ ਅਨੁਸਾਰ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।



ਉਨ੍ਹਾਂ ਦੱਸਿਆ ਕਿ ਅੱਜ ਪਿੰਡ ਬਘਰੌਲ, ਸਫੀਪੁਰ ਕਲਾਂ, ਸਫੀਪੁਰ ਖ਼ੁਰਦ, ਮੁਨਸ਼ੀਵਾਲਾ, ਦਿਆਲਗੜ੍ਹ ਕੈਂਪਰ ਅਤੇ ਜਨਾਲ ਸਮੇਤ ਹਲਕੇ ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਚੈੱਕ ਦਿੱਤੇ ਗਏ। ਉਨ੍ਹਾਂ ਕਿਹਾ ਕਿ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਦੇ ਨਾਲ-ਨਾਲ ਪਿੰਡਾਂ ਦੀ ਪੁਰਾਣੀ ਵਿਰਾਸਤ ਨੂੰ ਸੰਭਾਲਣ ਲਈ ਵੀ ਸਰਕਾਰ ਵੱਲੋਂ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਸੇ ਤਹਿਤ ਪਿੰਡ ਖਾਨਪੁਰ ਫਕੀਰਾਂ ਦੀ ਪੰਚਾਇਤ ਨੂੰ ਪਿੰਡ ਦੀ ਵਿਰਾਸਤੀ ਦਿੱਖ ਅਤੇ ਸਹੂਲਤਾਂ ਦੇ ਵਿਕਾਸ ਲਈ 11 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ।

ਵਿੱਤ ਮੰਤਰੀ ਨੇ ਦੱਸਿਆ ਕਿ ਪਿੰਡ ਸਫੀਪੁਰ ਕਲਾਂ ਦੇ ਬੱਸ ਸਟੈਂਡ ਨੂੰ ਪਹਿਲਾਂ ਵੀ ਕਰੀਬ 45 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਸੀ ਅਤੇ ਲੋਕਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਸਫੀਪੁਰ ਕਲਾਂ ਦੀ ਪੰਚਾਇਤ ਨੂੰ ਮੁੜ ਅੱਜ 45 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ।

ਉਨ੍ਹਾਂ ਦੱਸਿਆ ਪਿੰਡ ਬਘਰੌਲ ਨੂੰ 35 ਲੱਖ ਰੁਪਏ, ਮੁਨਸ਼ੀਵਾਲਾ ਨੂੰ 19 ਲੱਖ ਰੁਪਏ, ਸਫੀਪੁਰ ਖੁਰਦ ਨੂੰ 47 ਲੱਖ ਰੁਪਏ, ਦਿਆਲਗੜ੍ਹ ਕੈਂਪਰ ਨੂੰ 49 ਲੱਖ ਰੁਪਏ ਅਤੇ ਜਨਾਲ ਨੂੰ 46 ਲੱਖ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਦਿੱਤੇ ਗਏ।

ਉਨ੍ਹਾਂ ਦੱਸਿਆ ਕਿ ਬੀਤੇ ਦਿਨ ਵੀ ਪਿੰਡ ਢੰਡਿਆਲ ਨੂੰ 45 ਲੱਖ ਰੁਪਏ ਅਤੇ ਮਹਿਲਾਂ ਨੂੰ 20 ਲੱਖ ਰੁਪਏ ਤੇ ਗ੍ਰਾਂਟ ਦੇ ਚੈੱਕ ਦਿੱਤੇ ਗਏ ਹਨ।

ਵਿੱਤ ਮੰਤਰੀ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ। ਉਨ੍ਹਾਂ ਸੰਬੰਧਿਤ ਪਿੰਡਾਂ ਦੇ ਸਰਪੰਚਾਂ ਨੂੰ ਕਿਹਾ ਕਿ ਗ੍ਰਾਂਟਾਂ ਦੀ ਵਰਤੋਂ ਕਰਕੇ ਵਿਕਾਸ ਕਾਰਜ ਤੁਰੰਤ ਸ਼ੁਰੂ ਕੀਤੇ ਜਾਣ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਸੜਕਾਂ ਦੇ ਨਿਰਮਾਣ ਸਮੇਤ ਵੱਖ-ਵੱਖ ਵਿਕਾਸ ਕਾਰਜ ਵੀ ਜ਼ੋਰਾਂ 'ਤੇ ਚੱਲ ਰਹੇ ਹਨ।

ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਬਿਨਾਂ ਕਿਸੇ ਰਾਜਨੀਤਿਕ ਭੇਦਭਾਵ ਦੇ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ ਅਤੇ ਹਰੇਕ ਪਿੰਡ ਦੀ ਲੋੜ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਇਸ ਮੌਕੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ, ਮਾਰਕੀਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਜਸਵੀਰ ਕੌਰ ਸ਼ੇਰਗਿੱਲ, ਸਰਪੰਚ ਰਵਿੰਦਰ ਸਿੰਘ ਮਾਨ, ਸਰਪੰਚ ਗਰੀਬ ਦਾਸ ਸਫੀਪੁਰ ਕਲਾਂ ਸਮੇਤ ਇਲਾਕੇ ਦੇ ਪੰਚ-ਸਰਪੰਚ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਪੈਕੇਟਬੰਦ ਫੂਡ 'ਤੇ ਲੱਗੇਗੀ ਚਿਤਾਵਨੀ, FSSAI ਨੇ ਸੁਪਰੀਮ ਕੋਰਟ 'ਚ ਦਿੱਤਾ ਪ੍ਰਸਤਾਵ



**ਨਵੀਂ ਦਿੱਲੀ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਖੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਉਸ ਨੇ ਵਾਧੂ ਚਰਬੀ, ਖੰਡ ਅਤੇ ਨਮਕ ਵਾਲੇ ਭੋਜਨ ਉਤਪਾਦਾਂ ਦੇ ਪੈਕੇਟ ਦੇ ਸਾਹਮਣੇ ਇਕ ਸਪੱਸ਼ਟ ਲਾਲ ਚਿਤਾਵਨੀ ਲੇਬਲ ਲਗਾਉਣ ਦਾ ਪ੍ਰਸਤਾਵ ਰੱਖਿਆ ਹੈ। ਸੁਪਰੀਮ ਕੋਰਟ 'ਚ ਦਾਇਰ ਕੀਤੇ ਗਏ ਇਕ ਪਾਲਣਾ ਹਲਫ਼ਨਾਮੇ 'ਚ FSSAI ਨੇ ਕਿਹਾ ਕਿ ਇਸ ਪ੍ਰਸਤਾਵ ਦਾ ਉਦੇਸ਼ ਖਪਤਕਾਰਾਂ ਨੂੰ ਉਨ੍ਹਾਂ ਭੋਜਨ ਉਤਪਾਦਾਂ ਬਾਰੇ ਆਸਾਨੀ ਨਾਲ ਸਮਝ 'ਚ ਆਉਣ ਵਾਲੇ ਚਿਤਾਵਨੀ ਦੇਣਾ ਹੈ, ਜਿਨ੍ਹਾਂ 'ਚ ਚਿੰਤਾਜਨਕ ਦੱਸੇ ਗਏ ਇਨ੍ਹਾਂ ਪੋਸ਼ਕ ਤੱਤਾਂ ਦੀ ਮਾਤਰਾ ਜ਼ਿਆਦਾ ਹੈ।

ਹਲਫ਼ਨਾਮੇ 'ਚ ਕਿਹਾ ਗਿਆ ਹੈ, ICMR-NIN ਦੁਆਰਾ ਜਾਰੀ 'ਭਾਰਤੀਆਂ ਲਈ ਖੁਰਾਕ ਦਿਸ਼ਾ-ਨਿਰਦੇਸ਼, 2024' ਦੇ ਤਹਿਤ ਨਿਰਧਾਰਤ ਸੀਮਾਵਾਂ ਦੇ ਅਧਾਰ 'ਤੇ, ਉਨ੍ਹਾਂ ਫੂਡ ਪੈਕੇਟ ਦੇ ਅੱਗੇ ਲਾਲ ਰੰਗ ਦੇ ਚਿਤਾਵਨੀ ਲੇਬਲ ਲਗਾਉਣ ਦਾ ਪ੍ਰਸਤਾਵ ਹੈ, ਜਿਨ੍ਹਾਂ 'ਚ ਚਿੰਤਾਜਨਕ ਦੱਸੇ ਗਏ ਪੌਸ਼ਟਿਕ ਤੱਤਾਂ – ਅਰਥਾਤ, ਵਾਧੂ ਚਰਬੀ, ਵਾਧੂ ਖੰਡ ਅਤੇ ਨਮਕ ਤੋਂ ਵੱਧ 'ਚ ਕੋਈ 2 ਵੱਧ ਮਾਤਰਾ 'ਚ ਮੌਜੂਦ ਹਨ।"

ਇਸ 'ਚ ਕਿਹਾ ਗਿਆ ਹੈ ਕਿ ਚੇਤਾਵਨੀ ਲੇਬਲ 'ਚ ਲਾਗੂ ਐਲਾਨ ਪ੍ਰਦਰਸ਼ਿਤ ਹੋਣਗੇ, ਜਿਵੇਂ ਕਿ ਵਾਧੂ ਚਰਬੀ, ਵਾਧੂ ਖੰਡ, ਵਾਧੂ ਨਮਕ ਅਤੇ ਬਹੁਤ ਜ਼ਿਆਦਾ ਮਿੱਠੇ ਪੀਣ ਵਾਲੇ ਪਦਾਰਥ ਪ੍ਰਦਰਸ਼ਿਤ ਹੋਣਗੇ, ਤਾਂ ਜੋ ਖਪਤਕਾਰਾਂ ਨੂੰ ਨਿਰਧਾਰਤ ਪੌਸ਼ਟਿਕ ਤੱਤਾਂ ਤੋਂ ਵੱਧ ਵਾਲੇ ਉਤਪਾਦਾਂ ਦੀ ਆਸਾਨੀ ਨਾਲ ਪਛਾਣ ਕਰ ਸਕਣ। ਇਸ ਮਾਮਲੇ ਦੀ ਸੁਣਵਾਈ ਕਰਦੇ ਹੋਏ 13 ਅਗਸਤ ਨੂੰ ਜੱਜ ਜੇਬੀ ਪਾਰਦੀਵਾਲਾ ਜੱਜ ਕੇ. ਵਿਨੋਦ ਚੰਦਰਨ ਦੀ ਬੈਂਚ ਨੇ ਪੈਕ ਕੀਤੇ ਭੋਜਨਾਂ 'ਤੇ ਚਿਤਾਵਨੀ ਲੇਬਲ ਲਗਾਉਣ 'ਚ ਦੇਰੀ ਲਈ FSSAI ਨੂੰ ਸਖ਼ਤ ਫਟਕਾਰ ਲਗਾਈ ਸੀ ਅਤੇ ਪੁੱਛਿਆ ਸੀ ਕਿ ਕੀ ਸਰਕਾਰ ÷ਆਪਣੇ ਲੋਕ ਸਿਹਤਮੰਦ ਨਹੀਂ ਚਾਹੁੰਦੀ।÷

ਅਦਾਲਤ 'ਚ ਦਾਇਰ ਕੀਤੇ ਆਪਣੇ ਪਾਲਣਾ ਹਲਫ਼ਨਾਮੇ 'ਚ, FSSAI ਨੇ ਕਿਹਾ ਕਿ ਉਸ ਨੇ ਪੈਕੇਟ ਦੇ ਸਾਹਮਣੇ ਵਾਧੂ ਖੰਡ, ਵਾਧੂ ਚਰਬੀ ਅਤੇ ਨਮਕ ਨਾਲ ਸੰਬੰਧ ਜਾਣਕਾਰੀ ਪ੍ਰਦਾਨ ਕਰਨ ਲਈ ਇਕ ਪ੍ਰਸਤਾਵ ਤਿਆਰ ਕੀਤਾ ਹੈ।

## ਰਾਹੁਲ ਗਾਂਧੀ ਨੇ ਲਗਾਏ ਭਾਜਪਾ/ਆਰਐਸਐਸ ਉੱਪਰ ਦਲਿਤਾਂ ਦੇ ਅਪਮਾਨ ਅਤੇ ਭੇਦਭਾਵ ਦੇ ਦੋ

**ਨਵੀਂ ਦਿੱਲੀ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਲੋਕ ਸਭਾ ਦੇ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਕਿਹਾ, ..ਰਾਜਸਥਾਨ ਵਿਚ ਸਾਡੇ ਸੀਐਲਪੀ ਨੇਤਾ ਇਕ ਮੰਦਰ ਜਾਂਦੇ ਹਨ, ਅਤੇ ਭਾਜਪਾ ਨੇਤਾ 'ਸ਼ੁੱਧੀਕਰਨ' ਦੀ ਰਸਮ ਕਰਦੇ ਹਨ। ਕਾਂਗਰਸ ਪ੍ਰਧਾਨ ਖੜਗੇ ਜੀ, ਜਿਨ੍ਹਾਂ ਨੇ ਆਪਣਾ ਪੂਰਾ ਜੀਵਨ ਦੇਸ਼ ਅਤੇ ਸੰਵਿਧਾਨ ਨੂੰ ਸਮਰਪਿਤ ਕੀਤਾ ਹੈ, ਹਲਦਵਾਨੀ ਦੇ ਰਾਮਲੀਲ੍ਹਾ ਮੈਦਾਨ ਵਿਚ ਭਾਸ਼ਣ ਦੇਣ ਜਾਂਦੇ ਹਨ, ਅਤੇ ਉੱਥੇ ਇਕ ਸ਼ੁੱਧੀਕਰਨ ਦੀ ਰਸਮ ਕੀਤੀ ਜਾਂਦੀ ਹੈ। ਇਹ ਕੌਣ ਕਰਦਾ ਹੈ? ਇਹ ਭਾਜਪਾ ਅਤੇ ਆਰਐਸਐਸ ਦੇ ਲੋਕ ਹਨ। ਸਿਰਫ਼ ਭਾਜਪਾ ਅਤੇ ਆਰਐਸਐਸ ਦੇ ਮੈਂਬਰ ਹੀ ਅਜਿਹਾ ਕਰਦੇ ਹਨ, ਅਤੇ ਇਹ ਇਕ ਅਪਰਾਧ ਹੈ। ਭਾਰਤ ਦੇ ਸੰਵਿਧਾਨ ਦੇ ਤਹਿਤ, ਇਹ ਇਕ ਅਪਰਾਧ ਹੈ, ਇਕ ਅਪਰਾਧਿਕ ਗਤੀਵਿਧੀ। 'ਸ਼ੁੱਧੀਕਰਨ' ਅਸਲ ਵਿਚ ਛੂਤਛਾਤ ਦਾ ਇਕ ਹੋਰ ਨਾਮ ਹੈ। ਛੂਤਛਾਤ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਗਿਆ ਸੀ, ਫਿਰ ਵੀ ਭਾਜਪਾ ਦੇ ਮੈਂਬਰ ਇਸ ਨੂੰ ਖੁੱਲ੍ਹੇਆਮ ਕਰਦੇ ਹਨ। ਜਦੋਂ ਉਹ ਇਹ ਸ਼ੁੱਧੀਕਰਨ ਕਰਦੇ ਹਨ, ਤਾਂ ਉਹ ਪ੍ਰਭਾਵਸ਼ਾਲੀ ਢੰਗ ਨਾਲ ਕਹਿ ਰਹੇ ਹੁੰਦੇ ਹਨ ਕਿ ਦਲਿਤਾਂ ਨੂੰ ਛੂਹਿਆ ਨਹੀਂ ਜਾਣਾ ਚਾਹੀਦਾ, ਦਲਿਤ ਅਸ਼ੁੱਧ ਹਨ, ਅਤੇ ਇਹ ਭਾਰਤੀ ਸੰਵਿਧਾਨ ਦੇ ਤਹਿਤ ਇਕ ਅਪਰਾਧ ਹੈ।



## ਨਿਤਿਨ ਨਬੀਨ ਨੇ ਸੱਜਣ ਕੁਮਾਰ ਦੇ ਘਰ ਅਫਸੋਸ ਪ੍ਰਗਟ ਕਰਨ ਗਏ ਪਾਰਟੀ ਦੇ ਤਿੰਨ ਸੰਸਦ ਮੈਂਬਰਾਂ ਨੂੰ ਤਲਬ ਕਰਕੇ ਲਗਾਈ ਫਟਕਾਰ

### ਭਾਜਪਾ ਹਾਈਕਮਾਨ ਨੇ ਦਿੱਲੀ ਦੇ ਤਿੰਨਾਂ ਸੰਸਦ ਮੈਂਬਰਾਂ ਤੋਂ ਮੰਗਿਆ ਸਪਸ਼ਟੀਕਰਨ: ਸੂਤਰ

**ਨਵੀਂ ਦਿੱਲੀ, 29 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**

ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੇ ਅੱਜ ਤਿੰਨ ਸੰਸਦ ਮੈਂਬਰਾਂ ਨੂੰ ਤਲਬ ਕੀਤਾ। ਇਨ੍ਹਾਂ ਸੰਸਦ ਮੈਂਬਰਾਂ ਨੇ ਸਿੱਖ-ਵਿਰੋਧੀ ਦੰਗਿਆਂ ਵਿੱਚ ਦੋਸ਼ੀ ਠਹਿਰਾਏ ਗਏ ਸੱਜਣ ਕੁਮਾਰ ਦੀ ਮੌਤ ਤੋਂ ਬਾਅਦ ਉਸ ਦੇ ਘਰ ਜਾ ਕੇ ਅਫਸੋਸ ਪ੍ਰਗਟ ਕੀਤਾ ਸੀ। ਨਬੀਨ ਨੇ ਕਿਹਾ ਕਿ ਦਿੱਲੀ ਤੋਂ ਲੋਕ ਸਭਾ ਮੈਂਬਰ ਰਾਮਵੀਰ ਸਿੰਘ ਬਿਧੂੜੀ, ਯੋਗੇਂਦਰ ਚੰਦੋਲੀਆ ਅਤੇ ਕਮਲਜੀਤ ਸਹਿਰਾਵਤ ਨੂੰ ਸੱਜਣ ਕੁਮਾਰ ਦੇ ਘਰ ਨਹੀਂ ਜਾਣਾ ਚਾਹੀਦਾ ਸੀ। ਸੱਜਣ ਕੁਮਾਰ ਦੀ ਪਿਛਲੇ ਹਫ਼ਤੇ ਮੌਤ ਹੋ ਗਈ ਸੀ ਅਤੇ ਉਹ ਤਿਹਾੜ ਜੇਲ੍ਹ ਵਿੱਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਤਲ ਤੋਂ ਬਾਅਦ 1984 ਦੇ ਸਿੱਖ-ਵਿਰੋਧੀ ਦੰਗਿਆਂ ਦੌਰਾਨ ਸਿੱਖਾਂ ਦੇ ਕਤਲ ਨਾਲ ਜੁੜੇ ਦੋ ਵੱਖ-ਵੱਖ ਮਾਮਲਿਆਂ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਸੀ।

ਭਾਜਪਾ ਸੂਤਰਾਂ ਨੇ 'ਟ੍ਰਿਬਿਊਨ ਸਮੂਹ' ਨੂੰ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਨਬੀਨ ਨੇ ਤਿੰਨਾਂ ਸੰਸਦ ਮੈਂਬਰਾਂ ਨੂੰ ਤਲਬ ਕਰਕੇ ਫਟਕਾਰ ਲਗਾਈ ਅਤੇ ਕਿਹਾ ਕਿ ਉਨ੍ਹਾਂ ਨੂੰ ਉੱਥੇ ਨਹੀਂ ਜਾਣਾ ਚਾਹੀਦਾ ਸੀ। ਭਾਜਪਾ ਸੂਤਰਾਂ ਅਨੁਸਾਰ, ਤਿੰਨਾਂ ਸੰਸਦ ਮੈਂਬਰਾਂ ਤੋਂ ਉਨ੍ਹਾਂ ਦੇ ਵਿਵਹਾਰ ਲਈ ਸਪਸ਼ਟੀਕਰਨ ਮੰਗਿਆ ਗਿਆ ਹੈ।



ਇਹ ਤਿੰਨੋਂ ਸੰਸਦ ਮੈਂਬਰ ਬਾਹਰੀ ਦਿੱਲੀ ਸੰਸਦੀ ਸੀਟ ਤੋਂ ਬਣਾਏ ਗਏ ਹਲਕਿਆਂ ਦੀ ਨੁਮਾਇੰਦਗੀ ਕਰਦੇ ਹਨ। ਸੱਜਣ ਕੁਮਾਰ ਨੇ ਕਾਂਗਰਸ ਵੱਲੋਂ ਲੋਕ ਸਭਾ ਵਿੱਚ ਇਸ ਸੀਟ ਦੀ ਨੁਮਾਇੰਦਗੀ ਕੀਤੀ ਸੀ। ਇਹ ਤਿੰਨੇ ਸੰਸਦ ਮੈਂਬਰ ਉਸ ਪ੍ਰਭਾਵਸ਼ਾਲੀ ਭਾਈਚਾਰੇ ਨਾਲ ਸਬੰਧਤ ਹਨ ਜਿਸ ਦੀ ਸੱਜਣ ਕੁਮਾਰ ਨੇ ਨੁਮਾਇੰਦਗੀ ਕੀਤੀ ਸੀ।

ਭਾਜਪਾ ਪ੍ਰਧਾਨ ਦਾ ਇਹ ਕਦਮ ਪੰਜਾਬ ਵਿੱਚ ਪਾਰਟੀ ਦੇ ਸੀਨੀਅਰ ਆਗੂ ਐੱਚ ਐੱਸ ਫੂਲਕਾ ਦੇ ਇੱਕ ਸਖ਼ਤ ਬਿਆਨ ਤੋਂ ਬਾਅਦ ਸਾਹਮਣੇ ਆਇਆ ਹੈ, ਜਿਨ੍ਹਾਂ ਨੇ ਪੀਰਾਗੜ੍ਹੀ ਸਥਿਤ ਸੱਜਣ ਕੁਮਾਰ ਦੇ ਘਰ ਸੰਸਦ ਮੈਂਬਰਾਂ ਦੀ ਫੇਰੀ ਦੀ ਜਨਤਕ ਤੌਰ 'ਤੇ ਨਿਖੇਧੀ ਕੀਤੀ ਸੀ। ਫੂਲਕਾ ਨੇ ਕੱਲ੍ਹ ਕਿਹਾ ਸੀ, ਮੈਂ ਸਮੂਹਿਕ ਕਤਲਾਂ ਦੇ ਦੋਸ਼ੀ ਸੱਜਣ ਕੁਮਾਰ ਦੇ ਘਰ ਜਾ ਕੇ ਉਸ ਦੀ ਮੌਤ 'ਤੇ ਅਫਸੋਸ ਪ੍ਰਗਟ ਕਰਨ ਵਾਲੇ 3 ਸੰਸਦ ਮੈਂਬਰਾਂ ਕਮਲਜੀਤ ਸਹਿਰਾਵਤ, ਰਾਮਵੀਰ ਸਿੰਘ ਬਿਧੂੜੀ ਅਤੇ ਯੋਗੇਂਦਰ ਚੰਦੋਲੀਆ ਦੀ ਇਸ ਫੇਰੀ ਦੀ ਸਖ਼ਤ ਨਿਖੇਧੀ ਕਰਦਾ ਹਾਂ। ਉਨ੍ਹਾਂ ਕਿਹਾ ਕਿ ਸੰਸਦ ਮੈਂਬਰਾਂ ਦਾ ਇਹ ਦੌਰਾ ਇਸ ਲਈ ਖਾਸ ਤੌਰ 'ਤੇ ਨਿੰਦਣਯੋਗ ਹੈ ਕਿਉਂਕਿ ਭਾਜਪਾ ਨੇ ਹਮੇਸ਼ਾ ਸਿੱਖ ਵਿਰੋਧੀ ਦੰਗਿਆਂ ਦੇ ਪੀੜਤਾਂ ਦੀ ਇਨਸਾਫ਼ ਦੀ ਮੰਗ ਦਾ ਸਮਰਥਨ ਕੀਤਾ ਹੈ ਅਤੇ ਇਹ ਯਕੀਨੀ ਬਣਾਉਣ ਲਈ ਪੀੜਤ ਪਰਿਵਾਰਾਂ ਦਾ ਸਾਥ ਦਿੱਤਾ ਹੈ ਕਿ ਸੱਜਣ ਕੁਮਾਰ ਜੇਲ੍ਹ ਵਿੱਚ ਹੀ ਰਹੇ। ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਸਾਬਕਾ ਨੇਤਾ ਨੇ ਕਿਹਾ, ਹਮਦਰਦੀ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਹੋਣੀ ਚਾਹੀਦੀ ਹੈ ਜਿਨ੍ਹਾਂ ਵਿੱਚੋਂ ਬਹੁਤ ਸਾਰੇ ਅੱਜ ਤੱਕ ਉਸ ਸਮੇਂ ਦੇ ਡਰਾਉਣੇ ਮਾਹੌਲ ਨੂੰ ਜੀਅ ਰਹੇ ਹਨ। ਮੈਂ ਇਨ੍ਹਾਂ 3 ਸੰਸਦ ਮੈਂਬਰਾਂ ਦੇ ਬਾਈਕਾਟ ਦੀ ਮੰਗ ਕਰਦਾ ਹਾਂ।

ਫੂਲਕਾ ਲੰਮੇ ਸਮੇਂ ਤੋਂ ਇਨਸਾਫ਼ ਦੀ ਆਪਣੀ ਲੰਮੀ ਅਤੇ ਔਖੀ ਲੜਾਈ ਵਿੱਚ ਸਿੱਖ ਵਿਰੋਧੀ ਦੰਗਿਆਂ ਦੇ ਪੀੜਤਾਂ ਦੇ ਪਰਿਵਾਰਾਂ ਦੇ ਕਾਨੂੰਨੀ ਨੁਮਾਇੰਦਗੀ ਕਰਦੇ ਆ ਰਹੇ ਹਨ।

## ਪੰਜਾਬ ਦੇ ਸਰਕਾਰੀ ਸਕੂਲ ਦੇਸ਼ ਦੇ ਚੰਗੇ ਤੋਂ ਚੰਗੇ ਪ੍ਰਾਈਵੇਟ ਸਕੂਲਾਂ ਨੂੰ ਵੀ ਮਾਤ ਦੇ ਰਹੇ ਹਨ: ਕੇਜਰੀਵਾਲ



**ਨਵੀਂ ਦਿੱਲੀ, 29 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**

ਪੰਜਾਬ ਵਿੱਚ ਕਦੇ ਸਰਕਾਰੀ ਸਕੂਲਾਂ ਦੀ ਪਛਾਣ ਖਸਤਾਹਾਲ ਇਮਾਰਤਾਂ, ਟੁੱਟੇ ਫਰਨੀਚਰ ਅਤੇ ਸੀਮਤ ਸਹੂਲਤਾਂ ਨਾਲ ਹੁੰਦੀ ਸੀ, ਉੱਥੇ ਹੀ ਅੱਜ ਸਰਕਾਰੀ ਸਕੂਲਾਂ ਦੀ ਤਸਵੀਰ ਪੂਰੀ ਤਰ੍ਹਾਂ ਬਦਲ ਚੁੱਕੀ ਹੈ। ਸ਼ਾਨਦਾਰ ਇਨਫਰਾਸਟ੍ਰਕਚਰ, ਅਤਿ-ਆਧੁਨਿਕ ਲੈਬਾਂ, ਸਮਾਰਟ ਬੋਰਡ, ਸਵੀਮਿੰਗ ਪੂਲ ਅਤੇ ਬਿਹਤਰੀਨ ਪਲੇਅ ਗਰਾਊਂਡਾਂ ਨਾਲ ਸਜੇ ਇਹ ਸਰਕਾਰੀ ਸਕੂਲ ਨਾਮੀ ਪ੍ਰਾਈਵੇਟ ਸਕੂਲਾਂ ਨੂੰ ਵੀ ਮਾਤ ਦੇ ਰਹੇ ਹਨ।

ਇਹਨਾਂ ਸਕੂਲਾਂ ਵਿੱਚ ਅਮੀਰ-ਗਰੀਬ ਹਰ ਵਰਗ ਦੇ ਬੱਚਿਆਂ ਨੂੰ ਬਰਾਬਰ ਅਤੇ ਗੁਣਵੱਤਾਪੂਰਨ ਸਿੱਖਿਆ ਮਿਲ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਿੱਖਿਆ ਮਾਡਲ ਦੀ ਇਹ ਤਸਵੀਰ ਪੰਜਾਬ ਵਿੱਚ ਬਦਲਦੀ ਸਿੱਖਿਆ ਦੀ ਤਸਵੀਰ ਦਿਖਾਉਂਦੀ ਹੈ। ਸ਼ਨੀਵਾਰ ਨੂੰ ÷ਆਪ÷ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਲੁਧਿਆਣਾ, ਸੰਗਰੂਰ ਅਤੇ ਨਵਾਂਸ਼ਹਿਰ ਦੇ ਤਿੰਨ ਸ਼ਾਨਦਾਰ ਸਰਕਾਰੀ ਸਕੂਲਾਂ ਦੀ ਵੀਡੀਓ ਸੋਸ਼ਲ ਮੀਡੀਆ ਐਕਸ 'ਤੇ ਸਾਂਝੀ ਕਰਕੇ ਆਪਣੀ ਪਾਰਟੀ ਦੀ ਸਰਕਾਰ ਦੇ ਸ਼ਾਨਦਾਰ ਕੰਮ 'ਤੇ ਖੁਸ਼ੀ ਅਤੇ ਸੰਤੁਸ਼ਟੀ ਪ੍ਰਗਟਾਈ। ਅਰਵਿੰਦ ਕੇਜਰੀਵਾਲ ਨੇ ਲੁਧਿਆਣਾ, ਸੰਗਰੂਰ ਅਤੇ ਨਵਾਂਸ਼ਹਿਰ ਵਿੱਚ ਭਗਵੰਤ ਮਾਨ ਸਰਕਾਰ ਦੁਆਰਾ ਬਣਾਏ ਗਏ ਸਰਕਾਰੀ ਸਕੂਲਾਂ ਨੂੰ ਸੋਸ਼ਲ ਮੀਡੀਆ 'ਤੇ ਸਾਂਝਾ ਕਰਦਿਆਂ ਕਿਹਾ ਕਿ ਇਹਨਾਂ ਦੇ ਸਾਹਮਣੇ ਪ੍ਰਾਈਵੇਟ ਸਕੂਲ ਵੀ ਫੇਲ੍ਹ ਹਨ। ਇਹ ਸਰਕਾਰੀ ਸਕੂਲ ਪੰਜਾਬ ਵਿੱਚ ਸਿੱਖਿਆ ਦੀ ਤਸਵੀਰ ਬਦਲ ਰਹੇ ਹਨ। ਉਹਨਾਂ ਕਿਹਾ ਕਿ ਅਸੀਂ ਅਜਿਹੇ ਹਜ਼ਾਰਾਂ ਸਕੂਲ ਪੰਜਾਬ ਵਿੱਚ ਬਣਾਏ ਹਨ। ਲੋਕਾਂ ਨੂੰ ਇਹਨਾਂ ਨੂੰ ਦੇਖ ਕੇ ਵਿਸ਼ਵਾਸ ਹੀ ਨਹੀਂ ਹੋਵੇਗਾ ਕਿ ਇਹ ਸਰਕਾਰੀ ਸਕੂਲ ਹੋ ਸਕਦੇ ਹਨ। ਇਹ ਦੇਸ਼ ਦੇ ਚੰਗੇ ਤੋਂ ਚੰਗੇ ਪ੍ਰਾਈਵੇਟ ਸਕੂਲਾਂ ਨੂੰ ਮਾਤ ਦੇ ਰਹੇ ਹਨ। ਮੈਨੂੰ ਬਹੁਤ ਖੁਸ਼ੀ ਹੁੰਦੀ ਹੈ ਕਿ ਅਸੀਂ ਅਜਿਹਾ ਕੰਮ ਕੀਤਾ ਹੈ ਜਿਸ ਨਾਲ ਗਰੀਬਾਂ ਦੇ ਬੱਚਿਆਂ ਨੂੰ ਚੰਗੀ ਤੋਂ ਚੰਗੀ ਸਿੱਖਿਆ ਮਿਲਣ ਲੱਗੀ ਹੈ। ਮਜ਼ਦੂਰਾਂ, ਰਿਕਸ਼ੇ ਵਾਲਿਆਂ, ਪਲੰਬਰ, ਇਲੈਕਟ੍ਰੀਸ਼ਨ, ਲੋਅਰ ਮਿਡਲ ਕਲਾਸ ਅਤੇ ਗਰੀਬਾਂ ਦੇ ਬੱਚੇ ਹੁਣ ਡਾਕਟਰ ਅਤੇ ਇੰਜੀਨੀਅਰ ਬਣ ਰਹੇ ਹਨ।

## ਮਾਲਵਾ ਮੇਲ ਨੇ ਜਿੱਤਿਆ ਪੰਜਾਬ ਕੁਈਨਜ਼ ਕੱਪ, ਫ਼ਾਈਨਲ ਵਿੱਚ ਪੁਆਧ ਐਕਸਪ੍ਰੈਸ ਨੂੰ 3 ਵਿਕਟਾਂ ਨਾਲ ਹਰਾਇਆ




**ਪਟਿਆਲਾ, 29 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਮਹਿਲਾ ਕ੍ਰਿਕਟ ਨੂੰ ਹੁਲਾਰਾ ਦੇਣ ਲਈ ਕਰਵਾਏ ਪੰਜਾਬ ਕੁਈਨਜ਼ ਟਵੰਟੀ-20 ਕੱਪ ਦਾ ਇੱਥੋਂ ਦੇ ਧਰੁਵ ਪਾਂਡਵ ਕ੍ਰਿਕਟ ਸਟੇਡੀਅਮ ਵਿਖੇ ਸ਼ਾਨਦਾਰ ਸਮਾਪਨ ਹੋਇਆ। ਚਾਰ ਟੀਮਾਂ ਦੇ ਇਸ ਟੂਰਨਾਮੈਂਟ ਨੂੰ ਮਾਲਵਾ ਨੇ ਜਿੱਤਿਆ। ਫ਼ਾਈਨਲ ਵਿੱਚ ਮਾਲਵਾ ਮੇਲ ਨੇ ਪੁਆਧ ਐਕਸਪ੍ਰੈਸ ਨੂੰ ਤਿੰਨ ਵਿਕਟਾਂ ਨਾਲ ਹਰਾ ਕੇ ਕੱਪ ਜਿੱਤਿਆ। ਟੂਰਨਾਮੈਂਟ ਵਿੱਚ ਦੋ ਹੋਰ ਟੀਮਾਂ ਮਾਝਾ ਬ੍ਰਿਗੇਡ ਤੇ ਦੋਆਬਾ ਟਾਈਟਨਜ਼ ਨੇ ਵੀ ਹਿੱਸਾ ਲਿਆ।

ਅੱਜ ਖੇਡੇ ਗਏ ਫਾਈਨਲ ਮੈਚ ਉਪਰੰਤ ਆਪ ਦੇ ਜਨਰਲ ਸਕੱਤਰ ਅਤੇ ਸਟੇਟ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂੰ ਨੇ ਜੇਤੂ ਖਿਡਾਰਨਾਂ ਨੂੰ ਇਨਾਮਾਂ ਦੀ ਵੰਡ ਕੀਤੀ। ਜੇਤੂ ਟੀਮ ਮਾਲਵਾ ਮੇਲ ਨੂੰ ਕੱਪ ਅਤੇ ਦੋ ਲੱਖ ਰੁਪਏ ਦੀ ਇਨਾਮ ਰਾਸ਼ੀ ਅਤੇ ਉਪ ਜੇਤੂ ਟੀਮ ਪੁਆਧ ਐਕਸਪ੍ਰੈਸ ਨੂੰ ਇੱਕ ਲੱਖ ਰੁਪਏ ਦੀ ਇਨਾਮ ਰਾਸ਼ੀ ਅਤੇ ਉਪ ਜੇਤੂ ਟਰਾਫੀ ਦਿੱਤੀ। ਫ਼ਾਈਨਲ ਮੈਚ ਵਿੱਚ ਪੁਆਧ ਐਕਸਪ੍ਰੈਸ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ 19.2 ਓਵਰਾਂ ਵਿੱਚ 88 ਦੇ ਸਕੋਰ ਉੱਤੇ ਆਲ ਆਊਟ ਹੋ ਗਈ। ਪੁਆਧ ਟੀਮ ਵੱਲੋਂ ਅੰਕਿਤਾ ਪਾਠਕ ਨੇ 22 ਦੌੜਾਂ ਬਣਾਈਆਂ। ਮਾਲਵਾ ਮੇਲ ਵੱਲੋਂ ਅਲੀਸ਼ਾ ਮਹਿਤਾ ਨੇ ਚਾਰ ਵਿਕਟਾਂ ਲਈਆਂ। ਮਾਲਵਾ ਮੇਲ ਨੇ 18 ਓਵਰਾਂ ਵਿੱਚ ਤਿੰਨ ਵਿਕਟਾਂ ਦੇ ਨੁਕਸਾਨ ਉਤੇ 90 ਸਕੋਰ ਬਣਾ ਕੇ ਟੀਚਾ ਪੂਰਾ ਕਰ ਲਿਆ। ਮਾਲਵਾ ਵੱਲੋਂ ਅਵਨੀਤ ਕੌਰ ਸੰਧੂ ਨੇ 34 ਤੇ ਹਰਸਿਮਰਤ ਕੌਰ ਨੇ 28 ਦੌੜਾਂ ਬਣਾਈਆਂ।

ਸਮਾਪਤੀ ਸਮਾਰੋਹ ਮੌਕੇ ਵਿਅਕਤੀਗਤ ਇਨਾਮਾਂ ਦੀ ਵੀ ਵੰਡ ਕੀਤੀ ਗਈ। ਕਨਿਕਾ ਆਹੂਜਾ ਨੇ ਸੱਤ ਮੈਚਾਂ ਵਿੱਚ 287 ਦੌੜਾਂ ਬਣਾਈਆਂ ਅਤੇ ਸਰਵੋਤਮ ਬੱਲੇਬਾਜ਼ ਦਾ ਖਿਤਾਬ ਜਿੱਤਿਆ। ਮੰਨਤ ਕਸ਼ਯਪ ਨੇ ਸੱਤ ਮੈਚਾਂ ਵਿੱਚ 14 ਵਿਕਟਾਂ ਹਾਸਲ ਕੀਤੀਆਂ ਅਤੇ ਸਰਵੋਤਮ ਗੇਂਦਬਾਜ਼ ਦਾ ਖਿਤਾਬ ਜਿੱਤਿਆ। ਅਲਿਸ਼ਾ ਮਹਿਤਾ ਨੂੰ ਪਲੇਅਰ ਆਫ਼ ਦਾ ਫ਼ਾਈਨਲ ਮੈਚ ਐਵਾਰਡ ਦਿੱਤਾ ਗਿਆ।

ਜੇਤੂ ਖਿਡਾਰਨਾਂ ਨੂੰ ਵਧਾਈ ਦਿੰਦਿਆਂ ਸ. ਬਲਤੇਜ ਸਿੰਘ ਪੰਨੂੰ ਨੇ ਕਿਹਾ ਕਿ ਅੱਜ ਕੁੜੀਆਂ ਹਰ ਖੇਤਰ ਵਿੱਚ ਅੱਗੇ ਵਧ ਰਹੀਆਂ ਹਨ। ਖੇਡਾਂ ਵਿੱਚ ਕੁੜੀਆਂ ਨੂੰ ਅੱਗੇ ਵਧਣ ਲਈ ਪੰਜਾਬ ਸਰਕਾਰ ਵੱਲੋਂ ਹੋਰ ਮੌਕੇ ਦਿੱਤੇ ਜਾ ਰਹੇ ਹਨ। ਸ. ਪੰਨੂੰ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਨੂੰ ਇਸ ਟੂਰਨਾਮੈਂਟ ਦੇ ਪ੍ਰਬੰਧਨ ਲਈ ਵਧਾਈ ਦਿੱਤੀ।

ਇਸ ਮੌਕੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਨਾਲ ਜੁੜੇ ਸਾਬਕਾ ਭਾਰਤੀ ਕ੍ਰਿਕਟਰ ਗੁਰਕੀਰਤ ਸਿੰਘ ਮਾਨ, ਬਰਿੰਦਰ ਸਿੰਘ ਸਰਾਂ ਤੇ ਭੁਪਿੰਦਰ ਸਿੰਘ ਜੂਨੀਅਰ ਵੀ ਹਾਜ਼ਰ ਸਨ।

## ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਵੱਲੋਂ ਕੌਮੀ ਖੇਡ ਦਿਵਸ ਮਨਾਇਆ



**ਪਟਿਆਲਾ, 29 ਅਗਸਤ**
**-ਜੀ. ਐਸ. ਤੁੰਗ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਦੇ ਤਾਲਮੇਲ ਨਾਲ, ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਸੀਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਜਸਪਾਲ ਸਿੰਘ ਮੰਡੋਰ ਅਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਸਹਿਯੋਗ ਨਾਲ ਪੋਲੋ ਗਰਾਊਂਡ ਪਟਿਆਲਾ ਵਿਖੇ ਮੇਜਰ ਧਿਆਨ ਚੰਦ ਜੀ ਨੂੰ ਯਾਦ ਕਰਦਿਆਂ ਕੌਮੀ ਖੇਡ ਦਿਵਸ ਮਨਾਇਆ ਤੇ ਖਿਡਾਰੀਆਂ ਨੂੰ ਲੱਡੂ ਵੀ ਵੰਡੇ ਗਏ। ਇਸ ਮੌਕੇ ਤੇ ਪ੍ਰਿੰਸੀਪਲ ਰਾਜ ਕੁਮਾਰ, ਅਮਨਿੰਦਰ ਸਿੰਘ ਬਾਬਾ ਜੋਨ ਸਕੱਤਰ ਪਟਿ-1, ਬਲਵਿੰਦਰ ਸਿੰਘ ਜੱਸਲ ਜੋਨ ਸਕੱਤਰ ਪਟਿ-2, ਸ਼ਸ਼ੀ ਮਾਨ ਜੋਨ ਸਕੱਤਰ ਪਟਿ-3, ਡਾ ਰਜਿੰਦਰ ਸਿੰਘ ਸੈਣੀ ਜੋਨ ਸਕੱਤਰ ਰਾਜਪੁਰਾ, ਗੁਰਪ੍ਰੀਤ ਸਿੰਘ ਟਿਵਾਣਾ ਜੋਨ ਸਕੱਤਰ ਭਾਦਸੋਂ, ਰਾਜ ਕੁਮਾਰ, ਬਲਕਾਰ ਸਿੰਘ ਹਰਜੀਤ ਸਿੰਘ, ਸੰਗੀਤ ਪਾਲ ਸਿੰਘ ਭੁੱਲਰ, ਮੱਖਣ ਸਿੰਘ, ਰਾਕੇਸ਼ ਕੁਮਾਰ, ਗੁਰਮੁਖ ਸਿੰਘ, ਮਨਜਿੰਦਰ ਸਿੰਘ, ਡਾਟਾ ਐਂਟਰੀ ਆਪਰੇਟਰ ਗੁਰਪ੍ਰੀਤ ਸਿੰਘ, ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

## ਸੜਕ ਹਾਦਸਿਆਂ ਨੂੰ ਰੋਕਣ ਲਈ ਸੰਗਰੂਰ ਟਰੈਫਿਕ ਪੁਲਿਸ ਵੱਲੋਂ ਬਰਨਾਲਾ ਰੋਡ 'ਤੇ ਓਵਰ-ਸਪੀਡ ਵਾਹਨਾਂ ਦੇ ਕੱਟੇ ਚਲਾਨ

**ਸੰਗਰੂਰ, 29 ਅਗਸਤ**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੜਕ ਹਾਦਸਿਆਂ ਨੂੰ ਰੋਕਣ, ਆਵਾਜਾਈ ਨੂੰ ਸੁਚਾਰੂ ਬਣਾਉਣ ਅਤੇ ਆਮ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮੰਤਵ ਨਾਲ ਸੰਗਰੂਰ ਟਰੈਫਿਕ ਪੁਲਿਸ ਵੱਲੋਂ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਗਈ। ਟਰੈਫਿਕ ਇੰਚਾਰਜ ਐੱਸ.ਆਈ. ਪਵਨ ਕੁਮਾਰ ਦੀ ਅਗਵਾਈ ਹੇਠ ਬਰਨਾਲਾ ਰੋਡ 'ਤੇ ਸਥਿਤ ਕੁਨਰਾਂ ਪੁਆਇੰਟ ਵਿਖੇ ਵਿਸ਼ੇਸ਼ ਨਾਕੇਬੰਦੀ ਕਰਕੇ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ।

ਇਸ ਵਿਸ਼ੇਸ਼ ਚੈਕਿੰਗ ਅਭਿਆਨ ਦੌਰਾਨ ਪੁਲਿਸ ਟੀਮ ਵੱਲੋਂ ਖ਼ਾਸ ਤੌਰ 'ਤੇ ਤੇਜ਼ ਰਫ਼ਤਾਰ ਨਾਲ ਵਾਹਨ ਚਲਾਉਣ ਵਾਲੇ ਚਾਲਕਾਂ 'ਤੇ ਨਜ਼ਰ ਰੱਖੀ ਗਈ। ਜਾਂਚ ਦੌਰਾਨ ਨਿਰਧਾਰਤ ਗਤੀ ਸੀਮਾ ਤੋਂ ਵੱਧ ਰਫ਼ਤਾਰ ਨਾਲ ਵਾਹਨ ਚਲਾਉਣ ਵਾਲੇ ਕਰੀਬ 30 ਵਾਹਨ ਚਾਲਕਾਂ ਦੇ ਮੌਕੇ 'ਤੇ ਹੀ ਚਲਾਨ ਕੱਟੇ ਗਏ। ਟਰੈਫਿਕ ਪੁਲਿਸ ਵੱਲੋਂ ਵਾਹਨ ਚਾਲਕਾਂ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਸੜਕ 'ਤੇ ਵਾਹਨ ਚਲਾਉਂਦੇ ਸਮੇਂ ਲਾਪਰਵਾਹੀ ਤੋਂ ਬਚਣ ਲਈ ਵੀ ਜਾਗਰੂਕ ਕੀਤਾ ਗਿਆ।



ਟਰੈਫਿਕ ਪੁਲਿਸ ਅਨੁਸਾਰ ਤੇਜ਼ ਰਫ਼ਤਾਰ ਸੜਕ ਹਾਦਸਿਆਂ ਦਾ ਇੱਕ ਪ੍ਰਮੁੱਖ ਕਾਰਨ ਹੈ। ਓਵਰ-ਸਪੀਡਿੰਗ ਕਾਰਨ ਵਾਹਨ 'ਤੇ ਕੰਟਰੋਲ ਘਟਣ ਦੇ ਨਾਲ-ਨਾਲ ਹਾਦਸੇ ਦੀ ਸਥਿਤੀ ਵਿੱਚ ਜਾਨੀ ਨੁਕਸਾਨ ਦਾ ਖ਼ਤਰਾ ਵੀ ਕਾਫ਼ੀ ਵੱਧ ਜਾਂਦਾ ਹੈ। ਇਸ ਲਈ ਵਾਹਨ ਚਾਲਕਾਂ ਨੂੰ ਆਪਣੀ ਮੰਜ਼ਿਲ 'ਤੇ ਜਲਦੀ ਪਹੁੰਚਣ ਨਾਲੋਂ ਆਪਣੀ ਅਤੇ ਸੜਕ 'ਤੇ ਚੱਲ ਰਹੇ ਹੋਰ ਲੋਕਾਂ ਦੀ ਸੁਰੱਖਿਆ ਨੂੰ ਤਰਜੀਹ ਦੇਣੀ ਚਾਹੀਦੀ ਹੈ।

ਇਸ ਮੌਕੇ ਟਰੈਫਿਕ ਇੰਚਾਰਜ ਪਵਨ ਕੁਮਾਰ ਨੇ ਕਿਹਾ ਕਿ ਟਰੈਫਿਕ ਨਿਯਮ ਲੋਕਾਂ ਦੀ ਸਹੂਲਤ ਅਤੇ ਸੁਰੱਖਿਆ ਲਈ ਬਣਾਏ ਗਏ ਹਨ ਅਤੇ ਇਨ੍ਹਾਂ ਦੀ ਪਾਲਣਾ ਕਰਨਾ ਹਰ ਵਾਹਨ ਚਾਲਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਤੇਜ਼ ਰਫ਼ਤਾਰ ਨਾਲ ਵਾਹਨ ਚਲਾਉਣਾ ਨਾ ਸਿਰਫ਼ ਚਾਲਕ ਲਈ, ਸਗੋਂ ਹੋਰ ਲੋਕਾਂ ਲਈ ਵੀ ਗੰਭੀਰ ਖ਼ਤਰਾ ਪੈਦਾ ਕਰ ਸਕਦਾ ਹੈ।

## ਵਿਸ਼ੇਸ ਸਦਭਾਵਨਾ ਯਾਤਰਾ ਦਾ ਆਯੋਜਨ ਸ਼ੁਰੂ; 3 ਸਤੰਬਰ ਨੂੰ ਪੁੱਜੇਗੀ ਯਾਤਰਾ ਹਜੂਰ ਸਾਹਿਬ

**ਪਟਿਆਲਾ, 29 ਅਗਸਤ**
**-ਬਲਜੀਤ ਸਰਨਾ-**

ਦਸ਼ਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਧੋ ਦਾਸ ਬੈਰਾਗੀ (ਬਾਬਾ ਬੰਦਾ ਸਿੰਘ ਬਹਾਦਰ )ਵਿਚਕਾਰ 3 ਸਤੰਬਰ 1708 ਨੂੰ ਹੋਏ ਇਤਿਹਾਸਿਕ ਮਿਲਾਪ ਦੇ 318 ਵੇਂ ਦਿਹਾੜੇ ਦੇ ਮੌਕੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਇੱਕ ਵਿਸ਼ੇਸ਼ ਸਦਭਾਵਨਾ ਯਾਤਰਾ ਦਾ ਆਯੋਜਨ ਕੀਤਾ ਗਿਆ ਹੈ ਜੋ ਕਿ 30 ਅਗਸਤ ਨੂੰ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਵਾ (ਜਿਲਾ ਲੁਧਿਆਣਾ) ਤੋਂ ਸੰਤਾਂ ਮਹਾਂਪੁਰਸ਼ਾਂ ਵੱਲੋਂ ਰਵਾਨਾ ਕੀਤੀ ਜਾਏਗੀ ਅਤੇ ਇਸ ਮਗਰੋਂ ਪਟਿਆਲੇ ਜਿਲੇ ਵਿੱਚ ਦੀ ਹੁੰਦੇ ਹੋਏ ਇਹ ਯਾਤਰਾ 3 ਸਤੰਬਰ ਨੂੰ ਸ੍ਰੀ ਹਜੂਰ ਸਾਹਿਬ ਵਿਖੇ ਪੁੱਜੇਗੀ ਜਿੱਥੇ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾ ਕੇ ਬੰਦਾ ਘਾਟ ਗੁਰਦੁਆਰਾ ਸਾਹਿਬ ਵਿਖੇ ਦੀਵਾਨ ਸਜਾਏ ਜਾਣਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੰਤਰਰਾਸ਼ਟਰੀ ਮਾਮਲਿਆਂ ਦੇ ਮਾਹਿਰ, ਇਤਿਹਾਸਕਾਰ, ਵਿਸ਼ਵ ਚਿੰਤਕ ਅਵਾਰਡੀ ਅਤੇ ਰੰਗਮੰਚੀ ਕਲਾਕਾਰਾਂ ਅਤੇ ਸਾਹਿਤਕਾਰਾਂ ਦੇ ਮਸੀਹਾ ਵਜੋਂ ਜਾਣੇ ਜਾਂਦੇ ਡਾਕਟਰ ਸਵਰਾਜ ਸਿੰਘ ਨੇ ਇਸ ਯਾਤਰਾ ਸਬੰਧੀ ਜਿਕਰ ਕਰਦੇ ਹੋਏ ਕਿਹਾ ਕਿ ਉਹ ਖੁਦ ਵੀ ਇਸ ਯਾਤਰਾ ਦੀ ਅਗਵਾਈ ਕਰਨਗੇ ਅਤੇ ਇਹ ਯਾਤਰਾ ਹਜੂਰ ਸਾਹਿਬ ਨੂੰ ਜਾਂਦੇ ਹੋਏ ਰਸਤੇ ਵਿੱਚ ਪੈਂਦੇ ਇਤਿਹਾਸਿਕ ਸਥਾਨਾਂ ਤੇ ਵੱਖ ਵੱਖ ਪੜਾਵਾਂ ਵਿੱਚ ਰੁਕੇਗੀ ਅਤੇ ਇਸ ਮਗਰੋਂ ਇਹ ਯਾਤਰਾ 7 ਸਤੰਬਰ ਨੂੰ ਲੁਧਿਆਣੇ ਵਿਖੇ ਵਾਪਸ ਪੁੱਜੇਗੀ।

ਉਹਨਾਂ ਕਿਹਾ ਕਿ ਸੰਸਾਰ ਦੇ ਇਤਿਹਾਸ ਵਿੱਚ ਇਹ ਇੱਕ ਬਹੁਤ ਹੀ ਮਹੱਤਵਪੂਰਨ ਘਟਨਾ ਹੈ ਜਿੱਥੇ ਗੋਦਾਵਰੀ ਨਦੀ ਦੇ ਕੰਡੇ ਨਾਦੇੜ (ਹਜੂਰ ਸਾਹਿਬ) ਵਿਚ ਹੋਏ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਬਾਬਾ ਬੰਦਾ ਸਿੰਘ ਬਹਾਦਰ ਦਾ ਮਿਲਾਪ ਸੰਸਾਰ ਦਾ ਪਹਿਲਾ ਸਫਲ ਕਿਸਾਨੀ ਇਨਕਲਾਬ ਦਾ ਆਧਾਰ ਬਣਿਆ। ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਰਾਜ ਦੇ ਸੰਕਲਪ ਦੇ ਅਧਾਰਿਤ ਪਹਿਲਾ ਖਾਲਸਾ ਰਾਜ ਸਥਾਪਿਤ ਹੋਇਆ। ਇਹ ਰਾਜ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਤੇ ਜਿਸ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਮਲੀ ਜਾਮਾ ਪਹਿਨਾਇਆ ਅਤੇ ਬਾਬਾ ਬੰਦਾ ਸਿੰਘ ਬਹਾਦਰ ਨੇ ਇਸ ਦੇ ਸਮਾਜਿਕ ਤੇ ਰਾਜਨੀਤਿਕ ਵਿਵਸਥਾ ਨੂੰ ਲਾਗੂ ਕਰਦੇ ਹੋਏ ਸਥਾਪਿਤ ਕੀਤਾ। ਇਸ ਰਾਜ ਦੇ ਸਿਧਾਂਤ ਸਾਰਿਆਂ ਦੀ ਚਿੰਤਾ (ਯੂਨੀਵਰਸਲ ਕਨਸਰਨ) ਅਤੇ ਸਰਬਤ ਦਾ ਭਲਾ (ਯੂਨੀਵਰਸਲ ਵੈਲਫੇਅਰ) ਸਨ।



## ਸੰਪਾਦਕੀ

### ਨੇਪਾਲ ਤ੍ਰਾਸਦੀ, ਕੁਦਰਤੀ ਜਾਂ ਰਣਨੀਤੀ ?

ਇੱਕ ਹਿਮਾਲਿਆਈ ਤ੍ਰਾਸਦੀ, ਜਿਸ ਬਾਰੇ ਉਪਲਬਧ ਦਾਅਵਿਆਂ ਦੀ ਭਰੋਸੇਯੋਗਤਾ ਦੀ ਜਾਂਚ ਲਾਜ਼ਮੀ ਹੈ ਇਸ ਲੇਖ ਵਿੱਚ ਦਰਸਾਈ ਘਟਨਾ 26 ਅਗਸਤ 2026 ਦੀ ਹੈ। ਮੌਜੂਦਾ ਤਾਰੀਖ ਦੇ ਮੁਕਾਬਲੇ ਇਹ ਭਵਿੱਖ ਦੀ ਤਾਰੀਖ ਹੈ। ਇਸ ਲਈ 26-28 ਅਗਸਤ 2026 ਦੀ ਘਟਨਾ, ਮੌਤਾਂ, ਲਾਪਤਾ ਲੋਕਾਂ, ਬਚਾਅ ਕਾਰਜ ਰੁਕਣ ਜਾਂ ਕਿਸੇ ਨਵੀਂ ਝੀਲ ਬਣਨ ਬਾਰੇ ਦਾਅਵਿਆਂ ਨੂੰ ਇਸ ਵੇਲੇ ਸੁਤੰਤਰ ਅਤੇ ਭਰੋਸੇਯੋਗ ਤੌਰ 'ਤੇ ਪ੍ਰਮਾਣਿਤ ਨਹੀਂ ਕੀਤਾ ਜਾ ਸਕਦਾ। ਇਸ ਪੜਚੋਲ ਵਿੱਚ ਦਰਜ ਅੰਕੜਿਆਂ ਅਤੇ ਘਟਨਾਕ੍ਰਮ ਨੂੰ ਅਪ੍ਰਮਾਣਿਤ ਜਾਂ ਭਵਿੱਖ-ਤਾਰੀਖ ਵਾਲੀ ਜਾਣਕਾਰੀ ਸਮਝਿਆ ਜਾਣਾ ਚਾਹੀਦਾ ਹੈ, ਨਾ ਕਿ ਪੁਸ਼ਟੀਸ਼ੁਦਾ ਤੱਥ। 26 ਅਗਸਤ 2026 ਨੂੰ ਨੇਪਾਲ-ਤਿੱਬਤ ਸਰਹੱਦ ਨੇੜੇ ਭਿਆਨਕ ਅਚਾਨਕ ਹੜ੍ਹ ਆਉਣ ਦਾ ਦਾਅਵਾ ਕੀਤਾ ਗਿਆ ਹੈ। ਕਿਹਾ ਗਿਆ ਹੈ ਕਿ ਬਰਫ਼ ਅਤੇ ਚੱਟਾਨਾਂ ਦੇ ਵੱਡੇ ਟੁਕੜੇ ਟੁੱਟ ਕੇ ਹੇਠਾਂ ਡਿੱਗੇ, ਜਿਸ ਨਾਲ ਪਾਣੀ, ਮਲਬੇ ਅਤੇ ਚਿੱਕੜ ਦੀ ਵਿਨਾਸ਼ਕਾਰੀ ਲਹਿਰ ਬਣੀ। ਇਹ ਵੀ ਦਾਅਵਾ ਹੈ ਕਿ ਰਾਸੂਵਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪੁਲਾਂ, ਸੜਕਾਂ, ਬਿਜਲੀ ਢਾਂਚੇ ਅਤੇ ਬਸਤੀਆਂ ਨੂੰ ਨੁਕਸਾਨ ਪਹੁੰਚਿਆ। ਪਰ ਇਸ ਘਟਨਾ ਦੀ ਪੁਸ਼ਟੀ ਲਈ ਕੋਈ ਸਿੱਧਾ ਸਰਕਾਰੀ ਬਿਆਨ, ਨੇਪਾਲੀ ਆਫ਼ਤ ਪ੍ਰਬੰਧਨ ਅਥਾਰਟੀ ਦੀ ਰਿਪੋਰਟ, ਸਥਾਨਕ ਪ੍ਰਸ਼ਾਸਨ ਦਾ ਰਿਕਾਰਡ ਜਾਂ ਪ੍ਰਮਾਣਿਤ ਮੈਦਾਨੀ ਰਿਪੋਰਟ ਪੇਸ਼ ਨਹੀਂ ਕੀਤੀ ਗਈ। ਇਸ ਲਈ ਘਟਨਾ ਦਾ ਵੇਰਵਾ ਇਸ ਸਮੇਂ ਅਪ੍ਰਮਾਣਿਤ ਹੈ। 28 ਅਗਸਤ ਤੱਕ ਵੱਖ-ਵੱਖ ਰਿਪੋਰਟਾਂ ਨੇ ਮੌਤਾਂ ਦੀ ਗਿਣਤੀ ਲਗਭਗ 580 ਅਤੇ ਲਾਪਤਾ ਲੋਕਾਂ ਦੀ ਗਿਣਤੀ ਕਰੀਬ 2,500 ਦੱਸੀ। ਇਹ ਦੋਵੇਂ ਅੰਕੜੇ ਬਹੁਤ ਵੱਡੇ ਹਨ ਅਤੇ ਇਨ੍ਹਾਂ ਦੀ ਪੁਸ਼ਟੀ ਲਈ ਸਪਸ਼ਟ ਸਰੋਤ, ਰਿਪੋਰਟ ਦਾ ਸਿਰਲੇਖ, ਪ੍ਰਕਾਸ਼ਨ ਸਮਾਂ ਅਤੇ ਅਧਿਕਾਰਤ ਅੰਕੜਾ ਲੋੜੀਂਦਾ ਹੈ। ਕਿਉਂਕਿ 28 ਅਗਸਤ 2026 ਵੀ ਭਵਿੱਖ ਦੀ ਤਾਰੀਖ ਹੈ, ਇਸ ਲਈ ਇਹ ਅੰਕੜੇ ਇਸ ਵੇਲੇ ਪ੍ਰਮਾਣਿਤ ਨਹੀਂ ਮੰਨੇ ਜਾ ਸਕਦੇ। ਆਫ਼ਤਾਂ ਦੌਰਾਨ ਮੌਤਾਂ ਅਤੇ ਲਾਪਤਾ ਲੋਕਾਂ ਦੀ ਗਿਣਤੀ ਸ਼ੁਰੂਆਤੀ ਰਿਪੋਰਟਾਂ ਵਿੱਚ ਅਕਸਰ ਬਦਲਦੀ ਰਹਿੰਦੀ ਹੈ। ਇਸ ਲਈ 580 ਮੌਤਾਂ ਅਤੇ 2,500 ਲਾਪਤਾ ਨੂੰ ਤੱਥ ਵਜੋਂ ਲਿਖਣਾ ਭਰੋਸੇਯੋਗ ਨਹੀਂ ਹੋਵੇਗਾ, ਜਦ ਤੱਕ ਨੇਪਾਲ ਸਰਕਾਰ ਜਾਂ ਕਿਸੇ ਮੰਨੀ ਹੋਈ ਅੰਤਰਰਾਸ਼ਟਰੀ ਆਫ਼ਤ-ਨਿਗਰਾਨੀ ਸੰਸਥਾ ਵੱਲੋਂ ਇਹ ਅੰਕੜੇ ਅਪ੍ਰਮਾਣਿਕ ਹਨ। ਪ੍ਰਾਪਤ ਜਾਣਕਾਰੀ ਤਹਿਤ ਹਿਮਨਦੀ, ਬਰਫ਼ ਜਾਂ ਚੱਟਾਨ ਧਸਣ ਤੋਂ ਬਾਅਦ ਅਚਾਨਕ ਹੜ੍ਹ ਆਉਣ ਦੀ ਗੱਲ ਕੀਤੀ ਗਈ ਹੈ। ਇਹ ਇੱਕ ਵਿਗਿਆਨਕ ਤੌਰ 'ਤੇ ਸੰਭਵ ਘਟਨਾਕ੍ਰਮ ਹੈ, ਕਿਉਂਕਿ ਹਿਮਾਲਿਆਈ ਖੇਤਰ ਵਿੱਚ ਭੂ-ਖਿਸਕਣ, ਹਿਮਨਦੀ ਝੀਲਾਂ ਦੇ ਫਟਣ ਅਤੇ ਮਲਬਾ-ਭਰੀਆਂ ਹੜ੍ਹਾਂ ਦਾ ਜੋਖ਼ਮ ਮੌਜੂਦ ਹੈ। ਵਿਸ਼ਵ ਬੈਂਕ ਅਤੇ ਹੋਰ ਵਿਗਿਆਨਕ ਸੰਸਥਾਵਾਂ ਨੇ ਨੇਪਾਲ ਵਿੱਚ ਹੜ੍ਹਾਂ, ਭੂ-ਖਿਸਕਣਾਂ ਅਤੇ ਹਿਮਨਦੀ ਝੀਲਾਂ ਨਾਲ ਜੁੜੇ ਖ਼ਤਰਿਆਂ ਬਾਰੇ ਪਹਿਲਾਂ ਚੇਤਾਵਨੀਆਂ ਦਿੱਤੀਆਂ ਹਨ। ਪਰ ਇਹ ਆਮ ਪਿਛੋਕੜੀ ਜਾਣਕਾਰੀ 26 ਅਗਸਤ 2026 ਦੀ ਖਾਸ ਘਟਨਾ ਦਾ ਕਾਰਨ ਸਾਬਤ ਨਹੀਂ ਕਰਦੀ। ਕਿਸੇ ਖਾਸ ਹੜ੍ਹ ਦਾ ਕਾਰਨ ਨਿਰਧਾਰਤ ਕਰਨ ਲਈ ਭੂ-ਵਿਗਿਆਨਕ ਸਰਵੇਖਣ, ਉਪਗ੍ਰਹਿ ਚਿੱਤਰ, ਮੌਸਮੀ ਅੰਕੜੇ ਅਤੇ ਮੈਦਾਨੀ ਜਾਂਚ ਲੋੜੀਂਦੀ ਹੁੰਦੀ ਹੈ। ਇਸੇ ਤਰ੍ਹਾਂ, ਨੇਪਾਲ ਵਿੱਚ 2,000 ਤੋਂ ਵੱਧ ਹਿਮਨਦੀ ਝੀਲਾਂ ਹੋਣ ਦਾ ਦਾਅਵਾ ਇੱਕ ਵਿਆਪਕ ਅੰਕੜਾ ਹੈ, ਪਰ ਇਹ ਵੀ ਇਸ ਖਾਸ ਘਟਨਾ ਦੀ ਪੁਸ਼ਟੀ ਨਹੀਂ ਕਰਦਾ। ਪ੍ਰਾਪਤ ਜਾਣਕਾਰੀ ਤਹਿਤ ਕਿਹਾ ਗਿਆ ਹੈ ਕਿ ਮਲਬੇ ਨਾਲ ਇੱਕ ਨਵੀਂ ਝੀਲ ਬਣੀ ਅਤੇ ਉਸ ਦਾ ਕੁਦਰਤੀ ਬੰਨ੍ਹ ਟੁੱਟਣ ਨਾਲ ਦੂਜੀ ਹੜ੍ਹ ਲਹਿਰ ਦਾ ਖ਼ਤਰਾ ਪੈਦਾ ਹੋਇਆ। ਇਹ ਵੀ ਦਾਅਵਾ ਹੈ ਕਿ 28 ਅਗਸਤ ਨੂੰ ਇਸ ਖ਼ਤਰੇ ਕਾਰਨ ਬਚਾਅ ਕਾਰਜ ਰੋਕੇ ਗਏ। ਇਹ ਦੋਵੇਂ ਦਾਅਵੇ ਇਸ ਵੇਲੇ ਅਪ੍ਰਮਾਣਿਤ ਹਨ। ਇਨ੍ਹਾਂ ਦੀ ਪੁਸ਼ਟੀ ਲਈ ਸਥਾਨਕ ਪ੍ਰਸ਼ਾਸਨ, ਨੇਪਾਲੀ ਸੁਰੱਖਿਆ ਬਲਾਂ, ਆਫ਼ਤ ਪ੍ਰਬੰਧਨ ਏਜੰਸੀਆਂ ਜਾਂ ਭਰੋਸੇਯੋਗ ਮੈਦਾਨੀ ਪੱਤਰਕਾਰਾਂ ਦੀਆਂ ਰਿਪੋਰਟਾਂ ਲੋੜੀਂਦੀਆਂ ਹਨ। ਭਵਿੱਖ ਦੀ ਤਾਰੀਖ ਨਾਲ ਜੁੜੀ ਜਾਣਕਾਰੀ ਨੂੰ ਵਰਤਮਾਨ ਤੱਥ ਵਜੋਂ ਪੇਸ਼ ਨਹੀਂ ਕੀਤਾ ਜਾ ਸਕਦਾ। ਅੱਜ ਦੀ ਖ਼ਬਰ ਅਨੁਸਾਰ ਨੇਪਾਲ ਨੇ ਸਪੱਸ਼ਟ ਕੀਤਾ ਹੈ ਕਿ ਓਹਨਾ ਦੇ ਫੌਜੀ ਇਸ ਤ੍ਰਾਸਦੀ ਨਾਲ ਨਿੱਬੜਨ ਲਈ ਸਕਸ਼ਮ ਹਨ। ਸੋਸ਼ਲ ਮੀਡੀਆ 'ਤੇ ਹੜ੍ਹ ਨੂੰ ਹਮਲੇ, ਬੰਨ੍ਹ ਦੀ ਤਬਾਹੀ ਜਾਂ ਜੰਗੀ ਰਣਨੀਤੀ ਨਾਲ ਜੋੜਨ ਵਾਲੇ ਦਾਅਵਿਆਂ ਦਾ ਜ਼ਿਕਰ ਕੀਤਾ ਗਿਆ ਹੈ। ਲੇਕਿਨ ਨਾ ਤਾਂ ਇਨ੍ਹਾਂ ਦਾਅਵਿਆਂ ਦੇ ਮੂਲ ਸਰੋਤ ਦਿੱਤੇ ਗਏ ਹਨ ਅਤੇ ਨਾ ਹੀ ਵੀਡੀਓ ਦੀ ਤੱਥ-ਜਾਂਚ ਦਾ ਪੂਰਾ ਹਵਾਲਾ। ਇਸ ਲਈ ਇਹ ਕਹਿਣਾ ਉਚਿਤ ਹੈ ਕਿ ਹਮਲੇ ਜਾਂ ਸੈਨਿਕ ਸਾਜ਼ਿਸ਼ ਵਾਲੇ ਦਾਅਵਿਆਂ ਲਈ ਕੋਈ ਭਰੋਸੇਯੋਗ ਸਬੂਤ ਇੱਥੇ ਪੇਸ਼ ਨਹੀਂ ਕੀਤਾ ਗਿਆ। ਪਰ ਇਹ ਵੀ ਸਪਸ਼ਟ ਰਹੇ ਕਿ ਕਿਸੇ ਦਾਅਵੇ ਨੂੰ ਝੂਠਾ ਸਾਬਤ ਕਰਨ ਲਈ ਵੀ ਮੂਲ ਵੀਡੀਓ, ਉਸ ਦੀ ਤਾਰੀਖ, ਸਥਾਨ ਅਤੇ ਤੱਥ-ਜਾਂਚ ਰਿਪੋਰਟ ਦੀ ਜਾਂਚ ਲੋੜੀਂਦੀ ਹੈ। ਬਿਨਾਂ ਅਜਿਹੇ ਸਬੂਤਾਂ ਦੇ ਵੀਡੀਓ ਕਈ ਮਹੀਨੇ ਪੁਰਾਣੀ ਸੀ ਵਾਲਾ ਦਾਅਵਾ ਵੀ ਪੂਰੀ ਤਰ੍ਹਾਂ ਪ੍ਰਮਾਣਿਤ ਨਹੀਂ ਮੰਨਿਆ ਜਾ ਸਕਦਾ। ਨੇਪਾਲ-ਤਿੱਬਤ ਸਰਹੱਦ, ਵਪਾਰਕ ਮਾਰਗ, ਹਾਈਡ੍ਰੋਪਾਵਰ ਪ੍ਰਾਜੈਕਟ ਅਤੇ ਭਾਰਤ ਵੱਲ ਵਹਿਣ ਵਾਲੀਆਂ ਨਦੀਆਂ ਨਿਸ਼ਚਿਤ ਤੌਰ 'ਤੇ ਰਣਨੀਤਕ ਮਹੱਤਵ ਰੱਖਦੇ ਹਨ। ਪਰ ਕਿਸੇ ਖੇਤਰ ਦਾ ਰਣਨੀਤਕ ਮਹੱਤਵ ਆਪਣੇ ਆਪ ਵਿੱਚ ਇਹ ਸਾਬਤ ਨਹੀਂ ਕਰਦਾ ਕਿ ਉੱਥੇ ਆਈ ਕੁਦਰਤੀ ਆਫ਼ਤ ਕਿਸੇ ਰਾਜ ਜਾਂ ਸੈਨਿਕ ਤਾਕਤ ਨੇ ਜਾਣਬੁੱਝ ਕੇ ਕਰਵਾਈ। ਇਸ ਲਈ ਇਸ ਘਟਨਾ ਦੇ ਭੂ-ਰਾਜਨੀਤਿਕ ਪ੍ਰਭਾਵਾਂ ਬਾਰੇ ਚਰਚਾ ਕੀਤੀ ਜਾ ਸਕਦੀ ਹੈ, ਪਰ ਉਨ੍ਹਾਂ ਨੂੰ ਘਟਨਾ ਦੇ ਕਾਰਨ ਵਜੋਂ ਪੇਸ਼ ਕਰਨਾ ਇਸ ਵੇਲੇ ਅਨੁਮਾਨ ਹੀ ਹੈ। ਜਲਵਾਯੂ ਪਰਿਵਰਤਨ ਹਿਮਨਦੀਆਂ ਦੇ ਪਿਘਲਣ, ਅਤਿ-ਵਰਖਾ ਅਤੇ ਹਿਮਨਦੀ ਝੀਲਾਂ ਦੇ ਜੋਖ਼ਮ ਨੂੰ ਪ੍ਰਭਾਵਿਤ ਕਰ ਸਕਦਾ ਹੈ। ਵਿਸ਼ਵ ਬੈਂਕ ਅਤੇ ਵਿਗਿਆਨਕ ਅਧਿਐਨ ਇਸ ਵਿਆਪਕ ਜੋਖ਼ਮ ਬਾਰੇ ਚੇਤਾਵਨੀ ਦਿੰਦੇ ਹਨ। ਪਰ ਕਿਸੇ ਇੱਕ ਖਾਸ ਘਟਨਾ ਨੂੰ ਸਿੱਧੇ ਤੌਰ 'ਤੇ ਜਲਵਾਯੂ ਪਰਿਵਰਤਨ ਦਾ ਨਤੀਜਾ ਕਹਿਣ ਲਈ ਘਟਨਾ-ਵਿਸ਼ੇਸ਼ ਵਿਗਿਆਨਕ ਵਿਸ਼ਲੇਸ਼ਣ ਲੋੜੀਂਦਾ ਹੈ। ਇਸ ਲਈ ਇੱਥੇ ਇਹ ਕਹਿਣਾ ਠੀਕ ਹੋਵੇਗਾ ਕਿ ਜਲਵਾਯੂ ਪਰਿਵਰਤਨ ਨੇ ਅਜਿਹੇ ਖ਼ਤਰਿਆਂ ਦੀ ਸੰਭਾਵਨਾ ਜਾਂ ਤੀਬਰਤਾ ਵਧਾਈ ਹੋ ਸਕਦੀ ਹੈ—ਪਰ 26 ਅਗਸਤ 2026 ਦੀ ਘਟਨਾ ਨਾਲ ਇਸ ਦਾ ਸਿੱਧਾ ਕਾਰਣਾਤਮਕ ਸੰਬੰਧ ਹਾਲੇ ਪ੍ਰਮਾਣਿਤ ਨਹੀਂ ਹੈ। 26 ਅਗਸਤ 2026 ਦੀ ਨੇਪਾਲ ਹੜ੍ਹ, 580 ਮੌਤਾਂ, 2,500 ਲਾਪਤਾ ਲੋਕਾਂ, ਨਵੀਂ ਝੀਲ, ਬਚਾਅ ਕਾਰਜ ਰੁਕਣ ਅਤੇ ਘਟਨਾ ਦੇ ਵਿਸਥਾਰ ਬਾਰੇ ਦਾਅਵੇ ਇਸ ਵੇਲੇ ਭਵਿੱਖ-ਤਾਰੀਖ ਵਾਲੇ ਅਤੇ ਅਪ੍ਰਮਾਣਿਤ ਹਨ। ਉਪਲਬਧ ਸੂਚਨਾ ਵਿੱਚ ਦਿੱਤੇ ਸਰੋਤਾਂ ਦੀ ਸੁਤੰਤਰ ਜਾਂਚ ਤੋਂ ਬਿਨਾਂ ਇਨ੍ਹਾਂ ਨੂੰ ਪੁਸ਼ਟੀਸ਼ੁਦਾ ਖ਼ਬਰ ਨਹੀਂ ਮੰਨਿਆ ਜਾ ਸਕਦਾ।

ਇਸੇ ਤਰ੍ਹਾਂ, ਹੜ੍ਹ ਨੂੰ ਸਾਜ਼ਿਸ਼ ਜਾਂ ਸੈਨਿਕ ਕਾਰਵਾਈ ਕਹਿਣ ਲਈ ਵੀ ਕੋਈ ਭਰੋਸੇਯੋਗ ਸਬੂਤ ਪੇਸ਼ ਨਹੀਂ ਕੀਤਾ ਗਿਆ। ਕੁਦਰਤੀ ਆਫ਼ਤ ਦੀ ਸੰਭਾਵਨਾ ਵਿਗਿਆਨਕ ਤੌਰ 'ਤੇ ਸੱਚਾਈ ਹੈ, ਪਰ ਇਸ ਖਾਸ ਘਟਨਾ ਬਾਰੇ ਅੰਤਿਮ ਨਤੀਜਾ ਸਿਰਫ਼ ਅਧਿਕਾਰਤ ਅਤੇ ਵਿਗਿਆਨਕ ਜਾਂਚ ਤੋਂ ਬਾਅਦ ਹੀ ਕੱਢਿਆ ਜਾ ਸਕਦਾ ਹੈ। ਇਸ ਲਈ ਇਸ ਵੇਲੇ ਇਕ ਜ਼ਿੰਮੇਵਾਰ ਪੱਤਰਕਾਰ ਵਜੋਂ ਮੈਂ ਦਾਅਵਿਆਂ ਨੂੰ ਤੱਥਾਂ ਸਾਹਿਤ ਜਾਂਚ ਦੀ ਉਡੀਕ ਕਰ ਰਹੀ ਜਾਣਕਾਰੀ ਵਜੋਂ ਪੇਸ਼ ਕੀਤਾ ਹੈ।

-ਛੱਤਰਪਾਲ ਸਿੰਘ

# ਸਸਤਾ ਬਦਲ ਨਹੀਂ ਸਿਹਤ ਦਾ ਸਵਾਲ ? ਸਰਕਾਰ ਨੇ ਲਗਾਈ ਪਾਬੰਦੀ ਇਕ ਸਾਲ ?



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਦੁੱਧ ਦੀ ਥਾਂ ਬਨਸਪਤੀ ਚਰਬੀ ਨਾਲ ਬਣੇ ਪਨੀਰ-ਨੁਮਾ ਉਤਪਾਦ ਦੀ ਤਿਆਰੀ, ਭੰਡਾਰਨ, ਢੋਆ-ਢੁਆਈ ਅਤੇ ਵਿਕਰੀ 'ਤੇ ਰੋਕ ਪੰਜਾਬ ਸਰਕਾਰ ਨੇ ਖਪਤਕਾਰਾਂ ਦੇ ਹਿੱਤਾਂ ਅਤੇ ਖੁਰਾਕੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਐਨਾਲੌਗ ਜਾਂ ਗੈਰ-ਡੇਅਰੀ ਪਨੀਰ ਦੀ ਤਿਆਰੀ, ਪ੍ਰਕਿਰਿਆਕਰਨ, ਪੈਕਿੰਗ, ਭੰਡਾਰਨ, ਢੋਆ-ਢੁਆਈ, ਵੰਡ ਅਤੇ ਵਿਕਰੀ 'ਤੇ ਇੱਕ ਸਾਲ ਲਈ ਪਾਬੰਦੀ ਲਗਾ ਦਿੱਤੀ ਹੈ।

ਪੰਜਾਬ ਦੇ ਖੁਰਾਕ ਅਤੇ ਦਵਾਈ ਪ੍ਰਸ਼ਾਸਨ ਵੱਲੋਂ ਜਾਰੀ ਹੁਕਮ ਤਹਿਤ ਅਜਿਹੇ ਪਨੀਰ-ਨੁਮਾ ਉਤਪਾਦਾਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ, ਜਿਨ੍ਹਾਂ ਵਿੱਚ ਦੁੱਧ ਜਾਂ ਦੁੱਧ ਦੀ ਚਰਬੀ ਦੀ ਥਾਂ ਬਨਸਪਤੀ ਤੇਲ ਜਾਂ ਹੋਰ ਗੈਰ-ਡੇਅਰੀ ਸਮੱਗਰੀ ਦੀ ਵਰਤੋਂ ਕੀਤੀ ਜਾਂਦੀ ਹੈ ਅਤੇ ਜਿਨ੍ਹਾਂ ਨੂੰ ਅਸਲੀ ਪਨੀਰ ਵਜੋਂ ਵੇਚ ਕੇ ਖਪਤਕਾਰਾਂ ਨੂੰ ਗੁੰਮਰਾਹ ਕੀਤਾ ਜਾਂਦਾ ਹੈ।

ਪੰਜਾਬ ਦੇ ਖੁਰਾਕ ਸੁਰੱਖਿਆ ਕਮਿਸ਼ਨਰ ਵੱਲੋਂ 20 ਅਗਸਤ 2026 ਨੂੰ ਪਾਬੰਦੀ ਸਬੰਧੀ ਹੁਕਮ ਜਾਰੀ ਕੀਤਾ ਗਿਆ। ਇਹ ਕਾਰਵਾਈ ਖੁਰਾਕ ਸੁਰੱਖਿਆ ਅਤੇ ਮਿਆਰ ਕਾਨੂੰਨ, 2006 ਦੀ ਧਾਰਾ 30(2)(ੲ) ਤਹਿਤ ਕੀਤੀ ਗਈ ਹੈ।

ਇਸ ਕਾਨੂੰਨੀ ਧਾਰਾ ਅਧੀਨ ਖੁਰਾਕ ਸੁਰੱਖਿਆ ਕਮਿਸ਼ਨਰ ਜਨਤਕ ਸਿਹਤ ਦੇ ਹਿੱਤ ਵਿੱਚ ਕਿਸੇ ਖਾਧ ਪਦਾਰਥ ਦੀ ਤਿਆਰੀ, ਭੰਡਾਰਨ, ਵੰਡ ਜਾਂ ਵਿਕਰੀ 'ਤੇ ਵੱਧ ਤੋਂ ਵੱਧ ਇੱਕ ਸਾਲ ਲਈ ਪਾਬੰਦੀ ਲਗਾ ਸਕਦਾ ਹੈ।

25 ਅਗਸਤ ਨੂੰ ਜਾਰੀ ਕੀਤੇ ਗਏ ਪਾਲਣਾ ਪੱਤਰ ਰਾਹੀਂ ਸੂਬੇ ਦੇ ਸਬੰਧਤ ਅਧਿਕਾਰੀਆਂ ਅਤੇ ਖੁਰਾਕ ਸੁਰੱਖਿਆ ਅਧਿਕਾਰੀਆਂ ਨੂੰ ਇਸ ਹੁਕਮ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਐਨਾਲਾਗ ਪਨੀਰ ਅਸਲ ਦੁੱਧ ਤੋਂ ਬਣੇ ਪਨੀਰ ਤੋਂ ਵੱਖਰਾ ਉਤਪਾਦ ਹੈ। ਇਸ ਵਿੱਚ ਦੁੱਧ ਦੀ ਚਰਬੀ ਨੂੰ ਅੰਸ਼ਕ ਜਾਂ ਪੂਰੀ ਤਰ੍ਹਾਂ ਖਾਣਯੋਗ ਬਨਸਪਤੀ ਚਰਬੀ/ਤੇਲ, ਨਾਲ ਹੀ ਪਾਣੀ, ਸਟਾਰਚ ਜਾਂ ਹੋਰ ਗਾੜ੍ਹੇ ਕਰਨ ਵਾਲੇ ਪਦਾਰਥ, ਨਮਕ, ਸੁਆਦ ਅਤੇ ਬਣਤਰ ਕਾਇਮ ਰੱਖਣ ਵਾਲੇ ਤੱਤ ਵਰਤੇ ਜਾ ਜਾਂਦੇ ਹਨ। ਭਾਰਤੀ ਖੁਰਾਕ ਸੁਰੱਖਿਆ ਅਥਾਰਟੀ ਅਨੁਸਾਰ ਐਨਾਲਾਗ ਉਤਪਾਦਾਂ ਉੱਤੇ ਲੇਬਲ 'ਤੇ ਐਨਾਲਾਗ ਦਰਸਾਉਣਾ ਲਾਜ਼ਮੀ ਹੈ।

ਸਭ ਤੋਂ ਵੱਡੀ ਚਿੰਤਾ ਚਰਬੀ ਦੀ ਗੁਣਵੱਤਾ ਹੈ। ਜੇ ਉਤਪਾਦ ਵਿੱਚ ਸੰਤ੍ਰਿਪਤ )ਵੱਧ ਕਾਰਬਨ ਲੜੀ ਹਾਈਡ੍ਰੋਜਨ) ਚਰਬੀ ਜਾਂ ਉਦਯੋਗਿਕ ਟ੍ਰਾਂਸ-ਚਰਬੀ (ਬਹੁਤ ਮਾੜਾ ਕੈਲੇਸਟ੍ਰੋਲ)ਵੱਧ ਹੁੰਦੀ ਹੈ, ਇਸ ਦਾ ਸੇਵਨ ਦਿਲ ਦੀਆਂ ਬਿਮਾਰੀਆਂ, ਮੋਟਾਪੇ ਅਤੇ ਹੋਰ ਗੈਰ-ਸੰਚਾਰੀ ਬਿਮਾਰੀਆਂ ਲਈ ਖ਼ਤਰਾ ਹੈ। ਵਿਸ਼ਵ ਸਿਹਤ ਸੰਗਠਨ ਅਨੁਸਾਰ ਟ੍ਰਾਂਸ-ਚਰਬੀ ਨਾਲ ਦਿਲ ਦੀਆਂ ਬਿਮਾਰੀਆਂ ਤੋਂ ਮੌਤ ਦਾ ਖ਼ਤਰਾ 28% ਅਤੇ ਕੋਰੋਨਰੀ ਦਿਲ ਦੀ ਬਿਮਾਰੀ ਦਾ ਖ਼ਤਰਾ 21% ਵਧਦਾ ਹੈ; ਦੁਨੀਆ ਵਿੱਚ ਹਰ ਸਾਲ 2.78 ਲੱਖ ਤੋਂ ਵੱਧ ਮੌਤਾਂ ਉਦਯੋਗਿਕ ਟ੍ਰਾਂਸ-ਚਰਬੀ ਨਾਲ ਜੋੜੀਆਂ ਹਨ।

ਬੱਚਿਆਂ ਵਿੱਚ ਅਜਿਹੇ ਵੱਧ ਚਰਬੀ/ਨਮਕ ਵਾਲੇ ਅਤਿ-ਪ੍ਰੋਸੈਸਡ ਭੋਜਨ ਦਾ ਸੇਵਨ ਮੋਟਾਪੇ ਅਤੇ ਅੱਗੇ ਚੱਲ ਕੇ ਟਾਈਪ-2 ਸ਼ੂਗਰ ਤੇ ਦਿਲ ਦੀਆਂ ਬਿਮਾਰੀਆਂ ਦੇ ਜੋਖ਼ਮ ਨਾਲ ਜੁੜ ਹੈ। ਬਜ਼ੁਰਗਾਂ ਅਤੇ ਪਹਿਲਾਂ ਤੋਂ ਸ਼ੂਗਰ, ਮੋਟਾਪਾ, ਉੱਚ ਰਕਤਚਾਪ ਜਾਂ ਦਿਲ ਦੀ ਬਿਮਾਰੀ ਵਾਲਿਆਂ ਲਈ ਵੱਧ ਸੰਤ੍ਰਿਪਤ/ਟ੍ਰਾਂਸ ਚਰਬੀ ਖ਼ਾਸ ਤੌਰ 'ਤੇ ਚਿੰਤਾਜਨਕ ਹੈ।

ਐਨਾਲਾਗ ਪਨੀਰ ਨੂੰ ਆਪਣੇ ਆਪ ਜ਼ਹਿਰੀਲਾ ਕਹਿਣਾ ਵਿਗਿਆਨਕ ਤੌਰ 'ਤੇ ਠੀਕ ਨਹੀਂ, ਪਰ ਅਸਲ ਪਨੀਰ ਦੇ ਨਾਮ 'ਤੇ ਐਨਾਲਾਗ ਵੇਚਣਾ ਅਤੇ ਇਸ ਦੀ ਚਰਬੀ/ਸਮੱਗਰੀ ਲੁਕਾਉਣਾ ਗੰਭੀਰ ਖੁਰਾਕ-ਸੁਰੱਖਿਆ ਮੁੱਦਾ ਹੈ। ਖਰੀਦਦਾਰ ਨੂੰ ਲੇਬਲ 'ਤੇ ਐਨਾਲਾਗ, ਬਨਸਪਤੀ ਚਰਬੀ, ਸੰਤ੍ਰਿਪਤ ਚਰਬੀ ਅਤੇ ਟ੍ਰਾਂਸ-ਚਰਬੀ ਦੀ ਜਾਣਕਾਰੀ ਜ਼ਰੂਰ ਦੇਖਣੀ ਚਾਹੀਦੀ ਹੈ। ਡਬਲਯੂ.ਐਚ.ਓ ਮੁਤਾਬਕ ਕੁੱਲ ਊਰਜਾ ਵਿੱਚ ਸੰਤ੍ਰਿਪਤ ਚਰਬੀ 10% ਤੋਂ ਘੱਟ ਅਤੇ ਟ੍ਰਾਂਸ-ਚਰਬੀ 1% ਤੋਂ ਘੱਟ ਰੱਖਣੀ ਚਾਹੀਦੀ ਹੈ।

ਮੁੱਦਾ ਉਸ ਵੇਲੇ ਗੰਭੀਰ ਬਣ ਜਾਂਦਾ ਹੈ ਜਦੋਂ ਅਜਿਹੇ ਉਤਪਾਦ ਨੂੰ ਸਪਸ਼ਟ ਤੌਰ 'ਤੇ ਗੈਰ-ਡੇਅਰੀ ਜਾਂ ਪਨੀਰ-ਨੁਮਾ ਉਤਪਾਦ ਦੱਸਣ ਦੀ ਬਜਾਏ ਸਿੱਧਾ 'ਪਨੀਰ' ਦੇ ਨਾਂ 'ਤੇ ਵੇਚਿਆ ਜਾਂਦਾ ਹੈ।

ਭਾਰਤੀ ਖੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ ਦੇ ਨਿਰਧਾਰਤ ਮਿਆਰਾਂ ਅਨੁਸਾਰ ਪਨੀਰ ਗਾਂ ਜਾਂ ਮੱਝ ਦੇ ਦੁੱਧ ਜਾਂ ਦੋਵਾਂ ਦੇ ਦੁੱਧ ਤੋਂ ਤਿਆਰ ਕੀਤਾ ਜਾਂਦਾ ਹੈ।

ਦੁੱਧ ਨੂੰ ਖੱਟੇ ਦੁੱਧ, ਦੁੱਧੀ ਤੇਜ਼ਾਬ ਜਾਂ ਨਿੰਬੂ ਦੇ ਤੇਜ਼ਾਬ ਵਰਗੇ ਜਮਾਉਣ ਵਾਲੇ ਪਦਾਰਥਾਂ ਰਾਹੀਂ ਜਮਾਇਆ ਜਾਂਦਾ ਹੈ ਅਤੇ ਇਸ ਤੋਂ ਬਾਅਦ ਪਨੀਰ ਤਿਆਰ ਹੁੰਦਾ ਹੈ।

ਨਿਰਧਾਰਤ ਮਿਆਰਾਂ ਅਨੁਸਾਰ ਆਮ ਪਨੀਰ ਵਿੱਚ ਨਮੀ ਦੀ ਮਾਤਰਾ 70 ਫ਼ੀਸਦੀ ਤੋਂ ਵੱਧ ਨਹੀਂ ਹੋਣੀ ਚਾਹੀਦੀ, ਜਦਕਿ ਦੁੱਧੀ ਠੋਸ ਪਦਾਰਥ ਦੇ ਆਧਾਰ 'ਤੇ ਚਰਬੀ ਦੀ ਮਾਤਰਾ ਘੱਟੋ-ਘੱਟ 50 ਫ਼ੀਸਦੀ ਹੋਣੀ ਚਾਹੀਦੀ ਹੈ।

ਇਸ ਲਈ ਸਿਰਫ਼ ਬਨਸਪਤੀ ਚਰਬੀ ਜਾਂ ਤੇਲ ਨਾਲ ਤਿਆਰ ਕੀਤੇ ਪਨੀਰ-ਨੁਮਾ ਉਤਪਾਦ ਨੂੰ ਆਮ ਦੁੱਧੀ ਪਨੀਰ ਦੇ ਰੂਪ ਵਿੱਚ ਪੇਸ਼ ਕਰਨਾ ਨਿਰਧਾਰਤ ਮਿਆਰਾਂ ਨਾਲ ਮੇਲ ਨਹੀਂ ਖਾਂਦਾ।

ਇਹ ਮਾਮਲਾ ਪਹਿਲੀ ਵਾਰ ਸਾਹਮਣੇ ਨਹੀਂ ਆਇਆ। ਭਾਰਤੀ ਖੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ ਦੀਆਂ ਸਲਾਹਕਾਰ ਬੈਠਕਾਂ ਵਿੱਚ ਵੀ ਗੈਰ-ਮਿਆਰੀ ਦੁੱਧੀ ਬਦਲ ਉਤਪਾਦਾਂ, ਖ਼ਾਸ ਕਰਕੇ ਐਨਾਲੌਗ ਪਨੀਰ, ਬਾਰੇ ਵਿਚਾਰ ਕੀਤਾ ਗਿਆ ਹੈ।

ਅਥਾਰਟੀ ਵੱਲੋਂ ਖਪਤਕਾਰਾਂ ਨੂੰ ਸਹੀ ਜਾਣਕਾਰੀ ਦੇਣ ਅਤੇ ਦੁੱਧੀ ਉਤਪਾਦਾਂ ਦੇ ਨਾਂ ਦੀ ਗਲਤ ਵਰਤੋਂ ਰੋਕਣ 'ਤੇ ਜ਼ੋਰ ਦਿੱਤਾ ਗਿਆ ਹੈ।

ਖਾਣ-ਪੀਣ ਵਾਲੀਆਂ ਦੁਕਾਨਾਂ, ਹੋਟਲਾਂ, ਰੈਸਟੋਰੈਂਟਾਂ ਅਤੇ ਸਮਾਗਮਾਂ ਲਈ ਖਾਣਾ ਤਿਆਰ ਕਰਨ ਵਾਲੀਆਂ ਸੰਸਥਾਵਾਂ ਵਿੱਚ ਜੇ ਗੈਰ-ਡੇਅਰੀ ਬਦਲ ਉਤਪਾਦ ਵਰਤਿਆ ਜਾਂਦਾ ਹੈ ਤਾਂ ਉਸ ਦੀ ਸਪਸ਼ਟ ਜਾਣਕਾਰੀ ਖਪਤਕਾਰਾਂ ਨੂੰ ਦੇਣ ਦੀ ਲੋੜ 'ਤੇ ਵੀ ਵਿਚਾਰ ਕੀਤਾ ਗਿਆ ਹੈ।

ਪੰਜਾਬ ਦੇ ਖੁਰਾਕ ਸੁਰੱਖਿਆ ਅਧਿਕਾਰੀ ਪਨੀਰ ਬਣਾਉਣ ਵਾਲੀਆਂ ਇਕਾਈਆਂ ਤੋਂ ਇਲਾਵਾ ਥੋਕ ਵਿਕਰੇਤਾਵਾਂ, ਵੰਡਕਾਰਾਂ, ਪ੍ਰਚੂਨ ਵਿਕਰੇਤਾਵਾਂ, ਕੋਲਡ ਸਟੋਰਾਂ, ਗੋਦਾਮਾਂ ਅਤੇ ਢੋਆ-ਢੁਆਈ ਕਰਨ ਵਾਲੇ ਵਾਹਨਾਂ ਦੀ ਵੀ ਜਾਂਚ ਕਰ ਸਕਦੇ ਹਨ। ਇਸ ਦੇ ਨਾਲ ਹੀ ਹੋਟਲਾਂ, ਰੈਸਟੋਰੈਂਟਾਂ, ਢਾਬਿਆਂ, ਵਿਆਹ ਸਮਾਗਮਾਂ ਲਈ ਭੋਜਨ ਤਿਆਰ ਕਰਨ ਵਾਲਿਆਂ ਅਤੇ ਵੱਡੀਆਂ ਸੰਸਥਾਗਤ ਰਸੋਈਆਂ ਵਿੱਚ ਵਰਤੇ ਜਾ ਰਹੇ ਪਨੀਰ ਦੇ ਸਰੋਤ ਦੀ ਵੀ ਜਾਂਚ ਕੀਤੀ ਜਾ ਸਕਦੀ ਹੈ।

ਅਧਿਕਾਰੀ ਇਹ ਵੀ ਦੇਖਣਗੇ ਕਿ ਪਨੀਰ ਕਿੱਥੋਂ ਖਰੀਦਿਆ ਗਿਆ ਹੈ, ਉਸ ਦੀ ਖਰੀਦ ਦੀ ਰਸੀਦ ਜਾਂ ਹੋਰ ਰਿਕਾਰਡ ਮੌਜੂਦ ਹਨ ਜਾਂ ਨਹੀਂ ਅਤੇ ਉਤਪਾਦ 'ਤੇ ਲੋੜੀਂਦੀ ਜਾਣਕਾਰੀ ਦਰਜ ਹੈ ਜਾਂ ਨਹੀਂ।

ਪਾਬੰਦੀ ਦੇ ਬਾਵਜੂਦ ਜੇ ਕੋਈ ਖੁਰਾਕ ਕਾਰੋਬਾਰੀ ਇਕਾਈ ਐਨਾਲੌਗ ਜਾਂ ਗੈਰ-ਡੇਅਰੀ ਪਨੀਰ ਦੀ ਤਿਆਰੀ, ਭੰਡਾਰਨ, ਢੋਆ-ਢੁਆਈ, ਵੰਡ ਜਾਂ ਵਿਕਰੀ ਕਰਦੀ ਪਾਈ ਜਾਂਦੀ ਹੈ ਤਾਂ ਉਸ ਖ਼ਿਲਾਫ਼ ਖੁਰਾਕ ਸੁਰੱਖਿਆ ਅਤੇ ਮਿਆਰ ਕਾਨੂੰਨ, 2006 ਅਤੇ ਸੰਬੰਧਤ ਨਿਯਮਾਂ ਅਧੀਨ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ।

ਮਾਮਲਾ ਸਿਰਫ਼ 'ਅਸਲੀ' ਅਤੇ 'ਨਕਲੀ' ਪਨੀਰ ਤੱਕ ਸੀਮਤ ਨਹੀਂ। ਇਹ ਖਪਤਕਾਰ ਦੇ ਜਾਣਕਾਰੀ ਦੇ ਅਧਿਕਾਰ, ਸਹੀ ਲੇਬਲ, ਪੋਸ਼ਣ ਅਤੇ ਖੁਰਾਕੀ ਸੁਰੱਖਿਆ ਨਾਲ ਵੀ ਸਿੱਧਾ ਜੁੜਿਆ ਹੋਇਆ ਹੈ।

ਦੁੱਧ ਤੋਂ ਬਣਿਆ ਪਨੀਰ ਪ੍ਰੋਟੀਨ ਅਤੇ ਦੁੱਧੀ ਪੋਸ਼ਕ ਤੱਤਾਂ ਦਾ ਸਰੋਤ ਹੁੰਦਾ ਹੈ। ਦੂਜੇ ਪਾਸੇ ਬਨਸਪਤੀ ਚਰਬੀ ਆਧਾਰਿਤ ਪਨੀਰ-ਨੁਮਾ ਉਤਪਾਦ ਦੀ ਪੋਸ਼ਣ ਰਚਨਾ ਵੱਖਰੀ ਹੈ।

ਇਸ ਲਈ ਜੇ ਖਪਤਕਾਰ ਨੂੰ ਇਹ ਦੱਸੇ ਬਿਨਾਂ ਕਿ ਉਤਪਾਦ ਗੈਰ-ਡੇਅਰੀ ਹੈ, ਉਸ ਨੂੰ ਆਮ ਪਨੀਰ ਸਮਝ ਕੇ ਵੇਚਿਆ ਜਾਂਦਾ ਹੈ ਤਾਂ ਇਹ ਗੁੰਮਰਾਹਕੁੰਨ ਵਿਕਰੀ ਦਾ ਗੰਭੀਰ ਮਾਮਲਾ ਬਣ ਸਕਦਾ ਹੈ।

ਬਾਜ਼ਾਰ ਵਿੱਚ ਜੇ ਕੋਈ ਪਨੀਰ ਆਮ ਕੀਮਤ ਨਾਲੋਂ ਬਹੁਤ ਘੱਟ ਕੀਮਤ 'ਤੇ ਮਿਲ ਰਿਹਾ ਹੋਵੇ ਤਾਂ ਖਪਤਕਾਰ ਨੂੰ ਸਾਵਧਾਨ ਰਹਿਣਾ ਚਾਹੀਦਾ ਹੈ। ਪਰ ਸਿਰਫ਼ ਕੀਮਤ ਦੇ ਆਧਾਰ 'ਤੇ ਕਿਸੇ ਪਨੀਰ ਨੂੰ ਐਨਾਲੌਗ ਜਾਂ ਨਕਲੀ ਕਰਾਰ ਨਹੀਂ ਦਿੱਤਾ ਜਾ ਸਕਦਾ। ਇਸੇ ਤਰ੍ਹਾਂ ਸਿਰਫ਼ ਪਨੀਰ ਦਾ ਰੰਗ, ਸਖ਼ਤੀ, ਸੁਆਦ ਜਾਂ ਪਕਾਉਣ ਸਮੇਂ ਉਸ ਦਾ ਵਰਤਾਅ ਦੇਖ ਕੇ ਵੀ ਪੱਕਾ ਫ਼ੈਸਲਾ ਨਹੀਂ ਕੀਤਾ ਜਾ ਸਕਦਾ।

ਅੰਤਿਮ ਪੁਸ਼ਟੀ ਲਈ ਅਧਿਕਾਰਤ ਨਮੂਨਾ ਲੈ ਕੇ ਪ੍ਰਯੋਗਸ਼ਾਲਾ ਵਿੱਚ ਜਾਂਚ ਕਰਵਾਉਣਾ ਹੀ ਭਰੋਸੇਯੋਗ ਤਰੀਕਾ ਹੈ।

ਪੰਜਾਬ ਵਿੱਚ ਦੁੱਧ ਉਤਪਾਦਕਾਂ ਅਤੇ ਡੇਅਰੀ ਕਾਰੋਬਾਰ ਲਈ ਵੀ ਇਹ ਫ਼ੈਸਲਾ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ। ਘੱਟ ਲਾਗਤ ਵਾਲੇ ਗੈਰ-ਡੇਅਰੀ ਉਤਪਾਦ ਜੇ ਅਸਲੀ ਪਨੀਰ ਦੇ ਨਾਂ 'ਤੇ ਵੇਚੇ ਜਾਣ ਤਾਂ ਇਸ ਨਾਲ ਦੁੱਧ ਤੋਂ ਪਨੀਰ ਤਿਆਰ ਕਰਨ ਵਾਲੇ ਕਾਰੋਬਾਰੀਆਂ ਲਈ ਬਾਜ਼ਾਰ ਵਿੱਚ ਅਸਮਾਨ ਮੁਕਾਬਲੇ ਦੀ ਸਥਿਤੀ ਪੈਦਾ ਹੋ ਸਕਦੀ ਹੈ।

ਪੰਜਾਬ ਸਰਕਾਰ ਦਾ ਇਹ ਫ਼ੈਸਲਾ ਖਪਤਕਾਰਾਂ ਦੇ ਹਿੱਤ ਵਿੱਚ ਇੱਕ ਮਹੱਤਵਪੂਰਨ ਕਦਮ ਹੈ, ਪਰ ਇਸ ਦੀ ਸਫ਼ਲਤਾ ਜ਼ਮੀਨੀ ਪੱਧਰ 'ਤੇ ਸਖ਼ਤ ਅਤੇ ਲਗਾਤਾਰ ਲਾਗੂ ਕਰਨ 'ਤੇ ਨਿਰਭਰ ਕਰੇਗੀ।

ਜੇ ਜਾਂਚ ਸਿਰਫ਼ ਤਿਉਹਾਰਾਂ ਜਾਂ ਵਿਸ਼ੇਸ਼ ਮੁਹਿੰਮਾਂ ਤੱਕ ਸੀਮਤ ਨਾ ਰਹਿ ਕੇ ਪੂਰੇ ਸਾਲ ਦੌਰਾਨ ਕੀਤੀ ਜਾਂਦੀ ਹੈ ਅਤੇ ਪਨੀਰ ਦੀ ਤਿਆਰੀ ਤੋਂ ਲੈ ਕੇ ਹੋਟਲਾਂ, ਢਾਬਿਆਂ ਅਤੇ ਦੁਕਾਨਾਂ ਤੱਕ ਪੂਰੀ ਸਪਲਾਈ ਲੜੀ ਦੀ ਨਿਗਰਾਨੀ ਕੀਤੀ ਜਾਂਦੀ ਹੈ ਤਾਂ ਇਹ ਕਦਮ ਖਪਤਕਾਰਾਂ ਦੇ ਭਰੋਸੇ ਨੂੰ ਮਜ਼ਬੂਤ ਕਰਨ ਦੇ ਨਾਲ ਪੰਜਾਬ ਦੇ ਡੇਅਰੀ ਖੇਤਰ ਨੂੰ ਵੀ ਲਾਭ ਪਹੁੰਚਾ ਸਕਦਾ ਹੈ।

ਹੁਣ ਪੰਜਾਬ ਵਿੱਚ ਸਰਕਾਰ ਦੇ ਹੁਕਮ ਤੋਂ ਬਾਅਦ ਇਸ ਸਵਾਲ ਦਾ ਜਵਾਬ ਬਾਜ਼ਾਰ ਵਿੱਚ ਹੋਣ ਵਾਲੀ ਕਾਰਵਾਈ ਤੋਂ ਮਿਲੇਗਾ।: ਜੋ ਚੀਜ਼ ਦੁੱਧ ਤੋਂ ਬਣਿਆ ਪਨੀਰ ਨਹੀਂ, ਉਸ ਨੂੰ ਪਨੀਰ ਦੇ ਨਾਂ 'ਤੇ ਵੇਚਣ ਦੀ ਇਜਾਜ਼ਤ ਕਿਉਂ ਹੋਵੇ ?

## 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਮਨਾਇਆ ਜਾਵੇਗਾ 'ਕਾਲਾ ਅਧਿਆਪਕ ਦਿਵਸ': ਏਡਿਡ ਸਕੂਲ ਯੂਨੀਅਨ

# ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਅੱਠ ਮਹੀਨਿਆਂ ਤੋਂ ਰੋਕਿਆ ਤਨਖ਼ਾਹਾਂ ਤੁਰੰਤ ਜਾਰੀ ਕਰੇ ਮਾਨ ਸਰਕਾਰ: ਅਸ਼ਵਨੀ ਮਦਾਨ

**ਪਟਿਆਲਾ, 29 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਰਾਜ ਦੇ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਨੂੰ ਪਿਛਲੇ ਲਗਭਗ ਅੱਠ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਅਤੇ ਸੇਵਾ ਮੁਕਤ ਅਧਿਆਪਕਾਂ ਤੇ ਹੋਰ ਕਰਮਚਾਰੀਆਂ ਨੂੰ ਪੈਨਸ਼ਨ ਦੇ ਪੀ.ਪੀ.ਓ. ਜਾਰੀ ਨਾ ਕੀਤੇ ਜਾਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਵਿੱਚ ਸਰਕਾਰ ਪ੍ਰਤੀ ਡੂੰਘਾ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਮਦਾਨ ਅਤੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਕਰਮਚਾਰੀ ਲੰਮੇ ਸਮੇਂ ਤੋਂ ਆਪਣੀਆਂ ਤਨਖ਼ਾਹਾਂ ਅਤੇ ਪੈਨਸ਼ਨ ਸਬੰਧੀ ਹੱਕਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਅਜੇ ਤੱਕ ਇਸ ਗੰਭੀਰ ਮਸਲੇ ਦਾ ਕੋਈ ਢੁੱਕਵਾਂ ਅਤੇ ਸਥਾਈ ਹੱਲ ਨਹੀਂ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਲਗਾਤਾਰ ਅੱਠ ਅੱਠ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਭਾਰੀ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਰਾਂ ਦੇ ਰੋਜ਼ਾਨਾ ਖਰਚਿਆਂ, ਬੱਚਿਆਂ ਦੀ ਪੜ੍ਹਾਈ ਅਤੇ ਹੋਰ ਜ਼ਰੂਰੀ ਲੋੜਾਂ ਨੂੰ ਪੂਰਾ ਕਰਨਾ ਉਨ੍ਹਾਂ ਲਈ ਬਹੁਤ ਮੁਸ਼ਕਲ ਬਣਦਾ ਜਾ ਰਿਹਾ ਹੈ। ਦੂਜੇ ਪਾਸੇ ਸੇਵਾ ਮੁਕਤ ਅਧਿਆਪਕ ਅਤੇ ਕਰਮਚਾਰੀ ਆਪਣੇ ਪੈਨਸ਼ਨਰੀ ਲਾਭਾਂ ਅਤੇ ਪੈਨਸ਼ਨ ਦੇ ਪੀ.ਪੀ.ਓ. ਜਾਰੀ ਕਰਵਾਉਣ ਲਈ ਵੱਖ-ਵੱਖ ਦਫ਼ਤਰਾਂ ਦੇ ਚੱਕਰ ਕੱਟਣ ਲਈ ਮਜਬੂਰ ਹਨ।

ਅਸ਼ਵਨੀ ਕੁਮਾਰ ਮਦਾਨ ਨੇ ਕਿਹਾ ਕਿ ਅਧਿਆਪਕ ਅਤੇ ਕਰਮਚਾਰੀ ਸਮਾਜ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਉਨ੍ਹਾਂ ਨੂੰ ਸਮੇਂ ਸਿਰ ਤਨਖ਼ਾਹਾਂ ਤੋਂ ਵਾਂਝਾ ਰੱਖਣਾ ਬਹੁਤ ਹੀ ਦੁੱਖਦਾਈ ਅਤੇ ਨਿੰਦਣਯੋਗ ਹੈ। ਸਰਕਾਰ ਨੂੰ ਇਸ ਮਸਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਤੁਰੰਤ ਬਕਾਇਆ ਤਨਖ਼ਾਹਾਂ ਜਾਰੀ ਕਰਨੀਆਂ ਚਾਹੀਦੀਆਂ ਹਨ।

ਯੂਨੀਅਨ ਆਗੂਆਂ ਨੇ ਇਹ ਵੀ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ, ਹੋਰ ਕਰਮਚਾਰੀਆਂ ਦੇ ਨਾਲ਼ ਨਾਲ਼ ਬਜ਼ੁਰਗ ਪੈਨਸ਼ਨਰਾਂ ਦੇ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਨੂੰ ਵੀ ਜਾਰੀ ਨਹੀਂ ਕਰ ਰਹੀ ਹੈ ਜਦੋਂਕਿ ਇਸੇ ਸਰਕਾਰ ਵੱਲੋਂ ਹਾਈ ਕੋਰਟ ਵਿੱਚ ਐਫਿਡੇਵਿਟ ਦੇ ਕੇ ਇਹ ਵਚਨ ਦਿੱਤਾ ਗਿਆ ਸੀ ਕਿ ਪੰਜਾਬ ਦੇ ਸਾਰੇ ਸਹਾਇਤਾ ਪ੍ਰਾਪਤ ਸਕੂਲਾਂ ਦੇ ਅਧਿਆਪਕਾਂ ਅਤੇ ਪੈਨਸ਼ਨਰਾਂ ਨੂੰ ਸਰਕਾਰੀ ਸਕੂਲਾਂ ਦੇ ਸਮੂਹ ਕਰਮਚਾਰੀਆਂ ਵਾਂਗ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਦੀ ਅਦਾਇਗੀ ਕੀਤੀ ਜਾਵੇਗੀ। ਇਹ ਬਕਾਏ ਦੇਣਾ ਸ਼ੁਰੂ ਕਰਨ ਦੀ ਤਰੀਕ ਬੀਤੀਆਂ ਪੰਜ ਮਹੀਨੇ ਹੋ ਚੁੱਕੇ ਹਨ ਅਤੇ ਸਰਕਾਰ ਇੰਜ ਸੁੱਤੀ ਪਈ ਹੈ ਜਿਵੇਂ ਇਸ ਲਈ ਹਾਈ ਕੋਰਟ ਦੇ ਫ਼ੈਸਲਿਆਂ ਦੀ ਕੋਈ ਵੈਲਿਊ ਹੀ ਨਾ ਹੋਵੇ। ਸਰਕਾਰ ਅਤੇ ਅਫ਼ਸਰਸ਼ਾਹੀ ਦਾ ਤਾਂ ਇਹ ਹਾਲ ਹੈ ਕਿ 2022 ਦੇ ਇਲੈਕਸ਼ਨ ਮੈਨੀਫੈਸਟੋ ਚ ਏਡਿਡ ਸਕੂਲਾਂ ਦੇ ਕਰਮਚਾਰੀਆਂ ਨੂੰ ਸਰਕਾਰੀ ਸਕੂਲਾਂ ਦੇ ਬਰਾਬਰ ਸਾਰੀਆਂ ਸਹੂਲਤਾਂ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਇਹ ਕੀਤਾ ਗਿਆ ਵਾਅਦਾ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵੀ ਪੂਰਾ ਨਹੀਂ ਕੀਤਾ ਗਿਆ। ਹਾਲ ਤਾਂ ਇਸ ਹੱਦ ਤੱਕ ਮਾੜਾ ਹੈ ਕਿ ਯੂਨੀਅਨ ਨੇਤਾਵਾਂ ਨਾਲ ਮੀਟਿੰਗ ਵਿੱਚ ਵਿੱਤ ਮੰਤਰੀ ਦੁਆਰਾ ਦਿੱਤੇ ਗਏ ਹੁਕਮ ਅਤੇ ਸਾਂਝੇ ਤੌਰ ਤੇ ਲਿੱਤੇ ਗਏ ਫੈਸਲੇ ਵੀ ਅੱਜ ਤੱਕ ਲਾਗੂ ਨਹੀਂ ਕੀਤੇ ਗਏ।

ਸੂਬਾ ਕਾਰਕਾਰਨੀ ਮੈਂਬਰ ਅਤੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਸੂਬਾ ਕਮੇਟੀ ਵੱਲੋਂ ਫ਼ੈਸਲਾ ਕੀਤਾ ਗਿਆ ਹੈ ਕਿ ਜੇਕਰ ਸਰਕਾਰ ਨੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਤਾਂ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਸੂਬਾ ਪੱਧਰੀ ਰੋਸ ਪ੍ਰਗਟ ਕਰਦਿਆਂ 'ਕਾਲਾ ਅਧਿਆਪਕ ਦਿਵਸ' ਮਨਾਇਆ ਜਾਵੇਗਾ। ਇਸ ਦੌਰਾਨ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ ਦੀਆਂ ਅੱਠ ਅੱਠ ਮਹੀਨਿਆਂ ਤੋਂ ਨਾਜਾਇਜ ਤੌਰ ਤੇ ਰੋਕੀਆਂ ਗਈਆਂ ਤਨਖ਼ਾਹਾਂ ਤੁਰੰਤ ਜਾਰੀ ਕੀਤੀਆਂ ਜਾਣ, ਸਮੂਹ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਨੂੰ ਤੁਰੰਤ ਜਾਰੀ ਕੀਤਾ ਜਾਵੇ ਅਤੇ ਸੇਵਾ ਮੁਕਤ ਅਧਿਆਪਕਾਂ ਤੇ ਕਰਮਚਾਰੀਆਂ ਦੇ ਪੈਨਸ਼ਨ ਪੀ.ਪੀ.ਓ. ਸਮੇਤ ਹੋਰ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।

ਦੋਵਾਂ ਆਗੂਆਂ ਨੇ ਪਟਿਆਲਾ ਜ਼ਿਲ੍ਹੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ 5 ਸਤੰਬਰ ਨੂੰ ਹੋਣ ਵਾਲੇ ਸੂਬਾ ਪੱਧਰੀ ਰੋਸ ਪ੍ਰੋਗਰਾਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ, ਤਾਂ ਜੋ ਸਰਕਾਰ ਤੱਕ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਨੂੰ ਮਜ਼ਬੂਤੀ ਨਾਲ ਪਹੁੰਚਾਇਆ ਜਾ ਸਕੇ।

# ਮਿਸ਼ਨ ਕਲੀਨ ਪੰਜਾਬ' ਤਹਿਤ ਮਾਲੇਰਕੋਟਲਾ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਦੀ ਸ਼ੁਰੂਆਤ

**ਮਲੇਰਕੋਟਲਾ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਕੂੜਾ-ਮੁਕਤ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੇ ਗਏ 'ਮਿਸ਼ਨ ਕਲੀਨ ਪੰਜਾਬ' ਤਹਿਤ ਅੱਜ ਮਾਲੇਰਕੋਟਲਾ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਹ ਵਿਸ਼ੇਸ਼ ਸਫ਼ਾਈ ਮੁਹਿੰਮ 29 ਅਗਸਤ ਤੋਂ 8 ਸਤੰਬਰ ਤੱਕ ਜਾਰੀ ਰਹੇਗੀ। ਇਸ ਮੌਕੇ ਹਲਕਾ ਮਾਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਖੁਦ ਸਫ਼ਾਈ ਮੁਹਿੰਮ ਵਿੱਚ ਸ਼ਾਮਲ ਹੋ ਕੇ ਲੋਕਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਹੋਣ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਦਾ ਸੰਦੇਸ਼ ਦਿੱਤਾ। ਇਸ ਦੌਰਾਨ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ, ਐਸ.ਐਸ.ਪੀ. ਗੁਰਮੀਤ ਸਿੰਘ, ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ, ਕੌਂਸਲਰਾਂ, ਸਾਬਕਾ ਕੌਂਸਲਰਾਂ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਬਣਾਉਣ ਲਈ ਚਲਾਈ ਗਈ ਇਸ ਵਿਸ਼ੇਸ਼ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ 'ਮਿਸ਼ਨ ਕਲੀਨ ਪੰਜਾਬ' ਸਿਰਫ਼ ਸਫ਼ਾਈ ਮੁਹਿੰਮ ਨਹੀਂ, ਸਗੋਂ ਲੋਕਾਂ ਵਿੱਚ ਸਵੱਛਤਾ ਪ੍ਰਤੀ ਜਾਗਰੂਕਤਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਵੱਲ ਇੱਕ ਅਹਿਮ ਕਦਮ ਹੈ। ਉਨ੍ਹਾਂ ਕਿਹਾ ਕਿ 29 ਅਗਸਤ ਤੋਂ 8 ਸਤੰਬਰ ਤੱਕ ਚੱਲਣ ਵਾਲੀ ਇਹ ਮੁਹਿੰਮ ਸਫ਼ਾਈ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਸਵੱਛਤਾ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕਰੇਗੀ।




ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਕਿਸੇ ਵੀ ਸ਼ਹਿਰ ਦੀ ਖੂਬਸੂਰਤੀ ਸਿਰਫ਼ ਵਿਕਾਸ ਕਾਰਜਾਂ, ਸੜਕਾਂ ਅਤੇ ਇਮਾਰਤਾਂ ਨਾਲ ਨਹੀਂ, ਬਲਕਿ ਸਾਫ਼-ਸੁਥਰੇ ਵਾਤਾਵਰਨ ਨਾਲ ਵੀ ਮਾਪੀ ਜਾਂਦੀ ਹੈ। ਇਸ ਲਈ ਹਰ ਨਾਗਰਿਕ ਨੂੰ ਸਫ਼ਾਈ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ।

ਵਿਧਾਇਕ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ, ਦੁਕਾਨਾਂ ਅਤੇ ਕਾਰੋਬਾਰੀ ਅਦਾਰਿਆਂ ਦੇ ਨਾਲ-ਨਾਲ ਆਲੇ-ਦੁਆਲੇ ਦੇ ਖੇਤਰਾਂ ਨੂੰ ਵੀ ਸਾਫ਼ ਰੱਖਣ। ਕੂੜਾ ਸੜਕਾਂ, ਗਲੀਆਂ ਜਾਂ ਜਨਤਕ ਥਾਵਾਂ 'ਤੇ ਸੁੱਟਣ ਦੀ ਬਜਾਏ ਨਿਰਧਾਰਤ ਸਥਾਨਾਂ 'ਤੇ ਪਾਇਆ ਜਾਵੇ ਅਤੇ ਗਿੱਲੇ ਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਿਆ ਜਾਵੇ।

ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 29 ਅਗਸਤ ਤੋਂ 8 ਸਤੰਬਰ ਤੱਕ ਵਿਸ਼ੇਸ਼ ਸਫ਼ਾਈ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਸਬੰਧਤ ਵਿਭਾਗਾਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਬਾਜ਼ਾਰਾਂ, ਮੁੱਖ ਸੜਕਾਂ, ਗਲੀਆਂ ਅਤੇ ਜਨਤਕ ਥਾਵਾਂ ਦੀ ਸਫ਼ਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਵੀ ਇਸ ਮੁਹਿੰਮ ਵਿੱਚ ਸਰਗਰਮ ਸਹਿਯੋਗ ਦੇਣ ਦੀ ਅਪੀਲ ਕੀਤੀ। ਐਸ.ਐਸ.ਪੀ. ਗੁਰਮੀਤ ਸਿੰਘ ਨੇ ਕਿਹਾ ਕਿ ਸਾਫ਼-ਸੁਥਰਾ ਅਤੇ ਸੁੰਦਰ ਮਾਲੇਰਕੋਟਲਾ ਬਣਾਉਣ ਵਿੱਚ ਹਰੇਕ ਨਾਗਰਿਕ ਦੀ ਭੂਮਿਕਾ ਅਹਿਮ ਹੈ। ਉਨ੍ਹਾਂ ਲੋਕਾਂ ਨੂੰ ਜਨਤਕ ਥਾਵਾਂ 'ਤੇ ਕੂੜਾ ਨਾ ਸੁੱਟਣ ਅਤੇ ਸਫ਼ਾਈ ਕਰਮਚਾਰੀਆਂ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਮੌਕੇ ਕੌਂਸਲਰਾਂ, ਸਾਬਕਾ ਕੌਂਸਲਰਾਂ, ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਸ਼ਹਿਰ ਵਾਸੀਆਂ ਨੇ ਸਫ਼ਾਈ ਮੁਹਿੰਮ ਵਿੱਚ ਸਰਗਰਮ ਸ਼ਮੂਲੀਅਤ ਕੀਤੀ। ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਸਰਕਾਰ ਦੀ ਪਹਿਲਕਦਮੀ ਅਤੇ ਲੋਕਾਂ ਦੀ ਸਾਂਝੀ ਭਾਗੀਦਾਰੀ ਨਾਲ ਮਾਲੇਰਕੋਟਲਾ ਨੂੰ ਹੋਰ ਸਾਫ਼, ਸੁੰਦਰ ਅਤੇ ਸੁਚੱਜਾ ਸ਼ਹਿਰ ਬਣਾਇਆ ਜਾ ਸਕਦਾ ਹੈ। ਇਸ ਮੌਕੇ ਕਾਰਜ ਸਾਧਕ ਅਫਸਰ ਨਗਰ ਕੌਂਸਲ ਮਾਲੇਰਕੋਟਲਾ ਚੰਦਰ ਪ੍ਰਕਾਸ਼ ਵਧਵਾ, ਚੇਅਰਮੈਨ ਬਲਾਕ ਸੰਮਤੀ ਸੰਤੋਖ ਸਿੰਘ, ਪ੍ਰਧਾਨ ਨਗਰ ਕੌਂਸਲ ਅਖਤਰੀ ਖਾਤੂਨ, ਏ.ਕੇ.ਵਾਈ. ਮੁਨਿਸ ਰਹਿਮਾਨ, ਬਲਾਕ ਪ੍ਰਧਾਨ ਅਸਲਮ ਭੱਟੀ, ਚਰਨਜੀਤ ਸਿੰਘ ਚੀਮਾਂ, ਐਮ.ਸੀ.ਮੁਨਸੀ ਫਾਰੂਕ, ਕੌਂਸਲਰ ਅਕਬਰ, ਹਾਜੀ ਨੂਰਦੀਨ, ਮੁਹੰਮਦ ਹਨੀਫ, ਅਜਹਰ ਮੁਨੀਮ, ਅਸ਼ਰਫ ਮੋਟਾ, ਮੁਹੰਮਦ ਜਮੀਲ ਦਾਰਾ, ਅਲੀ ਰਜਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਮੌਜੂਦ ਸਨ।

## ਪੀ.ਏ.ਯੂ.-ਕੇ.ਵੀ.ਕੇ., ਸੰਗਰੂਰ ਵੱਲੋਂ ਪਿੰਡ ਖੇਤਲਾ ਵਿਖੇ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਪੰਜ-ਰੋਜ਼ਾ ਸਿਖਲਾਈ

**ਸੁਨਾਮ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.), ਸੰਗਰੂਰ ਵੱਲੋਂ ਪਿੰਡ ਖੇਤਲਾ, ਬਲਾਕ ਸੁਨਾਮ, ਜ਼ਿਲ੍ਹਾ ਸੰਗਰੂਰ ਦੇ ਕਿਸਾਨਾਂ ਲਈ ਫਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਬਾਰੇ ਪੰਜ-ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਇਸ ਸਿਖਲਾਈ ਪ੍ਰੋਗਰਾਮ ਵਿੱਚ ਪਿੰਡ ਦੇ ਕੁੱਲ 25 ਕਿਸਾਨਾਂ ਨੇ ਭਾਗ ਲਿਆ।

ਡਾ. ਮਨਦੀਪ ਸਿੰਘ, ਇੰਚਾਰਜ, ਪੀ.ਏ.ਯੂ.-ਕੇ.ਵੀ.ਕੇ., ਸੰਗਰੂਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਪ੍ਰਬੰਧਨ ਕਰਨ ਵਾਲੀਆਂ ਤਕਨੀਕਾਂ ਅਪਨਾਉਣ ਲਈ ਪ੍ਰੇਰਿਤ ਕੀਤਾ ਅਤੇ ਵਾਤਾਵਰਨ ਦੀ ਸੰਭਾਲ ਅਤੇ ਜ਼ਮੀਨ ਦੀ ਸਿਹਤ ਦੇ ਮੱਦੇਨਜ਼ਰ ਪਰਾਲੀ ਨੂੰ ਅੱਗ ਲਗਾਉਣ ਦੀ ਪ੍ਰਥਾ ਨੂੰ ਤਿਆਗਣ ਦੀ ਅਪੀਲ ਕੀਤੀ। ਉਨ੍ਹਾਂ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਅਤੇ ਪਰਾਲੀ ਨੂੰ ਜ਼ਮੀਨ ਵਿੱਚ ਮਿਲਾਉਣ ਦੇ ਫਾਇਦਿਆਂ ਬਾਰੇ ਚਾਨਣਾ ਪਾਇਆ।




Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



# ਪੌਲੀਟਿਕਸ



## ਰੱਖੜੀ ਵਰਗੇ ਤਿਉਹਾਰ ਸਾਨੂੰ ਯਾਦ ਦਿਵਾਉਂਦੇ ਹਨ ਕਿ ਨਸ਼ਾ ਮੁਕਤੀ ਇੱਕਲੇ ਵਿਅਕਤੀ ਦਾ ਸਫ਼ਰ ਨਹੀਂ, ਸਗੋਂ ਸਮੁੱਚੇ ਪਰਿਵਾਰ ਦੀ ਸਮੂਹਿਕ ਜ਼ਿੰਮੇਵਾਰੀ ਹੈ: ਡਾ. ਬਲਬੀਰ ਸਿੰਘ

**ਚੰਡੀਗੜ੍ਹ 29 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਦੇ ਵੱਖ-ਵੱਖ ਸਰਕਾਰੀ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਕੇਂਦਰਾਂ ਵਿਖੇ ਸ਼ੁੱਕਰਵਾਰ ਨੂੰ ਰੱਖੜੀ ਦਾ ਤਿਉਹਾਰ ਮਨਾਇਆ ਗਿਆ। ਇਸ ਦੌਰਾਨ ਪਰਿਵਾਰਾਂ ਨੇ ਆਪਣੇ ਉਨ੍ਹਾਂ ਅਜ਼ੀਜ਼ਾਂ ਨਾਲ ਸਮਾਂ ਬਿਤਾਇਆ ਜੋ ਨਸ਼ੇ ਦੀ ਸਮੱਸਿਆ ਤੋਂ ਉਭਰਨ ਲਈ ਇਲਾਜ ਕਰਵਾ ਰਹੇ ਹਨ।

ਭਗਵੰਤ ਮਾਨ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਆਯੋਜਿਤ ਇਨ੍ਹਾਂ ਸਮਾਗਮਾਂ ਨੇ ਭੈਣ-ਭਰਾ ਦੇ ਪਿਆਰ ਅਤੇ ਸਹਿਯੋਗ ਦੇ ਸੰਦੇਸ਼ ਨੂੰ ਮਜ਼ਬੂਤ ਕੀਤਾ। ਇਸ ਦੇ ਨਾਲ ਹੀ, ਇਲਾਜ ਕਰਵਾ ਰਹੇ ਲੋਕਾਂ ਨੂੰ ਨਸ਼ਾ ਮੁਕਤੀ ਪ੍ਰਤੀ ਵਚਨਬੱਧ ਰਹਿਣ, ਆਪਣੇ ਪਿਆਰਿਆਂ ਕੋਲ ਮੁੜ ਪਰਤਣ ਅਤੇ ਇੱਕ ਸਿਹਤਮੰਦ ਤੇ ਸੰਤੁਸ਼ਟ ਜੀਵਨ ਜਿਉਣ ਲਈ ਉਤਸ਼ਾਹਿਤ ਕੀਤਾ ਗਿਆ।

ਪਰਿਵਾਰਾਂ ਦੇ ਨਾਲ-ਨਾਲ, ਵੱਖ-ਵੱਖ ਗੈਰ-ਸਰਕਾਰੀ ਸੰਗਠਨਾਂ (ਐੱਨ.ਜੀ.ਓ.) ਅਤੇ ਪੰਜਾਬ ਦੇ ਸੂਰਮਿਆਂ ਤੇ ਪੀਅਰ ਅੰਬੈਸਡਰਾਂ, ਜਿਨ੍ਹਾਂ ਨੇ ਖ਼ੁਦ ਨਸ਼ੇ ਦੀ ਲਤ ਤੋਂ ਬਾਹਰ ਨਿਕਲ ਕੇ ਨਸ਼ਾ ਮੁਕਤ ਜੀਵਨ ਅਪਣਾਇਆ ਹੈ ਅਤੇ ਹੁਣ ਇਸੇ ਰਾਹ 'ਤੇ ਅੱਗੇ ਵਧ ਰਹੇ ਹੋਰ ਲੋਕਾਂ ਨੂੰ ਪ੍ਰੇਰਿਤ ਕਰਦੇ ਹਨ, ਨੇ ਵੀ ਇਨ੍ਹਾਂ ਪ੍ਰੋਗਰਾਮਾਂ ਵਿੱਚ ਹਿੱਸਾ ਲਿਆ ਅਤੇ ਮਰੀਜ਼ਾਂ ਨੂੰ ਹੌਸਲਾ ਦਿੱਤਾ।

ਗੁਰਦਾਸਪੁਰ ਸਥਿਤ ਜ਼ਿਲ੍ਹਾ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਕੇਂਦਰ ਵਿਖੇ ਸੂਰਮਾ ਪੰਕਜ ਮਹਾਜਨ, ਜੋ ਖ਼ੁਦ ਨਸ਼ੇ ਦੀ ਲਤ ਤੋਂ ਬਾਹਰ ਆਉਣ ਦੇ ਰਾਹ 'ਤੇ ਚੱਲ ਰਹੇ ਹਨ, ਨੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਗੱਲਬਾਤ ਕੀਤੀ ਅਤੇ ਆਪਣਾ ਨਿੱਜੀ ਸਫ਼ਰ ਸਾਂਝਾ ਕਰਦਿਆਂ ਇਲਾਜ ਕਰਵਾ ਰਹੇ ਮਰੀਜ਼ਾਂ ਦਾ ਹੌਸਲਾ ਵਧਾਇਆ। ਉਨ੍ਹਾਂ ਕਿਹਾ, ਅਸੀਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਤੁਹਾਨੂੰ ਸਾਰਿਆਂ ਨੂੰ ਹੌਸਲਾ ਦੇਣ ਲਈ ਇੱਥੇ ਆਏ ਹਾਂ। ਸਰਕਾਰ ਤੁਹਾਡੀ ਮਦਦ ਲਈ ਬਹੁਤ ਵੱਡੀ ਭੂਮਿਕਾ ਨਿਭਾ ਰਹੀ ਹੈ ਅਤੇ ਅਸੀਂ ਵੀ ਤੁਹਾਨੂੰ ਸਹਿਯੋਗ ਤੇ ਉਤਸ਼ਾਹ ਦੇਣ ਲਈ ਇੱਥੇ ਹਾਂ। ਮੈਂ ਖ਼ੁਦ ਨਸ਼ੇ ਦੀ ਲਤ ਤੋਂ ਗੁਜ਼ਰ ਚੁੱਕਾ ਹਾਂ ਅਤੇ ਇਸ ਗੱਲ ਦੀ ਗਵਾਹੀ ਦੇ ਸਕਦਾ ਹਾਂ ਕਿ ਇਸ ਲਤ ਤੋਂ ਬਾਹਰ ਨਿਕਲਿਆ ਜਾ ਸਕਦਾ ਹੈ। ਮੈਂ ਪਿਛਲੇ 10 ਸਾਲਾਂ ਤੋਂ ਨਸ਼ਾ ਮੁਕਤ ਹਾਂ ਅਤੇ ਚਾਹੁੰਦਾ ਹਾਂ ਕਿ ਤੁਸੀਂ ਵੀ ਇਸੇ ਰਾਹ 'ਤੇ ਚੱਲੋ। ਰੱਖੜੀ ਦੇ ਮੌਕੇ 'ਤੇ, ਸਾਡੀਆਂ ਭੈਣਾਂ ਵੀ ਤੁਹਾਡੇ ਇਸ ਯਤਨ ਵਿੱਚ ਤੁਹਾਡਾ ਸਾਥ ਦੇਣ ਲਈ ਇੱਥੇ ਮੌਜੂਦ ਹਨ। ਆਓ, ਉਨ੍ਹਾਂ ਨਾਲ ਇਹ ਵਾਅਦਾ ਕਰੀਏ ਕਿ ਅਸੀਂ ਆਪਣੀ ਪੂਰੀ ਕੋਸ਼ਿਸ਼ ਕਰਾਂਗੇ।

ਵੱਖ-ਵੱਖ ਕੇਂਦਰਾਂ ਵਿੱਚ ਚਿੱਠੀ-ਲੇਖਣ ਅਤੇ ਰਚਨਾਤਮਕ ਕਲਾ ਦੀਆਂ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਰਾਹੀਂ ਮਰੀਜ਼ਾਂ ਨੂੰ ਆਪਣੀਆਂ ਭਾਵਨਾਵਾਂ ਪ੍ਰਗਟ ਕਰਨ, ਪਰਿਵਾਰਾਂ ਨਾਲ ਜੁੜਨ ਅਤੇ ਆਪਣੀ ਨਸ਼ਾ ਮੁਕਤੀ ਦੀ ਯਾਤਰਾ 'ਤੇ ਆਤਮ-ਮੰਥਨ ਕਰਨ ਦਾ ਮੌਕਾ ਮਿਲਿਆ।

ਕਪੂਰਥਲਾ ਦੇ ਜ਼ਿਲ੍ਹਾ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਕੇਂਦਰ ਵਿੱਚ ਇਲਾਜ ਕਰਵਾ ਰਹੇ ਇੱਕ ਮਰੀਜ਼ ਰਾਜਵਿੰਦਰ ਸਿੰਘ (ਬਦਲਿਆ ਹੋਇਆ ਨਾਂ) ਨੇ ਚਿੱਠੀ-ਲੇਖਣ ਗਤੀਵਿਧੀ ਰਾਹੀਂ ਨਸ਼ੇ ਦੀ ਲਤ ਨਾਲ ਆਪਣੇ ਸੰਘਰਸ਼ ਦੌਰਾਨ ਮਜ਼ਬੂਤੀ ਨਾਲ ਸਾਥ ਦੇਣ ਲਈ ਆਪਣੀ ਭੈਣ ਅਤੇ ਪਰਿਵਾਰਕ ਮੈਂਬਰਾਂ ਦਾ ਧੰਨਵਾਦ ਕੀਤਾ। ਰਾਜਵਿੰਦਰ ਨੇ ਲਿਖਿਆ, ਜਦੋਂ ਮੈਂ ਇੱਥੇ ਆਇਆ, ਤਾਂ ਮੈਨੂੰ ਅਹਿਸਾਸ ਹੋਇਆ ਕਿ ਮੈਂ ਕਿੰਨਾ ਗਲਤ ਸੀ। ਹੁਣ ਮੈਂ ਨਸ਼ਾ ਛੱਡ ਦਿੱਤਾ ਹੈ ਅਤੇ ਆਪਣੀ ਆਮ ਜ਼ਿੰਦਗੀ ਵੱਲ ਵਾਪਸ ਆ ਗਿਆ ਹਾਂ।

ਕਪੂਰਥਲਾ ਦੇ ਜ਼ਿਲ੍ਹਾ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਕੇਂਦਰ ਵਿੱਚ ਇਲਾਜ ਕਰਵਾ ਰਹੇ ਇੱਕ ਹੋਰ ਮਰੀਜ਼ ਨੇ ਆਪਣੀ ਭੈਣ ਨੂੰ ਚਿੱਠੀ ਲਿਖੀ। ਚਿੱਠੀ ਦੇ ਇੱਕ ਅੰਸ਼ ਵਿੱਚ ਉਸ ਨੇ ਕਿਹਾ, ਮੇਰੀ ਪਿਆਰੀ ਭੈਣ, ਮੈਂ ਜੋ ਵੀ ਕੀਤਾ, ਉਸ ਲਈ ਮੈਨੂੰ ਬਹੁਤ ਅਫ਼ਸੋਸ ਹੈ। ਕਿਰਪਾ ਕਰਕੇ ਮੈਨੂੰ ਮਾਫ਼ ਕਰ ਦਿਓ। ਮੈਨੂੰ ਆਪਣੀਆਂ ਗ਼ਲਤੀਆਂ ਦਾ ਅਹਿਸਾਸ ਹੋ ਗਿਆ ਹੈ। ਮੈਂ ਤੁਹਾਨੂੰ ਸਾਰਿਆਂ ਨੂੰ ਬਹੁਤ ਪਿਆਰ ਕਰਦਾ ਹਾਂ ਅਤੇ ਤੁਹਾਨੂੰ ਬਹੁਤ ਯਾਦ ਕਰਦਾ ਹਾਂ। ਮੈਂ ਇਸ ਨਰਕ ਵਰਗੇ ਰਾਹ 'ਤੇ ਦੁਬਾਰਾ ਕਦੇ ਨਹੀਂ ਚੱਲਾਂਗਾ।

ਪੰਜਾਬ ਭਰ ਦੇ ਹੋਰ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਵੀ ਇਸੇ ਤਰ੍ਹਾਂ ਰੱਖੜੀ ਮਨਾਈ ਗਈ। ਕਪੂਰਥਲਾ ਅਤੇ ਐੱਸ.ਏ.ਐੱਸ. ਨਗਰ ਵਿੱਚ, ਬ੍ਰਹਮਾਕੁਮਾਰੀਜ਼ ਦੇ ਸਹਿਯੋਗ ਨਾਲ ਜ਼ਿਲ੍ਹਾ ਮੁੜ ਵਸੇਬਾ ਕੇਂਦਰਾਂ ਵਿੱਚ ਰੱਖੜੀ ਸਮਾਗਮ ਕਰਵਾਏ ਗਏ।

ਪਟਿਆਲਾ ਵਿੱਚ, ਸਰਵ ਪ੍ਰੇਮ ਫਾਊਂਡੇਸ਼ਨ ਅਤੇ ਸੂਰਮਿਆਂ ਨੇ ਮਿਲ ਕੇ ਜ਼ਿਲ੍ਹਾ ਨਸ਼ਾ ਮੁਕਤੀ ਕੇਂਦਰ ਵਿੱਚ ਰੱਖੜੀ ਮਨਾਈ। ਸਰਵ ਪ੍ਰੇਮ ਫਾਊਂਡੇਸ਼ਨ ਦੇ ਮਾਧਿਅਮ ਨਾਲ ਭਾਈਚਾਰੇ ਦੀਆਂ ਮੁਟਿਆਰਾਂ ਨੇ ਮਰੀਜ਼ਾਂ ਲਈ ਹੱਥੀ ਬਣਾਈਆਂ ਰੱਖੜੀਆਂ ਦੇ ਨਾਲ- ਨਾਲ ਉਤਸ਼ਾਹਜਨਕ ਸੰਦੇਸ਼ ਭੇਜੇ।

ਇਸ ਤੋਂ ਇਲਾਵਾ, ਬਠਿੰਡਾ, ਪਠਾਨਕੋਟ, ਨਵਾਂਸ਼ਹਿਰ, ਮਾਨਸਾ, ਫ਼ਤਿਹਗੜ੍ਹ ਸਾਹਿਬ, ਫ਼ਰੀਦਕੋਟ, ਅੰਮ੍ਰਿਤਸਰ ਅਤੇ ਪੰਜਾਬ ਦੇ ਹੋਰ ਜ਼ਿਲ੍ਹਿਆਂ ਵਿੱਚ ਸਥਿਤ ਸਰਕਾਰੀ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਵੀ ਰੱਖੜੀ ਮਨਾਈ ਗਈ, ਜਿਸ ਵਿੱਚ ਨਸ਼ੇ ਦੀ ਲਤ ਤੋਂ ਬਾਹਰ ਆ ਰਹੇ ਲੋਕਾਂ ਦੇ ਪਰਿਵਾਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

ਮੁੜ ਵਸੇਬਾ ਦੀ ਪ੍ਰਕਿਰਿਆ ਵਿੱਚ ਪਰਿਵਾਰ ਦੀ ਭੂਮਿਕਾ ਨੂੰ ਮਾਹਿਰਾਂ ਦੁਆਰਾ ਵਿਆਪਕ ਤੌਰ 'ਤੇ ਮਹੱਤਵਪੂਰਨ ਮੰਨਿਆ ਜਾਂਦਾ ਹੈ। ਸਰਕਾਰੀ ਕੇਂਦਰਾਂ ਵਿੱਚ ਕੌਂਸਲਰ ਪਰਿਵਾਰਾਂ ਨੂੰ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕਰਦੇ ਹਨ, ਤਾਂ ਜੋ ਉਹ ਆਪਣੇ ਪਿਆਰਿਆਂ ਦੀ ਨਸ਼ਾ ਮੁਕਤੀ ਸਫ਼ਰ ਦੌਰਾਨ ਉਨ੍ਹਾਂ ਦਾ ਸਮਰਥਨ ਕਰ ਸਕਣ ਅਤੇ ਹੌਸਲਾ ਵਧਾ ਸਕਣ। ਰਾਜ ਦੇ ਵੱਖ-ਵੱਖ ਕੇਂਦਰਾਂ 'ਤੇ ਪਰਿਵਾਰਕ ਕੌਂਸਲਿੰਗ ਸੈਸ਼ਨ ਆਯੋਜਿਤ ਕੀਤੇ ਜਾ ਰਹੇ ਹਨ। ਰਾਜ ਵਿੱਚ ਪਾਇਲਟ ਆਧਾਰ 'ਤੇ ਚਲਾਏ ਜਾ ਰਹੇ ਕਮਿਊਨਿਟੀ ਬ੍ਰਿਜ ਮਾਡਲ (ਸੀਬੀਐਮ) ਤਹਿਤ ਪਰਿਵਾਰਾਂ ਲਈ ਮਨੋ-ਸਿੱਖਿਆ ਸੈਸ਼ਨਾਂ ਵਿੱਚ ਭਾਗ ਲੈਣਾ ਲਾਜ਼ਮੀ ਹੈ, ਤਾਂ ਜੋ ਉਨ੍ਹਾਂ ਨੂੰ ਮਰੀਜ਼ ਦੀ ਘਰ ਵਿੱਚ ਸਿਹਤਯਾਬੀ ਦੀ ਪ੍ਰਕਿਰਿਆ ਵਿੱਚ ਪ੍ਰਭਾਵਸ਼ਾਲੀ ਸਹਿਯੋਗ ਦੇਣ ਲਈ ਜ਼ਰੂਰੀ ਜਾਣਕਾਰੀ ਪ੍ਰਦਾਨ ਕੀਤੀ ਜਾ ਸਕੇ।

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ਾ ਮੁਕਤੀ ਦੀ ਪ੍ਰਕਿਰਿਆ ਵਿੱਚ ਪਰਿਵਾਰਾਂ ਦੀ ਭਾਗੀਦਾਰੀ ਨਸ਼ੇ ਦੀ ਸਮੱਸਿਆ ਵਿਰੁੱਧ ਰਾਜ ਦੀ ਲੜਾਈ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਉਨ੍ਹਾਂ ਕਿਹਾ, ਰੱਖੜੀ ਵਰਗੇ ਤਿਉਹਾਰ ਸਾਨੂੰ ਯਾਦ ਦਿਵਾਉਂਦੇ ਹਨ ਕਿ ਨਸ਼ਾ ਮੁਕਤੀ ਇੱਕਲੇ ਵਿਅਕਤੀ ਦਾ ਸਫ਼ਰ ਨਹੀਂ ਹੈ। ਪਰਿਵਾਰ ਦਾ ਪਿਆਰ, ਉਤਸ਼ਾਹ ਅਤੇ ਵਿਸ਼ਵਾਸ ਵਿਅਕਤੀ ਨੂੰ ਜੀਵਨ ਦੇ ਸਭ ਤੋਂ ਔਖੇ ਦੌਰ ਵਿੱਚੋਂ ਬਾਹਰ ਨਿਕਲਣ ਦੀ ਸ਼ਕਤੀ ਦੇ ਸਕਦਾ ਹੈ। ਸਾਡੇ ਨਸ਼ਾ ਮੁਕਤੀ ਕੇਂਦਰ ਉਮੀਦ, ਸਨਮਾਨ ਅਤੇ ਨਸ਼ਾ ਮੁਕਤੀ ਦੇ ਕੇਂਦਰ ਬਣੇ ਰਹਿਣੇ ਚਾਹੀਦੇ ਹਨ, ਜਿੱਥੇ ਮਰੀਜ਼ਾਂ ਨੂੰ ਨਾ ਸਿਰਫ਼ ਡਾਕਟਰੀ, ਸਗੋਂ ਭਾਵਨਾਤਮਕ ਅਤੇ ਸਮਾਜਿਕ ਸਹਿਯੋਗ ਵੀ ਮਿਲੇ। ਇਸ ਪਹਿਲਕਦਮੀ ਦਾ ਉਦੇਸ਼ ਰੱਖੜੀ ਦੀ ਭਾਵਨਾ ਦੀ ਵਰਤੋਂ ਕਰਦਿਆਂ ਪਰਿਵਾਰਕ ਸਹਿਯੋਗ, ਨਸ਼ਾ ਮੁਕਤੀ ਨੂੰ ਜਾਰੀ ਰੱਖਣ, ਰਿਸ਼ਤਿਆਂ ਦੀ ਬਹਾਲੀ ਅਤੇ ਪੰਜਾਬ ਲਈ ਨਸ਼ਾ ਮੁਕਤ ਭਵਿੱਖ ਦੇ ਵਿਆਪਕ ਸੰਦੇਸ਼ ਨੂੰ ਮਜ਼ਬੂਤ ਕਰਨਾ ਹੈ।

## ਕੇ.ਵੀ.ਕੇ. ਬਠਿੰਡਾ ਵੱਲੋਂ ਪੰਜ ਰੋਜ਼ਾ ਪਰਾਲੀ ਪ੍ਰਬੰਧਨ ਸਿਖਲਾਈ ਕੋਰਸ ਸੰਪੰਨ



**ਬਠਿੰਡਾ, 29 ਅਗਸਤ**
**-ਗੁਰਤੇਜ ਅਤਲਾ-**

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.) ਬਠਿੰਡਾ ਵੱਲੋਂ ਪਿੰਡ ਬੁਰਜ ਮਹਿਮਾਂ ਦੇ 25 ਕਿਸਾਨਾਂ ਲਈ ਕਰਵਾਇਆ ਗਿਆ ਪੰਜ ਰੋਜ਼ਾ ਪਰਾਲੀ ਪ੍ਰਬੰਧਨ ਸਬੰਧੀ ਸਿਖਲਾਈ ਕੋਰਸ ਸਫਲਤਾਪੂਰਵਕ ਸੰਪੰਨ ਹੋਇਆ। ਸਿਖਲਾਈ ਦੌਰਾਨ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤ ਵਿੱਚ ਹੀ ਸੰਭਾਲਣ, ਇਸ ਤੋਂ ਖਾਦ ਤਿਆਰ ਕਰਨ ਅਤੇ ਆਧੁਨਿਕ ਮਸ਼ੀਨਰੀ ਰਾਹੀਂ ਪਰਾਲੀ ਪ੍ਰਬੰਧਨ ਕਰਨ ਸਬੰਧੀ ਵਿਗਿਆਨਕ ਤੇ ਵਿਹਾਰਕ ਜਾਣਕਾਰੀ ਦਿੱਤੀ ਗਈ।

ਕੋਰਸ ਦੀ ਸ਼ੁਰੂਆਤ ਕਰਦਿਆਂ ਡਾ. ਗੁਰਦੀਪ ਸਿੰਘ ਸਿੱਧੂ ਡਿਪਟੀ ਡਾਇਰੈਕਟਰ (ਸਿਖਲਾਈ) ਕੇ.ਵੀ.ਕੇ. ਬਠਿੰਡਾ ਨੇ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਵਾਤਾਵਰਨਕ ਨੁਕਸਾਨ ਅਤੇ ਮਿੱਟੀ ਦੀ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਪਰਾਲੀ ਪ੍ਰਬੰਧਨ ਤਕਨੀਕਾਂ ਅਪਣਾਉਣ ਦੀ ਅਪੀਲ ਕੀਤੀ।

ਡਾ. ਗੁਰਮੀਤ ਸਿੰਘ ਢਿੱਲੋਂ ਪ੍ਰੋਫੈਸਰ (ਪਸਾਰ ਸਿੱਖਿਆ) ਨੇ ਕਿਹਾ ਕਿ ਪਰਾਲੀ ਸਾੜਨ ਦੀ ਸਮੱਸਿਆ ਦਾ ਹੱਲ ਕਿਸਾਨਾਂ ਦੀ ਸਰਗਰਮ ਭਾਗੀਦਾਰੀ ਅਤੇ ਵਿਗਿਆਨਕ ਤਕਨੀਕਾਂ ਨੂੰ ਅਪਣਾਉਣ ਨਾਲ ਹੀ ਸੰਭਵ ਹੈ। ਉਨ੍ਹਾਂ ਹੈਪੀ ਸੀਡਰ, ਸੁਪਰ ਸੀਡਰ, ਸਰਫੇਸ ਸੀਡਰ, ਸਮਾਰਟ ਸੀਡਰ ਅਤੇ ਹੋਰ ਪਰਾਲੀ ਪ੍ਰਬੰਧਨ ਮਸ਼ੀਨਰੀ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਮਸ਼ੀਨਰੀ ਕੇ.ਵੀ.ਕੇ. ਵੱਲੋਂ ਕਿਸਾਨਾਂ ਨੂੰ ਘੱਟ ਕਿਰਾਏ 'ਤੇ ਉਪਲਬਧ ਕਰਵਾਈ ਜਾਂਦੀ ਹੈ।

ਡਾ. ਰਮਨਦੀਪ ਕੌਰ ਸਹਾਇਕ ਪ੍ਰੋਫੈਸਰ (ਫੂਡ ਪ੍ਰੋਸੈਸਿੰਗ ਅਤੇ ਇੰਜਨੀਅਰਿੰਗ) ਨੇ ਪਰਾਲੀ ਦੀ ਸੰਭਾਲ ਅਤੇ ਇਸ ਦੀ ਉਪਯੋਗਤਾ ਬਾਰੇ ਜਾਣਕਾਰੀ ਦਿੰਦਿਆਂ 'ਪੀ.ਏ.ਯੂ. ਸਰਫੇਸ ਸੀਡਰ' ਦੀਆਂ ਵਿਸ਼ੇਸ਼ਤਾਵਾਂ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਸਮੇਂ ਸਿਰ ਕਣਕ ਦੀ ਬਿਜਾਈ ਲਈ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਵਾਸਤੇ ਇਹ ਸਸਤੀ ਅਤੇ ਸੌਖੀ ਤਕਨੀਕ ਹੈ। ਇਸ ਤਕਨੀਕ ਵਿੱਚ ਪਰਾਲੀ ਨੂੰ ਕੱਟ ਕੇ ਖੇਤ ਵਿੱਚ ਇਕਸਾਰ ਖਿਲਾਰਨ ਦੇ ਨਾਲ-ਨਾਲ ਬੀਜ ਅਤੇ ਖਾਦ ਦੀ ਬਿਜਾਈ ਕੀਤੀ ਜਾਂਦੀ ਹੈ।

ਉਨ੍ਹਾਂ ਦੱਸਿਆ ਕਿ ਸਰਫੇਸ ਸੀਡਰ ਉਪਲਬਧ ਨਾ ਹੋਣ ਦੀ ਸੂਰਤ ਵਿੱਚ ਵੀ ਕੰਬਾਈਨ ਨਾਲ ਝੋਨਾ ਵੱਢਣ ਤੋਂ ਬਾਅਦ ਕਣਕ ਦੇ ਬੀਜ ਅਤੇ ਡੀ.ਏ.ਪੀ. ਖਾਦ ਦਾ ਇਕਸਾਰ ਛਿੱਟਾ ਦੇ ਕੇ ਕਟਰ-ਕਮ-ਸਪਰੈਡਰ ਰਾਹੀਂ ਪਰਾਲੀ ਦਾ ਪ੍ਰਬੰਧਨ ਕੀਤਾ ਜਾ ਸਕਦਾ ਹੈ। ਇਸ ਵਿਧੀ ਵਿੱਚ ਪ੍ਰਤੀ ਏਕੜ 45 ਕਿਲੋ ਸੋਧਿਆ ਹੋਇਆ ਬੀਜ ਅਤੇ 55 ਕਿਲੋ ਡੀ.ਏ.ਪੀ. ਖਾਦ ਦੀ ਵਰਤੋਂ ਕਰਨ ਦੀ ਸਿਫ਼ਾਰਸ਼ ਕੀਤੀ ਗਈ।

ਡਾ. ਤੇਜਬੀਰ ਸਿੰਘ ਬੁੱਟਰ ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਪਰਾਲੀ ਨੂੰ ਖੇਤ ਵਿੱਚ ਮਿਲਾਉਣ ਨਾਲ ਮਿੱਟੀ ਦੀ ਸਿਹਤ ਅਤੇ ਉਪਜਾਊ ਸ਼ਕਤੀ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਮਿੱਟੀ ਵਿੱਚ ਜੈਵਿਕ ਕਾਰਬਨ ਅਤੇ ਪੌਸ਼ਟਿਕ ਤੱਤਾਂ ਦੀ ਉਪਲਬਧਤਾ ਵਿੱਚ ਸੁਧਾਰ ਹੁੰਦਾ ਹੈ ਅਤੇ ਮਿੱਟੀ ਦੀ ਬਣਤਰ ਵੀ ਬਿਹਤਰ ਹੁੰਦੀ ਹੈ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦੀ ਪਰਖ ਦੇ ਆਧਾਰ 'ਤੇ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।

ਡਾ. ਗੁਰਲਾਲ ਸਿੰਘ ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਨੇ ਪਰਾਲੀ ਦੀ ਪਸ਼ੂਆਂ ਲਈ ਵਰਤੋਂ ਅਤੇ ਪਸ਼ੂਆਂ ਦੀ ਸਿਹਤ ਨਾਲ ਸਬੰਧਤ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪਸ਼ੂਆਂ ਲਈ ਸੰਤੁਲਿਤ ਖੁਰਾਕ ਤਿਆਰ ਕਰਦਿਆਂ ਚਾਰੇ ਦੀ ਗੁਣਵੱਤਾ ਅਤੇ ਪੋਸ਼ਣ ਮੁੱਲ ਦਾ ਵਿਸ਼ੇਸ਼ ਧਿਆਨ ਰੱਖਣਾ ਜ਼ਰੂਰੀ ਹੈ।

ਸਿਖਲਾਈ ਦੌਰਾਨ ਮਾਹਿਰਾਂ ਨੇ ਕਿਸਾਨਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਪਰਾਲੀ ਪ੍ਰਬੰਧਨ ਨਾਲ ਸਬੰਧਤ ਵਿਹਾਰਕ ਸਮੱਸਿਆਵਾਂ ਦੇ ਵਿਗਿਆਨਕ ਹੱਲ ਵੀ ਸਾਂਝੇ ਕੀਤੇ। ਕਿਸਾਨਾਂ ਨੇ ਸਿਖਲਾਈ ਕੋਰਸ ਨੂੰ ਲਾਹੇਵੰਦ ਦੱਸਦਿਆਂ ਪਰਾਲੀ ਪ੍ਰਬੰਧਨ ਦੀਆਂ ਆਧੁਨਿਕ ਤਕਨੀਕਾਂ ਨੂੰ ਅਪਣਾਉਣ ਵਿੱਚ ਰੁਚੀ ਪ੍ਰਗਟਾਈ।

## 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਮਨਾਇਆ ਜਾਵੇਗਾ 'ਕਾਲਾ ਅਧਿਆਪਕ ਦਿਵਸ'

**ਪਟਿਆਲਾ, 29 ਅਗਸਤ**
**-ਬਲਜੀਤ ਸਰਨਾ-**

ਪੰਜਾਬ ਰਾਜ ਦੇ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਨੂੰ ਪਿਛਲੇ ਲਗਭਗ ਅੱਠ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਅਤੇ ਸੇਵਾ ਮੁਕਤ ਅਧਿਆਪਕਾਂ ਤੇ ਹੋਰ ਕਰਮਚਾਰੀਆਂ ਨੂੰ ਪੈਨਸ਼ਨ ਦੇ ਪੀ.ਪੀ.ਓ. ਜਾਰੀ ਨਾ ਕੀਤੇ ਜਾਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਵਿੱਚ ਸਰਕਾਰ ਪ੍ਰਤੀ ਡੂੰਘਾ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਮਦਾਨ ਅਤੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਕਰਮਚਾਰੀ ਲੰਮੇ ਸਮੇਂ ਤੋਂ ਆਪਣੀਆਂ ਤਨਖ਼ਾਹਾਂ ਅਤੇ ਪੈਨਸ਼ਨ ਸਬੰਧੀ ਹੱਕਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਅਜੇ ਤੱਕ ਇਸ ਗੰਭੀਰ ਮਸਲੇ ਦਾ ਕੋਈ ਢੁੱਕਵਾਂ ਅਤੇ ਸਥਾਈ ਹੱਲ ਨਹੀਂ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਲਗਾਤਾਰ ਅੱਠ ਅੱਠ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਭਾਰੀ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਰਾਂ ਦੇ ਰੋਜ਼ਾਨਾ ਖਰਚਿਆਂ, ਬੱਚਿਆਂ ਦੀ ਪੜ੍ਹਾਈ ਅਤੇ ਹੋਰ ਜ਼ਰੂਰੀ ਲੋੜਾਂ ਨੂੰ ਪੂਰਾ ਕਰਨਾ ਉਨ੍ਹਾਂ ਲਈ ਬਹੁਤ ਮੁਸ਼ਕਲ ਬਣਦਾ ਜਾ ਰਿਹਾ ਹੈ। ਦੂਜੇ ਪਾਸੇ ਸੇਵਾ ਮੁਕਤ ਅਧਿਆਪਕ ਅਤੇ ਕਰਮਚਾਰੀ ਆਪਣੇ ਪੈਨਸ਼ਨਰੀ ਲਾਭਾਂ ਅਤੇ ਪੈਨਸ਼ਨ ਦੇ ਪੀ.ਪੀ.ਓ. ਜਾਰੀ ਕਰਵਾਉਣ ਲਈ ਵੱਖ-ਵੱਖ ਦਫ਼ਤਰਾਂ ਦੇ ਚੱਕਰ ਕੱਟਣ ਲਈ ਮਜਬੂਰ ਹਨ।

ਅਸ਼ਵਨੀ ਕੁਮਾਰ ਮਦਾਨ ਨੇ ਕਿਹਾ ਕਿ ਅਧਿਆਪਕ ਅਤੇ ਕਰਮਚਾਰੀ ਸਮਾਜ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਉਨ੍ਹਾਂ ਨੂੰ ਸਮੇਂ ਸਿਰ ਤਨਖ਼ਾਹਾਂ ਤੋਂ ਵਾਂਝਾ ਰੱਖਣਾ ਬਹੁਤ ਹੀ ਦੁੱਖਦਾਈ ਅਤੇ ਨਿੰਦਣਯੋਗ ਹੈ। ਸਰਕਾਰ ਨੂੰ ਇਸ ਮਸਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਤੁਰੰਤ ਬਕਾਇਆ ਤਨਖ਼ਾਹਾਂ ਜਾਰੀ ਕਰਨੀਆਂ ਚਾਹੀਦੀਆਂ ਹਨ। ਯੂਨੀਅਨ ਆਗੂਆਂ ਨੇ ਇਹ ਵੀ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ, ਹੋਰ ਕਰਮਚਾਰੀਆਂ ਦੇ ਨਾਲ਼ ਨਾਲ਼ ਬਜ਼ੁਰਗ ਪੈਨਸ਼ਨਰਾਂ ਦੇ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਨੂੰ ਵੀ ਜਾਰੀ ਨਹੀਂ ਕਰ ਰਹੀ ਹੈ ਜਦੋਂਕਿ ਇਸੇ ਸਰਕਾਰ ਵੱਲੋਂ ਹਾਈ ਕੋਰਟ ਵਿੱਚ ਐਫਿਡੇਵਿਟ ਦੇ ਕੇ ਇਹ ਵਚਨ ਦਿੱਤਾ ਗਿਆ ਸੀ ਕਿ ਪੰਜਾਬ ਦੇ ਸਾਰੇ ਸਹਾਇਤਾ ਪ੍ਰਾਪਤ ਸਕੂਲਾਂ ਦੇ ਅਧਿਆਪਕਾਂ ਅਤੇ ਪੈਨਸ਼ਨਰਾਂ ਨੂੰ ਸਰਕਾਰੀ ਸਕੂਲਾਂ ਦੇ ਸਮੂਹ ਕਰਮਚਾਰੀਆਂ ਵਾਂਗ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਦੀ ਅਦਾਇਗੀ ਕੀਤੀ ਜਾਵੇਗੀ। ਇਹ ਬਕਾਏ ਦੇਣਾ ਸ਼ੁਰੂ ਕਰਨ ਦੀ ਤਰੀਕ ਬੀਤੀਆਂ ਪੰਜ ਮਹੀਨੇ ਹੋ ਚੁੱਕੇ ਹਨ ਅਤੇ ਸਰਕਾਰ ਇੰਜ ਸੁੱਤੀ ਪਈ ਹੈ ਜਿਵੇਂ ਇਸ ਲਈ ਹਾਈ ਕੋਰਟ ਦੇ ਫ਼ੈਸਲਿਆਂ ਦੀ ਕੋਈ ਵੈਲਿਊ ਹੀ ਨਾ ਹੋਵੇ। ਸਰਕਾਰ ਅਤੇ ਅਫ਼ਸਰਸ਼ਾਹੀ ਦਾ ਤਾਂ ਇਹ ਹਾਲ ਹੈ ਕਿ 2022 ਦੇ ਇਲੈਕਸ਼ਨ ਮੈਨੀਫੈਸਟੋ ਚ ਏਡਿਡ ਸਕੂਲਾਂ ਦੇ ਕਰਮਚਾਰੀਆਂ ਨੂੰ ਸਰਕਾਰੀ ਸਕੂਲਾਂ ਦੇ ਬਰਾਬਰ ਸਾਰੀਆਂ ਸਹੂਲਤਾਂ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਇਹ ਕੀਤਾ ਗਿਆ ਵਾਅਦਾ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵੀ ਪੂਰਾ ਨਹੀਂ ਕੀਤਾ ਗਿਆ। ਹਾਲ ਤਾਂ ਇਸ ਹੱਦ ਤੱਕ ਮਾੜਾ ਹੈ ਕਿ ਯੂਨੀਅਨ ਨੇਤਾਵਾਂ ਨਾਲ ਮੀਟਿੰਗ ਵਿੱਚ ਵਿੱਤ ਮੰਤਰੀ ਦੁਆਰਾ ਦਿੱਤੇ ਗਏ ਹੁਕਮ ਅਤੇ ਸਾਂਝੇ ਤੌਰ ਤੇ ਲਿੱਤੇ ਗਏ ਫੈਸਲੇ ਵੀ ਅੱਜ ਤੱਕ ਲਾਗੂ ਨਹੀਂ ਕੀਤੇ ਗਏ।

ਸੂਬਾ ਕਾਰਕਾਰਨੀ ਮੈਂਬਰ ਅਤੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਸੂਬਾ ਕਮੇਟੀ ਵੱਲੋਂ ਫ਼ੈਸਲਾ ਕੀਤਾ ਗਿਆ ਹੈ ਕਿ ਜੇਕਰ ਸਰਕਾਰ ਨੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਤਾਂ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਸੂਬਾ ਪੱਧਰੀ ਰੋਸ ਪ੍ਰਗਟ ਕਰਦਿਆਂ 'ਕਾਲਾ ਅਧਿਆਪਕ ਦਿਵਸ' ਮਨਾਇਆ ਜਾਵੇਗਾ। ਇਸ ਦੌਰਾਨ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ ਦੀਆਂ ਅੱਠ ਅੱਠ ਮਹੀਨਿਆਂ ਤੋਂ ਨਾਜਾਇਜ ਤੌਰ ਤੇ ਰੋਕੀਆਂ ਗਈਆਂ ਤਨਖ਼ਾਹਾਂ ਤੁਰੰਤ ਜਾਰੀ ਕੀਤੀਆਂ ਜਾਣ, ਸਮੂਹ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਨੂੰ ਤੁਰੰਤ ਜਾਰੀ ਕੀਤਾ ਜਾਵੇ ਅਤੇ ਸੇਵਾ ਮੁਕਤ ਅਧਿਆਪਕਾਂ ਤੇ ਕਰਮਚਾਰੀਆਂ ਦੇ ਪੈਨਸ਼ਨ ਪੀ.ਪੀ.ਓ. ਸਮੇਤ ਹੋਰ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਦੋਵਾਂ ਆਗੂਆਂ ਨੇ ਪਟਿਆਲਾ ਜ਼ਿਲ੍ਹੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ 5 ਸਤੰਬਰ ਨੂੰ ਹੋਣ ਵਾਲੇ ਸੂਬਾ ਪੱਧਰੀ ਰੋਸ ਪ੍ਰੋਗਰਾਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ, ਤਾਂ ਜੋ ਸਰਕਾਰ ਤੱਕ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਨੂੰ ਮਜ਼ਬੂਤੀ ਨਾਲ ਪਹੁੰਚਾਇਆ ਜਾ ਸਕੇ।

## ਨਸ਼ਿਆਂ ਤੋਂ ਖਹਿੜਾ ਛੁਡਾਉਣ ਦਾ ਸੁਨੇਹਾ ਦੇ ਕੇ ਭੈਣਾਂ ਨੇ ਰਜਿੰਦਰਾ ਹਸਪਤਾਲ ਦੇ ਮਾਡਲ ਨਸ਼ਾ ਮੁਕਤੀ ਕੇਂਦਰ ਵਿਖੇ ਭਰਾਵਾਂ ਦੇ ਬੰਨ੍ਹੀਆਂ ਰੱਖੜੀਆਂ

➢ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਮੁਕਤ ਹੋਏ 'ਸੂਰਮਿਆਂ' ਨੇ ਵੀ ਨਸ਼ਾ ਛੱਡਣ ਦਾ ਦਿੱਤਾ ਹੋਕਾ ➢ ਡਾ. ਰਜਨੀਸ਼ ਰਾਜ ਤੇ ਡਾ. ਰੋਹਿਤ ਗਰਗ ਨੇ ਨਸ਼ਾ ਛੱਡਣ ਲਈ ਦਾਖਲ ਵਿਅਕਤੀਆਂ ਨੂੰ ਕੀਤਾ ਜਾਗਰੂਕ



**ਪਟਿਆਲਾ, 29 ਅਗਸਤ**
**-ਜੀ. ਐਸ. ਤੁੰਗ-**

ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਮਾਡਲ ਨਸ਼ਾ ਮੁਕਤੀ ਕੇਂਦਰ ਵਿਖੇ ਇਲਾਜ ਲਈ ਦਾਖਲ ਕਰੀਬ 50 ਵਿਅਕਤੀਆਂ ਦੇ ਭੈਣਾਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਰੱਖੜੀ ਬੰਨ੍ਹ ਕੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਸ਼ਾ ਮੁਕਤ ਜੀਵਨ ਜਿਊਣ ਦਾ ਸੁਨੇਹਾ ਦਿੱਤਾ।

ਇਸ ਮੌਕੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਮੁਕਤ ਹੋਏ ਵਿਅਕਤੀ, ਜਿਨ੍ਹਾਂ ਨੂੰ 'ਸੂਰਮਿਆਂ' ਦਾ ਨਾਮ ਦਿੱਤਾ ਗਿਆ ਹੈ, ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਨਸ਼ੇ ਦੀ ਲਤ ਦੇ ਸ਼ਿਕਾਰ ਅਤੇ ਇਲਾਜ ਲਈ ਦਾਖਲ ਵਿਅਕਤੀਆਂ ਨਾਲ ਆਪਣਾ ਤਜਰਬਾ ਸਾਂਝਾ ਕਰਦਿਆਂ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ। ਇਸੇ ਦੌਰਾਨ ਨਸ਼ਾ ਮੁਕਤੀ ਮੋਰਚੇ ਦੇ ਆਗੂ ਯਾਦਵਿੰਦਰ ਸਿੰਘ ਸੰਧੂ ਗੋਲਡੀ (ਮੋਰਚਾ ਇੰਚਾਰਜ, ਪਟਿਆਲਾ ਦਿਹਾਤੀ) ਅਤੇ ਸਰਵ ਪ੍ਰੇਮ ਐਨਜੀਓ ਦੇ ਨੁਮਾਇੰਦਿਆਂ ਨੇ ਵੀ ਰੱਖੜੀ ਦੇ ਪਵਿੱਤਰ ਤਿਉਹਾਰ ਮੌਕੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਸ਼ਾ ਨਾ ਕਰਨ ਦਾ ਪ੍ਰਣ ਕਰਨ ਦਾ ਸੱਦਾ ਦਿੱਤਾ। ਗੋਲਡੀ ਸੰਧੂ ਲਾਦੇਨ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ।

ਰਜਿੰਦਰਾ ਹਸਪਤਾਲ ਦੇ ਮਨੋਰੋਗ ਵਿਭਾਗ ਦੇ ਮੁਖੀ ਡਾ. ਰਜਨੀਸ਼ ਰਾਜ ਅਤੇ ਮਾਡਲ ਨਸ਼ਾ ਮੁਕਤੀ ਕੇਂਦਰ ਦੇ ਇੰਚਾਰਜ ਡਾ. ਰੋਹਿਤ ਗਰਗ ਨੇ ਇਲਾਜ ਲਈ ਦਾਖਲ ਵਿਅਕਤੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਅਤੇ ਇਲਾਜ ਨੂੰ ਸਫਲ ਬਣਾਉਣ ਲਈ ਜ਼ਰੂਰੀ ਨੁਕਤੇ ਸਾਂਝੇ ਕੀਤੇ।

ਡਾ. ਰਜਨੀਸ਼ ਰਾਜ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਸਿਹਤ ਤੇ ਮੈਡੀਕਲ ਸਿੱਖਿਆ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਮਾਡਲ ਨਸ਼ਾ ਮੁਕਤੀ ਕੇਂਦਰ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਹੁਣ ਤੱਕ ਕਰੀਬ 800 ਵਿਅਕਤੀਆਂ ਦਾ ਸਫਲਤਾਪੂਰਵਕ ਇਲਾਜ ਕੀਤਾ ਜਾ ਚੁੱਕਾ ਹੈ।

ਡਾ. ਰੋਹਿਤ ਗਰਗ ਨੇ ਦੱਸਿਆ ਕਿ ਮਨੋਰੋਗ ਵਿਭਾਗ ਵਿਖੇ ਮੈਥਾਡੋਨ ਮੇਨਟੇਨੈਂਸ ਟਰੀਟਮੈਂਟ ਕਲਿਨਿਕ ਵੀ ਚਲਾਇਆ ਜਾ ਰਿਹਾ ਹੈ, ਜਿੱਥੇ ਰੋਜ਼ਾਨਾ ਕਰੀਬ 10 ਮਰੀਜ਼ਾਂ ਨੂੰ ਨਸ਼ਾ ਛੱਡਣ ਲਈ ਦਵਾਈ ਮੁਫ਼ਤ ਮੁਹੱਈਆ ਕਰਵਾਈ ਜਾਂਦੀ ਹੈ। ਇਸ ਮੌਕੇ ਡਾ. ਅਦਿਤੀ ਬਾਂਸਲ ਵੀ ਮੌਜੂਦ ਸਨ। ਇਲਾਜ ਲਈ ਦਾਖਲ ਵਿਅਕਤੀਆਂ ਨੇ ਦੱਸਿਆ ਕਿ ਉਹ ਮਾੜੀ ਸੰਗਤ ਕਾਰਨ ਨਸ਼ਿਆਂ ਦੇ ਜੰਜਾਲ ਵਿੱਚ ਫਸ ਗਏ ਸਨ, ਪਰ ਪੰਜਾਬ ਸਰਕਾਰ ਦੀ ਮੁਹਿੰਮ ਤਹਿਤ ਕਰਵਾਏ ਜਾ ਰਹੇ ਇਲਾਜ ਤੋਂ ਉਨ੍ਹਾਂ ਨੂੰ ਨਸ਼ਿਆਂ ਤੋਂ ਮੁਕਤੀ ਦੀ ਉਮੀਦ ਮਿਲੀ ਹੈ। ਉਨ੍ਹਾਂ ਕਿਹਾ ਕਿ ਉਹ ਨਸ਼ਿਆਂ ਦਾ ਪੂਰੀ ਤਰ੍ਹਾਂ ਤਿਆਗ ਕਰਕੇ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਆਉਣ ਅਤੇ 'ਸੂਰਮੇ' ਬਣਨ ਲਈ ਦ੍ਰਿੜ੍ਹ ਹਨ।

## ਵਿਸ਼ੇਸ਼ ਗਹਿਰੀ ਸੁਧਾਈ : 12 ਸਤੰਬਰ ਤੱਕ ਵੋਟਰ ਦਾਅਵੇ ਅਤੇ ਇਤਰਾਜ਼ ਕਰ ਸਕਦੇ ਹਨ ਪੇਸ਼ : ਜ਼ਿਲ੍ਹਾ ਚੋਣ ਅਫ਼ਸਰ

**ਬਠਿੰਡਾ, 29 ਅਗਸਤ**
**-ਗੁਰਤੇਜ ਅਤਲਾ-**



ਭਾਰਤ ਚੋਣ ਕਮਿਸ਼ਨ ਤੋਂ ਪ੍ਰਾਪਤ ਹਦਾਇਤਾਂ ਅਨੁਸਾਰ ਸਪੈਸ਼ਲ ਇਟੈਂਸਿਵ ਰਿਵੀਜ਼ਨ-2026 ਤਹਿਤ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ ਯੋਗਤਾ ਮਿਤੀ 01.10.2026 ਦੇ ਆਧਾਰ ਤੇ ਮਿਤੀ 13.08.2026 ਨੂੰ ਡਰਾਫਟ ਰੋਲ ਪ੍ਰਕਾਸ਼ਨਾ ਕੀਤੀ ਗਈ ਹੈ। ਇਸ ਸਬੰਧੀ 12 ਸਤੰਬਰ 2026 ਤੱਕ ਵੋਟਰ ਆਪਣੇ ਦਾਅਵੇ ਅਤੇ ਇਤਰਾਜ਼ ਦਾਇਰ ਕਰ ਸਕਦੇ ਹਨ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਸਰਵੇ ਉਪਰੰਤ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਵੱਲੋਂ ਬੀ.ਐਲ.ਓਜ਼. ਰਾਹੀਂ ਅਨਮੈਪਡ ਅਤੇ ਐਲਡੀ ਵਾਲੇ ਵੋਟਰਾਂ ਨੂੰ ਨੋਟਿਸ ਭੇਜੇ ਜਾ ਰਹੇ ਹਨ। ਇਹਨਾਂ ਨੋਟਿਸਾਂ ਦੀ ਸੁਣਵਾਈ ਸਬੰਧਿਤ ਚੋਣ ਹਲਕੇ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਦੇ ਦਫ਼ਤਰ/ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਦੇ ਦਫ਼ਤਰ ਅਤੇ ਅਡੀਸ਼ਨਲ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਦੇ ਦਫ਼ਤਰ ਵਿਖੇ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਰਾਜਨੀਤਿਕ ਪਾਰਟੀ ਨਾਲ ਸਬੰਧਤ ਬੀ.ਐਲ.ਏ.-1 ਅਤੇ ਬੀ.ਐਲ.ਏ.-2 ਨੂੰ ਅਪੀਲ ਕੀਤੀ ਕਿ ਉਹ ਆਪਣੇ ਬੂਥ ਨਾਲ ਸਬੰਧਤ ਬੀ.ਐਲ.ਓ. ਨਾਲ ਤਾਲ-ਮੇਲ ਕਰਕੇ ਵੱਧ ਤੋਂ ਵੱਧ ਅਨਮੈਪਡ ਅਤੇ ਐਲਡੀ ਵਾਲੇ ਵੋਟਰਾਂ ਨੂੰ ਨੋਟਿਸ ਦੀ ਸੁਣਵਾਈ ਸਮੇਂ ਈਸੀਆਈ ਦੀਆਂ ਹਦਾਇਤਾਂ ਅਨੁਸਾਰ ਲੋੜੀਂਦੇ ਦਸਤਾਵੇਜ ਲੈ ਕੇ ਮਿਥੇ ਸਮੇਂ ਅਤੇ ਸ਼ਡਿਊਲ ਅਨੁਸਾਰ ਹਾਜ਼ਰ ਹੋਕੇ ਦਾਅਵਾ ਦਰਜ ਕਰ ਸਕਦੇ ਹਨ।

## ਜ਼ਿਲ੍ਹਾ ਸਕੂਲ ਟੂਰਨਾਮੈਂਟ 'ਚ ਲੜਕਿਆਂ ਦੇ ਹਾਕੀ ਮੁਕਾਬਲੇ ਕਰਵਾਏ ਗਏ



**ਚੰਡੀਗੜ੍ਹ 29 ਅਗਸਤ**
**-ਛਤਰਪਾਲ ਸਿੰਘ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17 ਲੜਕਿਆਂ ਹਾਕੀ ਦੇ ਮੁਕਾਬਲੇ ਪੋਲੋਂ ਗਰਾਊਂਡ ਪਟਿਆਲਾ ਵਿਖੇ ਕਰਵਾਏ ਗਏ।ਅੰਡਰ-14 ਦੇ ਮੁਕਾਬਲਿਆਂ ਵਿੱਚ ਪਟਿਆਲਾ-2 ਜੋਨ ਨੇ ਪਹਿਲਾ, ਰਾਜਪੁਰਾ ਜੋਨ ਨੇ ਦੂਜਾ,ਸਮਾਣਾ ਜੋਨ ਨੇ ਤੀਜਾ,ਪਾਤੜਾਂ ਜੋਨ ਨੇ ਚੌਥਾ,ਅੰਡਰ-17 ਦੇ ਮੁਕਾਬਲਿਆਂ ਵਿੱਚ ਪਟਿਆਲਾ-2 ਜੋਨ ਨੇ ਪਹਿਲਾ,ਪਾਤੜਾਂ ਜੋਨ ਨੇ ਦੂਜਾ,ਰਾਜਪੁਰਾ ਜੋਨ ਨੇ ਤੀਜਾ ਤੇ ਸਮਾਣਾ ਜੋਨ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਜਸਪਾਲ ਸਿੰਘ ਸਟੇਟ ਅਵਾਰਡੀ ਅਤੇ ਜਿਲਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਪੋਲੋ ਗਰਾਊਂਡ ਵਿਖੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਇਸ ਮੌਕੇ ਤੇ ਹਾਕੀ ਦੇ ਕਨਵੀਨਰ ਪ੍ਰਿੰਸੀਪਲ ਰਾਜ ਕੁਮਾਰ,ਡਾ ਰਜਿੰਦਰ ਸੈਣੀ ਜੋਨਲ ਸਕੱਤਰ ਰਾਜਪੁਰਾ,ਕਰਮਜੀਤ ਕੌਰ, ਹਰਦੀਪ ਕੌਰ,ਰਾਜੇਸ਼ ਕੁਮਾਰ, ਯਾਦਵਿੰਦਰ ਕੌਰ,ਗੁਰਵਿੰਦਰ ਸਿੰਘ ਕੋਚ,ਸ਼ਰਨਜੀਤ ਕੌਰ ਕੋਚ,ਰਾਜਵੀਰ ਸਿੰਘ ਕੋਚ, ਪੁਸ਼ਪਾ ਕੋਚ,ਬਲਜੀਤ ਸਿੰਘ, ਮਨਦੀਪ ਸਿੰਘ ਕੋਚ, ਸਿਮਰਨਜੀਤ ਕੌਰ ਕੋਚ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# ਗੋਲਡਨ ਏਜ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦੇ ਉਦਘਾਟਨ ਸਮਾਰੋਹ ਵਿੱਚ ਸੱਭਿਆਚਾਰਕ ਰੰਗ ਅਤੇ ਸਿਹਤ ਜਾਗਰੂਕਤਾ ਦੀ ਝਲਕ




**ਚੰਡੀਗੜ੍ਹ, 29 ਅਗਸਤ**
**-ਜੀ. ਐਸ. ਤੁੰਗ-**

ਗੋਲਡਨ ਏਜ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦਾ ਸ਼ਾਨਦਾਰ ਉਦਘਾਟਨ ਸਮਾਰੋਹ ਕਮਿਊਨਿਟੀ ਸੈਂਟਰ, ਸੈਕਟਰ-35 ਵਿਖੇ ਕਰਵਾਇਆ ਗਿਆ। ਸਮਾਰੋਹ ਵਿੱਚ ਮੁੱਖ ਮਹਿਮਾਨ ਕੌਂਸਲਰ ਸ੍ਰੀਮਤੀ ਪ੍ਰੇਮ ਲਤਾ ਨੇ ਆਪਣੀ ਗਰਿਮਾਮਈ ਹਾਜ਼ਰੀ ਦਰਜ ਕਰਵਾਈ।

ਪ੍ਰੋਗਰਾਮ ਦੀ ਸ਼ੁਰੂਆਤ ਸਰਸਵਤੀ ਵੰਦਨਾ ਨਾਲ ਹੋਈ। ਇਸ ਮੌਕੇ ਸ੍ਰੀਮਤੀ ਸ਼ਕੁੰਤਲਾ ਦੇਵੀ ਨੇ ਦੀਪ ਤੋਂ ਦੀਪ ਜਲੇ ਗੀਤ ਦੀ ਮਨਮੋਹਕ ਪੇਸ਼ਕਾਰੀ ਕਰਕੇ ਸਮਾਂ ਬੰਨ੍ਹ ਦਿੱਤਾ। ਸਮਾਰੋਹ ਦੌਰਾਨ ਰੱਖੜੀ ਦਾ ਤਿਉਹਾਰ ਵੀ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਗੋਲਡਨ ਗਰਲਜ਼ ਨੇ ਸ਼ਾਨਦਾਰ ਗਿੱਧਾ ਅਤੇ ਰੱਖੜੀ ਵਿਸ਼ੇਸ਼ ਪੇਸ਼ਕਾਰੀ ਨਾਲ ਸਾਰਿਆਂ ਦਾ ਮਨ ਮੋਹ ਲਿਆ।

ਇਸ ਮੌਕੇ ਐਸੋਸੀਏਸ਼ਨ ਦੇ ਗੋਲਡਨ ਬੁਆਇਜ਼ ਅਤੇ ਗੋਲਡਨ ਗਰਲਜ਼ ਦੇ ਜਨਮਦਿਨ ਵੀ ਸਾਂਝੇ ਤੌਰ 'ਤੇ ਮਨਾਏ ਗਏ।

ਪ੍ਰੋਗਰਾਮ ਦਾ ਆਯੋਜਨ ਐਸੋਸੀਏਸ਼ਨ ਦੇ ਪ੍ਰਧਾਨ ਗੋਪਾਲ ਕ੍ਰਿਸ਼ਨ ਸੂਦ, ਜਨਰਲ ਸਕੱਤਰ ਦੀਪਕ ਰਿਖੀ ਅਤੇ ਵਿੱਤ ਸਕੱਤਰ ਰੇਖਾ ਚਾਵੜਾ ਦੀ ਸੁਚੱਜੀ ਅਗਵਾਈ ਹੇਠ ਕੀਤਾ ਗਿਆ।

ਸੀਨੀਅਰ ਨਾਗਰਿਕਾਂ ਦੀ ਸਿਹਤ ਨੂੰ ਤਰਜੀਹ ਦਿੰਦਿਆਂ ਇਸ ਮੌਕੇ ਹੀਲਿੰਗ ਹਸਪਤਾਲ ਵੱਲੋਂ ਮੈਡੀਕਲ ਕੈਂਪ ਲਗਾਇਆ ਗਿਆ। ਹਸਪਤਾਲ ਦੀ ਮੈਡੀਕਲ ਟੀਮ ਵੱਲੋਂ ਸੀਨੀਅਰ ਨਾਗਰਿਕਾਂ ਦੀ ਸਿਹਤ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਡਾਕਟਰਾਂ ਵੱਲੋਂ ਸਿਹਤ ਸਬੰਧੀ ਮਹੱਤਵਪੂਰਨ ਜਾਣਕਾਰੀ ਸਾਂਝੀ ਕਰਦਿਆਂ ਵਿਸ਼ੇਸ਼ ਗੱਲਬਾਤ ਕੀਤੀ ਗਈ, ਜਿਸ ਦਾ ਮੈਂਬਰਾਂ ਨੇ ਭਰਪੂਰ ਲਾਭ ਲਿਆ।

ਇਸ ਸਮਾਰੋਹ ਨੇ ਸੀਨੀਅਰ ਨਾਗਰਿਕਾਂ ਵਿੱਚ ਆਪਸੀ ਮੇਲ-ਜੋਲ, ਸਿਹਤ ਪ੍ਰਤੀ ਜਾਗਰੂਕਤਾ ਅਤੇ ਸਰਗਰਮ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਨਵੀਂ ਊਰਜਾ ਅਤੇ ਉਤਸ਼ਾਹ ਦਾ ਸੰਚਾਰ ਕੀਤਾ।

# ਸ੍ਰੀ ਦਰਬਾਰ ਸਾਹਿਬ ਤੋ ਰਵਾਨਾ ਹੋਇਆ ਵਿਸ਼ਾਲ ਨਗਰ ਕੀਰਤਨ



**ਸਮਾਣਾ 29 ਅਗਸਤ**
**-ਜਗਦੇਵ ਸਿੰਘ ਜੱਗੀ-**

)ਸੱਚਖੰਡ ਸ੍ਰੀ ਹਰਿਮੰਦਰ ਸਾਹਿਬ (ਦਰਬਾਰ ਸਾਹਿਬ) ਤੋਂ ਰਵਾਨਾ ਹੋਇਆ ਵਿਸ਼ਾਲ ਨਗਰ ਕੀਰਤਨ ਅੱਜ ਪਾਤੜਾਂ ਅਤੇ ਘੱਗਾ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਪਹੁੰਚਿਆ। ਇਸ ਮੌਕੇ ਇਲਾਕੇ ਦੀ ਸੰਗਤ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਸੰਗਤ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।
ਨਗਰ ਕੀਰਤਨ ਦੌਰਾਨ ਪੰਥ ਦੀ ਪ੍ਰਸਿੱਧ ਸ਼ਖ਼ਸੀਅਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੜ ਨੇ ਵੀ ਹਾਜ਼ਰੀ ਲਗਵਾਈ ਅਤੇ ਸੰਗਤ ਨੂੰ ਗੁਰਬਾਣੀ ਦੇ ਉਪਦੇਸ਼ਾਂ ਅਨੁਸਾਰ ਜੀਵਨ ਬਤੀਤ ਕਰਨ, ਆਪਸੀ ਭਾਈਚਾਰਾ ਅਤੇ ਸੇਵਾ ਦੀ ਭਾਵਨਾ ਨੂੰ ਅਪਣਾਉਣ ਦਾ ਸੰਦੇਸ਼ ਦਿੱਤਾ।

ਨਗਰ ਕੀਰਤਨ ਵਿੱਚ ਸ਼ਬਦ ਕੀਰਤਨ, ਗਤਕਾ ਟੀਮਾਂ ਦੇ ਮਨਮੋਹਕ ਜੌਹਰ ਅਤੇ ਸਜਾਈਆਂ ਗਈਆਂ ਸੁੰਦਰ ਝਾਕੀਆਂ ਸੰਗਤ ਲਈ ਖਾਸ ਆਕਰਸ਼ਣ ਦਾ ਕੇਂਦਰ ਰਹੀਆਂ। ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਸੰਗਤ ਲਈ ਥਾਂ-ਥਾਂ ਠੰਢੇ ਮਿੱਠੇ ਜਲ, ਚਾਹ ਅਤੇ ਲੰਗਰ ਦੀ ਸੇਵਾ ਵੀ ਨਿਭਾਈ ਗਈ।
ਇਸ ਮੌਕੇ ਵੱਡੀ ਗਿਣਤੀ ਵਿੱਚ ਸਿੱਖ ਸੰਗਤ, ਧਾਰਮਿਕ ਆਗੂ, ਸਮਾਜ ਸੇਵੀ ਅਤੇ ਇਲਾਕੇ ਦੇ ਪਤਵੰਤੇ ਵਿਅਕਤੀ ਹਾਜ਼ਰ ਰਹੇ। ਪੂਰਾ ਮਾਹੌਲ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਨਾਲ ਗੂੰਜ ਉੱਠਿਆ।

# ਧਨੂੰਰ ਦੇ ਯੂ.ਐਸ.ਏ. ਵਾਸੀ ਨੌਜਵਾਨਾਂ ਨੇ ਮੰਡ ਸ਼ੇਰੀਆਂ ਦੰਗਲ ਮੇਲੇ ਤੇ ਮੋਟਰਸਾਈਕਲ ਦੇ ਕੇ ਪਾਇਆ ਯੋਗਦਾਨ



**ਮਾਛੀਵਾੜਾ ਸਾਹਿਬ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰੱਖਣ ਪੁੰਨਿਆ ਤੇ ਕਰਵਾਇਆ ਜਾਣ ਵਾਲਾ ਮੰਡ ਸ਼ੇਰੀਆਂ ਮੰਡ ਸੁੱਖੇਵਾਲ ਦਾ ਦੰਗਲ ਮੇਲਾ ਯਾਦਗਾਰੀ ਹੋ ਨਿਬੜਿਆ, ਜਿਸ ਵਿੱਚ ਪਹਿਲਵਾਨਾਂ ਨੂੰ ਜਿੱਥੇ ਨਗਦੀ ਦੇ ਰੂਪ ਵਿੱਚ ਵੱਡੇ ਇਨਾਮ ਦਿੱਤੇ ਗਏ ਉੱਥੇ ਹੀ ਬੁਲਟ ਮੋਟਰਸਾਈਕਲ, ਪਲੈਟੀਨਾ ਮੋਟਰਸਾਈਕਲ ,ਸੋਨੇ ਦੀਆਂ ਮੁੰਦੀਆਂ ਤੇ ਸੱਜਰ ਸੂਈ ਝੋਟੀ ਵੀ ਇਨਾਮ ਵਜੋਂ ਦਿੱਤੀ ਗਈ। ਪਿੰਡ ਧਨੂੰਰ ਦੇ ਐਨ.ਆਰ.ਆਈ. ਨੌਜਵਾਨ ਮਲਕੀਤ ਸਿੰਘ ਯੂ.ਐਸ.ਏ., ਮੰਗਲ ਸਿੰਘ ਯੂ.ਐਸ.ਏ.,ਜਸਪ੍ਰੀਤ ਕੌਰ ਯੂ.ਐਸ.ਏ., ਜਗਤਾਰ ਸਿੰਘ ਯੂ.ਐਸ.ਏ.,ਅਵਤਾਰ ਸਿੰਘ ਯੂ.ਐਸ.ਏ , ਮਾਸਟਰ ਬਖਤਾਬਰ ਸਿੰਘ ਸਾਊਥ ਕੋਰੀਆ , ਅੰਮ੍ਰਿਤ ਪਾਲ ਸਿੰਘ ਸਾਊਥ ਕੋਰੀਆ ,ਅਰਮਾਨ ਸਿੰਘ ਸਾਊਥ ਕੋਰੀਆ ਵੱਲੋਂ ਦੰਗਲ ਕਮੇਟੀ ਨੂੰ ਪਹਿਲਵਾਨਾ ਲਈ ਪਲੈਟੀਨਾ ਮੋਟਰਸਾਈਕਲ ਦਾਨ ਵਜੋਂ ਦਿੱਤਾ ਗਿਆ। ਪਰਿਵਾਰਿਕ ਮੈਂਬਰਾਂ ਪਰਮਿੰਦਰ ਸਿੰਘ, ਸੋਹਣ ਸਿੰਘ ,ਬਲਵਿੰਦਰ ਸਿੰਘ, ਕਸ਼ਮੀਰ ਸਿੰਘ ,ਜਸਵੀਰ ਸਿੰਘ, ਸ਼ੁੱਕਰ ਸਿੰਘ ਵੱਲੋਂ ਦਾਨ ਵਜੋਂ ਦਿੱਤਾ ਗਿਆ ਪਲੈਟੀਨਾ ਮੋਟਰਸਾਈਕਲ ਦੰਗਲ ਕਮੇਟੀ ਨੂੰ ਸੌਂਪਿਆ ਗਿਆ।

# ਕੁਲਵੰਤ ਸਿੰਘ ਸਿਆਲ ਬਣੇ ਓ.ਬੀ.ਸੀ. ਵਿਭਾਗ ਬਲਾਕ ਕਾਂਗਰਸ ਕਮੇਟੀ ਨਾਭਾ ਦੇ ਸ਼ਹਿਰੀ ਪ੍ਰਧਾਨ



**ਨਾਭਾ, 29 ਅਗਸਤ**
**-ਹਰਸ਼ਪ੍ਰੀਤ ਕੌਰ-**

ਕਾਂਗਰਸ ਪਾਰਟੀ ਵੱਲੋਂ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਜਥੇਬੰਦੀ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਤਹਿਤ ਬਲਾਕ ਕਾਂਗਰਸ ਕਮੇਟੀ ਨਾਭਾ ਦੇ ਓ.ਬੀ.ਸੀ. ਵਿਭਾਗ ਦੇ ਸ਼ਹਿਰੀ ਪ੍ਰਧਾਨ ਵਜੋਂ ਕੁਲਵੰਤ ਸਿੰਘ ਸਿਆਲ ਦੀ ਨਿਯੁਕਤੀ ਕੀਤੀ ਗਈ ਹੈ।

ਇਸ ਮੌਕੇ ਨਿਯੁਕਤੀ ਪੱਤਰ ਸਰਦਾਰ ਸਾਧੂ ਸਿੰਘ ਧਰਮਸੋਤ, ਵਿਧਾਨ ਸਭਾ ਨਾਭਾ ਹਲਕਾ ਦੇ ਸਾਬਕਾ ਮੰਤਰੀ, ਵੱਲੋਂ ਕੁਲਵੰਤ ਸਿੰਘ ਸਿਆਲ ਨੂੰ ਸੌਂਪਿਆ ਗਿਆ। ਸਰਦਾਰ ਸਾਧੂ ਸਿੰਘ ਧਰਮਸੋਤ ਨੇ ਨਵ-ਨਿਯੁਕਤ ਅਹੁਦੇਦਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਓ.ਬੀ.ਸੀ. ਵਰਗ ਸਮਾਜ ਦਾ ਇੱਕ ਮਹੱਤਵਪੂਰਨ ਹਿੱਸਾ ਹੈ ਅਤੇ ਇਸ ਵਰਗ ਨਾਲ ਸਬੰਧਤ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਜਾਗਰ ਕਰਕੇ ਉਨ੍ਹਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਪਾਰਟੀ ਦੀ ਮਜ਼ਬੂਤੀ ਲਈ ਵਰਕਰਾਂ ਨੂੰ ਇਕਜੁੱਟ ਹੋ ਕੇ ਲੋਕਾਂ ਨਾਲ ਸੰਪਰਕ ਵਧਾਉਣ ਦੀ ਲੋੜ ਹੈ। ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਕੁਲਵੰਤ ਸਿੰਘ ਸਿਆਲ ਨੇ ਸਰਦਾਰ ਸਾਧੂ ਸਿੰਘ ਧਰਮਸੋਤ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਨਿਸ਼ਠਾ ਅਤੇ ਮਿਹਨਤ ਨਾਲ ਨਿਭਾਉਣਗੇ।

# CGC ਯੂਨੀਵਰਸਿਟੀ ਮੋਹਾਲੀ ਨੂੰ ਮਿਲਿਆ ਵੱਕਾਰੀ 'ਗਲੋਬਲ ਐਜੂਕਲਚਰ ਨੇਕਸਟ ਜੈਨ ਯੂਨੀਵਰਸਿਟੀ 2026' ਐਵਾਰਡ

**ਮੁਹਾਲੀ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀ ਜੀ ਸੀ ਯੂਨੀਵਰਸਿਟੀ ਮੋਹਾਲੀ ਨੂੰ ਨਵੀਂ ਦਿੱਲੀ ਦੇ ਦਿ ਅਸ਼ੋਕ ਹੋਟਲ ਵਿਖੇ ਲੋਕਨਾਇਕ ਜੈਪ੍ਰਕਾਸ਼ ਨੈਸ਼ਨਲ ਆਰਟ ਐਂਡ ਕਲਚਰ ਫਾਊਂਡੇਸ਼ਨ ਵੱਲੋਂ ਆਯੋਜਿਤ 'ਗਲੋਬਲ ਐਜੂਕਲਚਰ ਕਨਕਲੇਵ 2026' ਦੌਰਾਨ ਵੱਕਾਰੀ 'ਗਲੋਬਲ ਐਜੂਕਲਚਰ ਨੇਕਸਟ ਜੈਨ ਯੂਨੀਵਰਸਿਟੀ 2026' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਮਾਣਯੋਗ ਮਾਨਤਾ ਯੂਨੀਵਰਸਿਟੀ ਵੱਲੋਂ ਭਵਿੱਖ ਲਈ ਤਿਆਰ ਸਿੱਖਿਆ, ਅਕਾਦਮਿਕ ਉੱਤਮਤਾ ਅਤੇ ਨਵੀਨਤਾ ਨੂੰ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਦੇ ਯਤਨਾਂ ਨੂੰ ਸਮਰਪਿਤ ਹੈ।




ਇਹ ਐਵਾਰਡ ਸਿੱਖਿਆ ਸ਼ਾਸਤਰੀਆਂ, ਸੱਭਿਆਚਾਰਕ ਆਗੂਆਂ ਅਤੇ ਨਾਮਵਰ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਸੀ ਜੀ ਸੀ ਯੂਨੀਵਰਸਿਟੀ, ਮੋਹਾਲੀ ਵੱਲੋਂ ਸੱਭਿਆਚਾਰਕ ਮਾਮਲਿਆਂ ਦੇ ਸਹਾਇਕ ਨਿਰਦੇਸ਼ਕ ਵੈਭਵ ਕੇਲੇ ਵਲੋਂ ਪ੍ਰਾਪਤ ਕੀਤਾ ਗਿਆ। ਇਹ ਸਨਮਾਨ ਭਾਰਤ ਸਰਕਾਰ ਦੇ ਸਾਬਕਾ ਕੇਂਦਰੀ ਸਿੱਖਿਆ ਮੰਤਰੀ ਡਾ. ਰਮੇਸ਼ ਪੋਖਰਿਅਲ 'ਨਿਸ਼ੰਕ', ਨਵੀਂ ਦਿੱਲੀ ਵਿੱਚ ਪੋਲਿਸ਼ ਇੰਸਟੀਚਿਊਟ ਦੇ ਡਾਇਰੈਕਟਰ ਮਾਣਯੋਗ ਮਾਲਗੋਰਜ਼ਾਟਾ ਵੇਜਸਿਸ-ਗੋਲੇਬੀਅਕ, ਅਤੇ ਇੰਦਰਾ ਗਾਂਧੀ ਨੈਸ਼ਨਲ ਸੈਂਟਰ ਫਾਰ ਦਾ ਆਰਟਸ ਦੇ ਚੇਅਰਮੈਨ ਪਦਮ ਭੂਸ਼ਣ ਰਾਮ ਬਹਾਦਰ ਰਾਏ ਦੇ ਵਿਸ਼ੇਸ਼ ਪੈਨਲ ਦੁਆਰਾ ਪ੍ਰਦਾਨ ਕੀਤਾ ਗਿਆ।

ਇਸ ਮੌਕੇ 'ਤੇ ਖ਼ੁਸ਼ੀ ਜ਼ਾਹਰ ਕਰਦਿਆਂ ਫਾਦਰ ਆਫ ਐਜ਼ੂਕੇਸ਼ਨ ਦੇ ਐਡਵਾਰ ਨਾਲ ਸਨਮਾਨਿਤ ਅਤੇ ਸੀ ਜੀ ਸੀ ਯੂਨੀਵਰਸਿਟੀ ਦੇ ਚਾਂਸਲਰ ਰਛਪਾਲ ਧਾਲੀਵਾਲ ਨੇ ਕਿਹਾ ਕਿ ਇਹ ਐਵਾਰਡ ਇਸ ਗੱਲ ਦਾ ਪ੍ਰਤੀਬਿੰਬ ਹੈ ਕਿ ਸਾਡੀ ਯੂਨੀਵਰਸਿਟੀ ਆਧੁਨਿਕ ਸਿੱਖਿਆ ਅਤੇ ਤਕਨੀਕ ਦੇ ਨਾਲ-ਨਾਲ ਆਪਣੇ ਵਿਦਿਆਰਥੀਆਂ ਵਿੱਚ ਮਜ਼ਬੂਤ ਸੱਭਿਆਚਾਰਕ ਕਦਰਾਂ-ਕੀਮਤਾਂ ਅਤੇ ਨੈਤਿਕਤਾ ਨੂੰ ਪੈਦਾ ਕਰਨ ਲਈ ਕਿੰਨੀ ਵਚਨਬੱਧ ਹੈ। ਅਸੀਂ ਆਪਣੇ ਨੌਜਵਾਨਾਂ ਨੂੰ ਨਾ ਸਿਰਫ਼ ਪੇਸ਼ੇਵਰ ਤੌਰ 'ਤੇ ਕਾਬਲ ਬਣਾ ਰਹੇ ਹਾਂ, ਸਗੋਂ ਉਨ੍ਹਾਂ ਨੂੰ ਆਪਣੀ ਅਮੀਰ ਵਿਰਾਸਤ ਨਾਲ ਵੀ ਜੋੜ ਰਹੇ ਹਾਂ।

ਯੂਨੀਵਰਸਿਟੀ ਦੇ ਮੈਨੇਜਿੰਗ ਡਾਇਰੈਕਟਰ ਅਰਸ਼ ਧਾਲੀਵਾਲ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਹ ਮਾਣਮੱਤੀ ਪ੍ਰਾਪਤੀ ਸਾਡੀ ਪੂਰੀ ਟੀਮ ਦੀ ਦਿਨ-ਰਾਤ ਦੀ ਮਿਹਨਤ ਅਤੇ ਨਵੀਨਤਾਕਾਰੀ ਸੋਚ ਨੂੰ ਦਰਸਾਉਂਦੀ ਹੈ। ਅਸੀਂ ਭਵਿੱਖ ਦੀਆਂ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਮਾਹੌਲ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਸਮਾਜ ਪ੍ਰਤੀ ਜ਼ਿੰਮੇਵਾਰ ਇਨਸਾਨ ਬਣਾਉਣ ਲਈ ਯਤਨਸ਼ੀਲ ਹਾਂ।

ਇਹ ਪ੍ਰਾਪਤੀ ਸੀ ਜੀ ਸੀ ਯੂਨੀਵਰਸਿਟੀ ਦੀ ਉਸ ਯਾਤਰਾ ਵਿੱਚ ਇੱਕ ਮਹੱਤਵਪੂਰਨ ਪੜਾਅ ਹੈ ਜੋ ਇੱਕ ਅਜਿਹੇ ਅਗਾਂਹਵਧੂ ਵਿਦਿਅਕ ਢਾਂਚੇ ਦੀ ਸਿਰਜਣਾ ਕਰ ਰਹੀ ਹੈ ਜੋ ਸੱਭਿਆਚਾਰਕ ਕਦਰਾਂ-ਕੀਮਤਾਂ ਨਾਲ ਜੁੜੇ ਰਹਿ ਕੇ ਆਧੁਨਿਕ ਵਿਦਿਆਰਥੀਆਂ ਦੀਆਂ ਇੱਛਾਵਾਂ ਨੂੰ ਪੂਰਾ ਕਰਦਾ ਹੈ। ਇੱਕ ਗਤੀਸ਼ੀਲ ਸੰਸਥਾ ਵਜੋਂ, ਯੂਨੀਵਰਸਿਟੀ ਨਵੀਨਤਾ, ਖੋਜ, ਉਦਯੋਗਿਕ ਤਜ਼ਰਬੇ ਅਤੇ ਸਮੁੱਚੇ ਵਿਦਿਆਰਥੀ ਵਿਕਾਸ ਰਾਹੀਂ ਆਪਣੇ ਅਕਾਦਮਿਕ ਮਿਆਰਾਂ ਨੂੰ ਲਗਾਤਾਰ ਉੱਚਾ ਚੁੱਕ ਰਹੀ ਹੈ।

# ਕੈਲੇਫੋਰਨੀਆ ਅਸੈਂਬਲੀ 'ਚ 8 ਨਵੰਬਰ ਨੂੰ ਮਨਾਇਆ ਜਾਵੇਗਾ ਦੀਵਾਲੀ ਦਿਵਸ

**ਸੈਕਰਾਮੈਂਟੋ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਮਰੀਕਾ 'ਚ ਕੈਲੇਫੋਰਨੀਆ ਸਟੇਟ ਅਸੈਂਬਲੀ ਵਲੋਂ ਇੱਕ ਇਤਿਹਾਸਕ ਕਦਮ ਚੁੱਕਦਿਆਂ ਇਸ ਸਾਲ ਐਤਵਾਰ 8 ਨਵੰਬਰ 2026 ਨੂੰ ਦੀਵਾਲੀ ਦਿਵਸ ਵਜੋਂ ਮਨਾਉਣ ਦਾ ਮਤਾ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਹੈ। ਇਹ ਮਤਾ ਅਸੈਂਬਲੀ ਮੈਂਬਰਾਂ ਦਰਸ਼ਨਾ ਪਟੇਲ ਅਤੇ ਐਸ਼ ਕਾਲਰਾ ਵਲੋਂ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਸਟੇਟ ਦੇ ਸਮੂਹ ਨਾਗਰਿਕਾਂ ਨੂੰ ਇਸ ਖ਼ੁਸ਼ੀ ਦੇ ਤਿਓਹਾਰ 'ਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਗਈ ਹੈ।

ਇਹ ਇਤਿਹਾਸਕ ਮਤਾ ਅਮਰੀਕਾ 'ਚ ਰਹਿੰਦੇ ਭਾਰਤੀਆਂ, ਦੱਖਣੀ ਏਸ਼ੀਆਈ ਭਾਈਚਾਰੇ ਅਤੇ ਦੁਨੀਆਂ ਭਰ 'ਚ ਫ਼ੈਲੇ ਭਾਰਤੀ ਪ੍ਰਵਾਸੀਆਂ ਪ੍ਰਤੀ ਡੂੰਘਾ ਸਤਿਕਾਰ ਪ੍ਰਗਟ ਕਰਦਾ ਹੈ। ਮਤੇ 'ਚ ਵਿਸ਼ੇਸ਼ ਤੌਰ ਤਜ਼ਿਕਰ ਕੀਤਾ ਗਿਆ ਹੈ ਕਿ ਦੀਵਾਲੀ ਭਾਰਤੀ ਅਮਰੀਕੀਆਂ ਅਤੇ ਦੱਖਣੀ ਏਸ਼ੀਆਈ ਅਮਰੀਕੀਆਂ ਲਈ ਇੱਕ ਬੇਹੱਦ ਮਹੱਤਵਪੂਰਣ ਤਿਓਹਾਰ ਹੈ ਜਿਸ ਨੂੰ ਹਰ ਸਾਲ ਹਿੰਦੂ, ਸਿੱਖ, ਬੋਧ ਅਤੇ ਜੈਨ ਭਾਈਚਾਰੇ ਦੇ ਲੋਕਾਂ ਵਲੋਂ ਮਿਲ ਕੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਦੀਵਿਆਂ ਦੀ ਕਤਾਰ ਭਾਵ ਦੀਪਾਵਲੀ ਦੁਨੀਆਂ ਦੇ ਸਭ ਤੋਂ ਪੁਰਾਣੇ ਤਿਓਹਾਰਾਂ 'ਚੋਂ ਇੱਕ ਹੈ ਜੋ ਪਰਿਵਾਰਾਂ, ਦੋਸਤਾਂ ਅਤੇ ਵੱਖ-ਵੱਖ ਭਾਈਚਾਰਿਆਂ ਨੂੰ ਆਪਸੀ ਉਦਾਰਤਾ, ਏਕਤਾ, ਖ਼ੁਸ਼ੀ ਅਤੇ ਸ਼ੁਕਰਗੁਜ਼ਾਰੀ ਦੇ ਸੂਤਰ 'ਚ ਪਰੋਂਦਾ ਹੈ। ਰੌਸ਼ਨੀ ਦੇ ਤਿਓਹਾਰ ਵਜੋਂ ਜਾਣੀ ਜਾਂਦੀ ਦਿਵਾਲੀ ਦੇ ਸ਼ੁੱਭ ਮੌਕੇ ਤਲੋਕ ਆਪਣੇ ਘਰਾਂ ਨੂੰ ਮੋਮਬੱਤੀਆਂ, ਦੀਵਿਆਂ ਅਤੇ ਮਿੱਟੀ ਦੇ ਦੀਵਿਆਂ ਨਾਲ ਰੌਸ਼ਨ ਕਰਦੇ ਹਨ ਅਤੇ ਚੰਗੀ ਸਿਹਤ, ਗਿਆਨ, ਸ਼ਾਂਤੀ ਤੇ ਖ਼ੁਸ਼ਹਾਲੀ ਦੀ ਕਾਮਨਾ ਕਰਦੇ ਹਨ।

# ਪੰਜਾਬ ਦੇ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਪੰਜਾਬ ਤੇ ਹਰਿਆਣਾ ਬਾਰ ਕੌਂਸਲ ਦੇ ਚੇਅਰਮੈਨ ਨਿਯੁਕਤ



**ਚੰਡੀਗੜ੍ਹ, 29 ਅਗਸਤ**
**-ਹਰਮਨਪ੍ਰੀਤ ਕੌਰ-**

ਬਾਰ ਕੌਂਸਲ ਆਫ਼ ਇੰਡੀਆ (ਬੀ.ਸੀ.ਆਈ.) ਵੱਲੋਂ ਪੰਜਾਬ ਦੇ ਐਡਵੋਕੇਟ ਜਨਰਲ ਸ.ਮਨਿੰਦਰਜੀਤ ਸਿੰਘ ਬੇਦੀ ਨੂੰ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।
ਸ. ਬੇਦੀ, ਜੋ ਕਿ ਮੌਜੂਦਾ ਸਮੇਂ ਪੰਜਾਬ ਰਾਜ ਦੇ ਐਡਵੋਕੇਟ ਜਨਰਲ ਵਜੋਂ ਸੇਵਾ ਨਿਭਾ ਰਹੇ ਹਨ, ਬਾਰ ਵਿੱਚ ਵਿਸ਼ਾਲ ਤਜ਼ਰਬੇ ਵਾਲੇ ਇੱਕ ਪ੍ਰਮੁੱਖ ਕਾਨੂੰਨੀ ਮਾਹਿਰ ਹਨ। ਬਾਰ ਕੌਂਸਲ, ਜੋ ਕਿ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕਾਨੂੰਨੀ ਪੇਸ਼ੇ ਅਤੇ ਕਾਨੂੰਨੀ ਸਿੱਖਿਆ ਨੂੰ ਰੈਗੂਲੇਟ ਕਰਨ ਵਾਲੀ ਸਿਖਰਲੀ ਸੰਵਿਧਾਨਕ ਸੰਸਥਾ ਹੈ ,ਦੇ ਚੇਅਰਮੈਨ ਵਜੋਂ ਉਨ੍ਹਾਂ ਦੀ ਨਿਯੁਕਤੀ ਨੂੰ ਖ਼ਿੱਤੇ ਵਿੱਚ ਕਾਨੂੰਨੀ ਭਾਈਚਾਰੇ ਦੀ ਮਜ਼ਬੂਤੀ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ ਜਾ ਰਿਹਾ ਹੈ।
ਸ. ਬੇਦੀ ਨੇ ਉਨ੍ਹਾਂ 'ਤੇ ਭਰੋਸਾ ਪ੍ਰਗਟਾਉਣ ਲਈ ਵਕੀਲ ਭਾਈਚਾਰੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਵਕੀਲਾਂ ਦੀ ਭਲਾਈ ਲਈ ਕੰਮ ਕਰਨ, ਪੇਸ਼ੇਵਰ ਕਦਰਾਂ-ਕੀਮਤਾਂ ਦੇ ਉੱਚ ਮਾਪਦੰਡਾਂ ਨੂੰ ਯਕੀਨੀ ਬਣਾਉਣ ਅਤੇ ਕਾਨੂੰਨੀ ਸਿੱਖਿਆ ਤੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਲਈ ਲਗਾਤਾਰ ਯਤਨਸ਼ੀਲ ਰਹਿਣਗੇ।
ਪੰਜਾਬ ਅਤੇ ਹਰਿਆਣਾ ਦੇ ਕਾਨੂੰਨੀ ਭਾਈਚਾਰੇ ਨੇ ਸ. ਬੇਦੀ ਦੀ ਇਸ ਨਿਯੁਕਤੀ ਦਾ ਸਵਾਗਤ ਕੀਤਾ ਹੈ।

# ਚਲਹੇੜੀ ਅਤੇ ਖਜੂਰ ਪੀਰ ਕਾਲੋਨੀ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਰਾਜਪੁਰਾ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਸ਼ੰਭੂ ਦੇ ਪਿੰਡਚਲਹੇੜੀ ਅਤੇ ਖਜੂਰ ਪੀਰ ਕਾਲੋਨੀ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ। ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸੰਤ ਬਾਬਾ ਸੁੱਚਾ ਸਿੰਘ ਜੀ ਦੀ 24ਵੀਂ ਬਰਸੀ ਮੌਕੇ ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀ




**ਲੁਧਿਆਣਾ, 29 ਅਗਸਤ**
**-ਜਗਮੇਲ ਸਿੰਘ ਢਿਲੋਂ-**

ਜਵੱਦੀ ਟਕਸਾਲ ਦੇ ਬਾਨੀ ਅਤੇ ਗੁਰਮਤਿ ਸੰਗੀਤ ਦੇ ਮਹਾਨ ਪ੍ਰਚਾਰਕ ਸੱਚਖੰਡ ਵਾਸੀ ਸੰਤ ਬਾਬਾ ਸੁੱਚਾ ਸਿੰਘ ਜੀ ਦੀ 24ਵੀਂ ਸਾਲਾਨਾ ਬਰਸੀ ਸਮਾਗਮ ਦੇ ਅੰਤਿਮ ਦਿਨ ਧਾਰਮਿਕ, ਸਮਾਜਿਕ, ਵਿਦਿਅਕ ਅਤੇ ਰਾਜਨੀਤਕ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਕੇ ਸ਼ਰਧਾਂਜਲੀ ਭੇਟ ਕੀਤੀ।

ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਕੀਰਤਨੀਏ ਭਾਈ ਕੁਲਦੀਪ ਸਿੰਘ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਨਿਰਮਲ ਸੰਪ੍ਰਦਾਇ ਦੇ ਮੁਖੀ ਮਹੰਤ ਗਿਆਨ ਦੇਵ ਜੀ ਨੇ ਕਿਹਾ ਕਿ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਜਵੱਦੀ ਟਕਸਾਲ ਰਾਹੀਂ ਰੂਹਾਨੀ ਗਿਆਨ ਦੀ ਗੰਗਾ ਵਗਾਈ। ਉਨ੍ਹਾਂ ਦਾ ਜੀਵਨ ਹਰ ਵਰਗ ਲਈ ਪ੍ਰੇਰਣਾਦਾਇਕ ਸੀ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸੀਮਤ ਸਾਧਨਾਂ ਦੇ ਬਾਵਜੂਦ ਗੁਰਮਤਿ ਅਤੇ ਗੁਰਬਾਣੀ ਦੇ ਪ੍ਰਚਾਰ-ਪ੍ਰਸਾਰ ਲਈ ਮਹਾਨ ਕਾਰਜ ਕੀਤੇ।

ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਆਪਣਾ ਜੀਵਨ ਗੁਰਮਤਿ ਸੰਗੀਤ ਅਤੇ ਗੁਰਬਾਣੀ ਨੂੰ ਸਮਰਪਿਤ ਕੀਤਾ। ਸਮਾਗਮ ਵਿੱਚ ਵੱਖ-ਵੱਖ ਸੰਤ ਮਹਾਂਪੁਰਸ਼ਾਂ, ਧਾਰਮਿਕ ਆਗੂਆਂ ਅਤੇ ਪ੍ਰਮੁੱਖ ਸ਼ਖਸੀਅਤਾਂ ਨੇ ਹਾਜ਼ਰੀ ਭਰੀ।

# ਸੀ-ਪਾਈਟ ਕੈਂਪ ਲੁਧਿਆਣਾ 'ਚ CAPF ਸਮੇਤ ਸੁਰੱਖਿਆ ਬਲਾਂ ਦੀ ਭਰਤੀ ਲਈ 1 ਸਤੰਬਰ ਤੋਂ ਟਰਾਇਲ

**ਲੁਧਿਆਣਾ, 29 ਅਗਸਤ**
**-ਜਗਮੇਲ ਸਿੰਘ ਢਿਲੋਂ-**

ਜ਼ਿਲ੍ਹਾ ਲੁਧਿਆਣਾ ਅਤੇ ਮਲੇਰਕੋਟਲਾ ਦੇ ਨੌਜਵਾਨਾਂ ਨੂੰ CAPF (GD), CISF, CRPF, ITBP, SSB ਅਤੇ SSF ਦੀ ਭਰਤੀ ਲਈ ਮੁਫ਼ਤ ਸਿਖਲਾਈ ਦੇਣ ਵਾਸਤੇ ਸੀ-ਪਾਈਟ ਕੈਂਪ ਲੁਧਿਆਣਾ ਵਿਖੇ 1 ਸਤੰਬਰ 2026 ਤੋਂ ਟਰਾਇਲ ਸ਼ੁਰੂ ਕੀਤੇ ਜਾ ਰਹੇ ਹਨ।

ਸੀ-ਪਾਈਟ ਕੈਂਪ ਦੇ ਟਰੇਨਿੰਗ ਅਫਸਰ ਇੰਦਰਜੀਤ ਕੁਮਾਰ ਨੇ ਦੱਸਿਆ ਕਿ ਚਾਹਵਾਨ ਉਮੀਦਵਾਰ ਸੀ-ਪਾਈਟ ਕੈਂਪ, ਆਈ.ਟੀ.ਆਈ. ਗਿੱਲ ਰੋਡ, ਲੁਧਿਆਣਾ ਵਿਖੇ ਟਰਾਇਲ ਲਈ ਰਿਪੋਰਟ ਕਰ ਸਕਦੇ ਹਨ। ਇਨ੍ਹਾਂ ਭਰਤੀਆਂ ਲਈ ਰਜਿਸਟ੍ਰੇਸ਼ਨ ਸਤੰਬਰ ਅਤੇ ਅਕਤੂਬਰ ਮਹੀਨੇ ਦੌਰਾਨ ਕੀਤੀ ਜਾ ਰਹੀ ਹੈ।

ਉਮੀਦਵਾਰ ਆਪਣੇ ਨਾਲ 10ਵੀਂ, 12ਵੀਂ ਅਤੇ ਉੱਚ ਵਿੱਦਿਅਕ ਯੋਗਤਾ ਦੇ ਸਰਟੀਫਿਕੇਟਾਂ ਦੀਆਂ ਫੋਟੋ ਕਾਪੀਆਂ, ਆਧਾਰ ਕਾਰਡ ਅਤੇ ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਆਉਣ।

ਟਰਾਇਲ ਵਿੱਚ ਸਫਲ ਰਹਿਣ ਵਾਲੇ ਨੌਜਵਾਨਾਂ ਨੂੰ ਭਰਤੀ ਦੀ ਤਿਆਰੀ ਲਈ ਟ੍ਰੇਨਿੰਗ, ਰਿਹਾਇਸ਼ ਅਤੇ ਖਾਣਾ ਪੰਜਾਬ ਸਰਕਾਰ ਵੱਲੋਂ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ।

# ਭਾਰਤ ਅਮਰੀਕਾ ਤੋਂ ਖਰੀਦੇਗਾ 'ਜੈਵਲਿਨ' ਐਂਟੀ-ਟੈਂਕ ਮਿਜ਼ਾਈਲ

**ਨਵੀਂ ਦਿੱਲੀ, 28 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਅਮਰੀਕਾ ਤੋਂ ਜੈਵਲਿਨ ਨਾਂ ਦੀ ਐਂਟੀ-ਟੈਂਕ ਮਿਜ਼ਾਈਲ ਖਰੀਦੇਗਾ। ਇਹ ਮਿਜ਼ਾਈਲ ਜ਼ਮੀਨ ਉੱਤੇ ਤਾਇਨਾਤ ਫ਼ੌਜੀਆਂ ਵੱਲੋਂ ਦਾਗੀ ਜਾਂਦੀ ਹੈ ਅਤੇ 5 ਕਿਲੋਮੀਟਰ ਤੱਕ ਦੀ ਦੂਰੀ ਉੱਤੇ ਮੌਜੂਦ ਟੈਂਕਾਂ, ਬਖ਼ਤਰਬੰਦ ਵਾਹਨਾਂ ਅਤੇ ਦੁਸ਼ਮਣ ਦੇ ਕਿਲੇਬੰਦ ਟਿਕਾਣਿਆਂ ਨੂੰ ਨਿਸ਼ਾਨਾ ਬਣਾ ਸਕਦੀ ਹੈ।



ਭਾਰਤ ਵਿੱਚ ਅਮਰੀਕੀ ਦੂਤਾਵਾਸ ਨੇ ਸ਼ੁੱਕਰਵਾਰ ਨੂੰ ਅਮਰੀਕੀ ਸਰਕਾਰ ਰਾਹੀਂ ਜੈਵਲਿਨ ਐਂਟੀ-ਟੈਂਕ ਗਾਈਡਡ ਮਿਜ਼ਾਈਲ ਸਿਸਟਮ ਦੀ ਖਰੀਦ ਲਈ ਭਾਰਤੀ ਫ਼ੌਜ ਵੱਲੋਂ 'ਲੈਟਰ ਆਫ਼ ਆਫ਼ਰ ਐਂਡ ਐਕਸੈਪਟੈਂਸ' (LOA) ਉੱਤੇ ਦਸਤਖ਼ਤ ਕਰਨ ਦਾ ਸਵਾਗਤ ਕੀਤਾ।

ਪਿਛਲੇ ਸਾਲ ਨਵੰਬਰ ਵਿੱਚ, ਅਮਰੀਕੀ ਰੱਖਿਆ ਸੁਰੱਖਿਆ ਸਹਿਯੋਗ ਏਜੰਸੀ ਨੇ ਇੱਕ ਨੋਟੀਫਿਕੇਸ਼ਨ ਰਾਹੀਂ ਭਾਰਤ ਨੂੰ ਜੈਵਲਿਨ ਦੀ ਵਿਕਰੀ ਦਾ ਐਲਾਨ ਕੀਤਾ ਸੀ। ਇਸ ਵਿੱਚ ਕਿਹਾ ਗਿਆ ਹੈ ਕਿ ਅਮਰੀਕੀ ਵਿਦੇਸ਼ ਵਿਭਾਗ ਨੇ 100 ਜੈਵਲਿਨ ਮਿਜ਼ਾਈਲਾਂ, ਇੱਕ 'ਫਲਾਈ-ਟੂ-ਬਾਈ' ਰਾਊਂਡ, 25 ਕਮਾਂਡ-ਲਾਂਚ ਯੂਨਿਟ, ਸਿਖਲਾਈ ਸਹਾਇਤਾ, ਸਿਮੂਲੇਸ਼ਨ ਰਾਊਂਡ, ਸਪੇਅਰ ਪਾਰਟਸ ਦੀ ਵਿਕਰੀ ਨੂੰ ਮਨਜ਼ੂਰੀ ਦੇ ਦਿੱਤੀ ਹੈ।

ਭਾਰਤ ਵਿੱਚ ਅਮਰੀਕੀ ਰਾਜਦੂਤ ਸਰਜੀਓ ਗੋਰ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' ਉੱਤੇ ਪੋਸਟ ਕਰਦਿਆਂ ਕਿਹਾ, ਇਹ ਸਮਝੌਤਾ ਇੱਕ ਅਜਿਹੀ ਰੱਖਿਆ ਭਾਈਵਾਲੀ ਨੂੰ ਦਰਸਾਉਂਦਾ ਹੈ ਜੋ ਡੂੰਘੀ, ਵਧੇਰੇ ਸਮਰੱਥ ਅਤੇ ਵਧੇਰੇ ਮਹੱਤਵਪੂਰਨ ਹੁੰਦੀ ਜਾ ਰਹੀ ਹੈ। ਗੋਰ ਨੇ ਕਿਹਾ ਕਿ ਜੈਵਲਿਨ ਸਮਝੌਤਾ ਭਾਰਤੀ ਫ਼ੌਜ ਲਈ ਅਮਰੀਕੀ ਸਮਰਥਨ ਦੀ ਡੂੰਘਾਈ ਨੂੰ ਪ੍ਰਦਰਸ਼ਿਤ ਕਰਦਾ ਹੈ ਅਤੇ ਦੋਵਾਂ ਦੇਸ਼ਾਂ ਦੇ ਰੱਖਿਆ ਉਦਯੋਗਾਂ ਨੂੰ ਮਿਲ ਕੇ ਕੰਮ ਕਰਨ ਲਈ ਨਵੇਂ ਮੌਕੇ ਪੈਦਾ ਕਰਦਾ ਹੈ। ਜੈਵਲਿਨ ਸਿਸਟਮ ਅਮਰੀਕਾ ਦੀਆਂ ਦੋ ਕੰਪਨੀਆਂ— ਆਰਟੀਐਕਸ ਅਤੇ ਲਾਕਹੀਡ ਮਾਰਟਿਨ ਵਿਚਕਾਰ ਸਾਂਝੇਦਾਰੀ ਨਾਲ ਤਿਆਰ ਕੀਤਾ ਜਾਂਦਾ ਹੈ।

# ਲੁਧਿਆਣਾ 'ਚ ISI ਲਈ ਜਾਸੂਸੀ ਕਰਨ ਵਾਲਾ ਕਥਿਤ ਏਜੰਟ ਗ੍ਰਿਫ਼ਤਾਰ, ਲਾਈਵ ਕੈਮਰਾ ਫੀਡ ਪਾਕਿਸਤਾਨ ਭੇਜਣ ਦੇ ਦੋਸ਼

**ਲੁਧਿਆਣਾ, 29 ਅਗਸਤ/ਦੁੱਗਰੀ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ਹਿਰ ਵਿੱਚ ਪਾਕਿਸਤਾਨ ਦੀ ਖੁਫੀਆ ਏਜੰਸੀ ISI ਲਈ ਕਥਿਤ ਤੌਰ 'ਤੇ ਕੰਮ ਕਰਨ ਵਾਲੇ ਇੱਕ ਵਿਅਕਤੀ ਦੀ ਗ੍ਰਿਫ਼ਤਾਰੀ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ, ਇਹ ਵਿਅਕਤੀ ਜੁੱਤਿਆਂ ਦਾ ਵਪਾਰੀ ਬਣ ਕੇ ਸ਼ਹਿਰ ਵਿੱਚ ਸਰਗਰਮ ਸੀ ਅਤੇ ਕਥਿਤ ਤੌਰ 'ਤੇ ਲਾਈਵ ਕੈਮਰਿਆਂ ਦੀ ਫੀਡ ਪਾਕਿਸਤਾਨ ਵਿੱਚ ਬੈਠੇ ਆਪਣੇ ਆਕਾਵਾਂ ਤੱਕ ਪਹੁੰਚਾ ਰਿਹਾ ਸੀ। ਗੁਪਤ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਨੇ ਕਾਰਵਾਈ ਕਰਦਿਆਂ ਜਾਲ ਵਿਛਾ ਕੇ ਮੁਲਜ਼ਮ ਨੂੰ ਕਾਬੂ ਕੀਤਾ। ਪੁਲਿਸ ਵੱਲੋਂ ਹੁਣ ਉਸ ਤੋਂ ਪੁੱਛਗਿੱਛ ਕਰਕੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਉਹ ਕਿਸ ਮਕਸਦ ਨਾਲ ਇਹ ਗਤੀਵਿਧੀਆਂ ਕਰ ਰਿਹਾ ਸੀ ਅਤੇ ਉਸ ਦੇ ਸੰਪਰਕ ਕਿਨ੍ਹਾਂ-ਕਿਨ੍ਹਾਂ ਲੋਕਾਂ ਨਾਲ ਸਨ।

ਇਹ ਵੀ ਦੱਸਿਆ ਜਾ ਰਿਹਾ ਹੈ ਕਿ ਮੁਲਜ਼ਮ ਵੱਲੋਂ ਵੱਖ-ਵੱਖ ਨੰਬਰਾਂ ਤੋਂ ਧਮਕੀਆਂ ਦੇਣ ਦੀਆਂ ਗਤੀਵਿਧੀਆਂ ਵੀ ਕੀਤੀਆਂ ਜਾ ਰਹੀਆਂ ਸਨ। ਮਾਮਲੇ ਦੀ ਜਾਂਚ ਜਾਰੀ ਹੈ ਅਤੇ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਇਸ ਪੂਰੇ ਨੈੱਟਵਰਕ ਅਤੇ ਕਥਿਤ ਸਾਜ਼ਿਸ਼ ਬਾਰੇ ਹੋਰ ਜਾਣਕਾਰੀ ਸਾਹਮਣੇ ਆ ਸਕੇਗੀ।

ਹੁਣ ਸਭ ਦੀ ਨਜ਼ਰ ਇਸ ਗੱਲ 'ਤੇ ਹੈ ਕਿ ਇਸ ਮਾਮਲੇ ਦੇ ਪਿੱਛੇ ਕਿਹੜੇ ਲੋਕ ਅਤੇ ਕਿੰਨਾ ਵੱਡਾ ਨੈੱਟਵਰਕ ਸਰਗਰਮ ਸੀ ?

# ਜ਼ਿਲ੍ਹਾ ਰੋਜ਼ਗਾਰ ਦਫ਼ਤਰ ਵਿਖੇ 31 ਅਗਸਤ ਨੂੰ ਵਿਸ਼ੇਸ਼ ਪਲੇਸਮੈਂਟ ਕੈਂਪ

**ਸੰਗਰੂਰ, 29 ਅਗਸਤ**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਅਵਸਰ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਮਿਤੀ 31 ਅਗਸਤ 2026, ਦਿਨ ਸੋਮਵਾਰ ਨੂੰ ਦਫ਼ਤਰ ਵਿਖੇ ਇੱਕ ਵਿਸ਼ੇਸ਼ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਕਾਮਨ ਸਰਵਿਸ ਸੈਂਟਰ (CSC) ਅਤੇ ਐੱਸ. ਆਈ. ਐੱਸ. (SIS Ltd.) ਕੰਪਨੀ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਯੋਗ ਉਮੀਦਵਾਰਾਂ ਦੀ ਚੋਣ ਇੰਟਰਵਿਊ ਰਾਹੀਂ ਕੀਤੀ ਜਾਵੇਗੀ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ, ਸੰਗਰੂਰ ਨੇ ਦੱਸਿਆ ਕਿ ਕੈਂਪ ਦੌਰਾਨ ਕਾਮਨ ਸਰਵਿਸ ਸੈਂਟਰ (CSC) ਵੱਲੋਂ VLE (Village Level Entrepreneur) ਦੀਆਂ ਅਸਾਮੀਆਂ ਲਈ ਲੜਕੇ ਅਤੇ ਲੜਕੀਆਂ ਦੋਵਾਂ ਦੀ ਇੰਟਰਵਿਊ ਲਈ ਜਾਵੇਗੀ, ਜਿਸ ਲਈ ਉਮੀਦਵਾਰ ਦੀ ਵਿਦਿਅਕ ਯੋਗਤਾ 10ਵੀਂ ਤੋਂ ਪੋਸਟ ਗ੍ਰੈਜੂਏਟ ਅਤੇ ਉਮਰ 18 ਤੋਂ 60 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਇਸੇ ਤਰ੍ਹਾਂ SIS Ltd. ਕੰਪਨੀ ਵੱਲੋਂ ਸਕਿਊਰਿਟੀ ਗਾਰਡ ਅਤੇ ਸਕਿਊਰਿਟੀ ਸੁਪਰਵਾਈਜ਼ਰ ਦੀਆਂ ਅਸਾਮੀਆਂ ਲਈ ਕੇਵਲ ਲੜਕਿਆਂ ਦੀ ਇੰਟਰਵਿਊ ਲਈ ਜਾਵੇਗੀ, ਜਿਸ ਲਈ ਘੱਟੋ-ਘੱਟ 10ਵੀਂ ਪਾਸ ਅਤੇ 18 ਤੋਂ 40 ਸਾਲ ਦੀ ਉਮਰ ਵਾਲੇ ਉਮੀਦਵਾਰ ਯੋਗ ਹੋਣਗੇ।

ਉਨ੍ਹਾਂ ਦੱਸਿਆ ਕਿ ਚਾਹਵਾਨ ਅਤੇ ਯੋਗ ਪ੍ਰਾਰਥੀ ਆਪਣੇ ਰਿਜ਼ਿਊਮ ਅਤੇ ਵਿਦਿਅਕ ਯੋਗਤਾ ਦੇ ਸਰਟੀਫਿਕੇਟਾਂ ਦੀਆਂ ਫੋਟੋਕਾਪੀਆਂ ਨਾਲ ਲੈ ਕੇ ਮਿਤੀ 31.08.2026 ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਪਹੁੰਚ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਸ਼ਾਮਲ ਹੋਣ ਲਈ ਕੋਈ ਵੀ ਟੀ.ਏ. ਜਾਂ ਡੀ.ਏ. ਮਿਲਣਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਪ੍ਰਾਰਥੀ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।

# ਸੇਰੋਂ ਦੀ ਬਲਜੀਤ ਕੌਰ ਕਤਲ ਕਾਂਡ ਸੁਲਝਿਆ, 3 ਮੁਲਜ਼ਮ ਗ੍ਰਿਫ਼ਤਾਰ

**ਸੰਗਰੂਰ, 29 ਅਗਸਤ**
**-ਜਗਦੇਵ ਰੰਚਨਾਂ-**

ਸੰਗਰੂਰ ਪੁਲਿਸ ਨੇ 24 ਜੁਲਾਈ ਨੂੰ ਸੇਰੋਂ ਵਿਖੇ ਹੋਏ ਬਲਜੀਤ ਕੌਰ ਕਤਲ ਮਾਮਲੇ ਵਿੱਚ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਵੱਲੋਂ ਜਾਰੀ ਪ੍ਰੈੱਸ ਨੋਟ ਮੁਤਾਬਕ, ਬਲਜੀਤ ਕੌਰ ਪਤਨੀ ਮਨਜੀਤ ਸਿੰਘ ਵਾਸੀ ਸੇਰੋਂ ਦਾ ਕਤਲ ਜਸਵੀਰ ਕੌਰ ਉਰਫ਼ ਨੂਰ, ਗੁਰਵਿੰਦਰ ਸਿੰਘ ਉਰਫ਼ ਗੋਬਿੰਦ ਅਤੇ ਹਰਮਨਦੀਪ ਸਿੰਘ ਵੱਲੋਂ ਕੀਤੇ ਜਾਣ ਦੀ ਗੱਲ ਸਾਹਮਣੇ ਆਈ ਹੈ।



ਮਾਮਲੇ ਸਬੰਧੀ ਥਾਣਾ ਚੀਮਾ ਵਿਖੇ ਮੁਕੱਦਮਾ ਨੰਬਰ 113 ਮਿਤੀ 25.08.2026, ਧਾਰਾ 103(1), 238, 3(5) BNS ਤਹਿਤ ਕੇਸ ਦਰਜ ਕੀਤਾ ਗਿਆ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਉਸੇ ਦਿਨ ਤਿੰਨਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ।

ਪੁਲਿਸ ਅਨੁਸਾਰ, ਗ੍ਰਿਫ਼ਤਾਰੀ ਸਮੇਂ ਮੁਲਜ਼ਮਾਂ ਨੇ ਕਥਿਤ ਤੌਰ 'ਤੇ ਆਪਣਾ ਜੁਰਮ ਕਬੂਲ ਕਰਦਿਆਂ ਦੱਸਿਆ ਕਿ 24 ਜੁਲਾਈ ਨੂੰ ਸਿਰਹਾਣੇ ਅਤੇ ਤੌਲੀਏ ਦੀ ਮਦਦ ਨਾਲ ਬਲਜੀਤ ਕੌਰ ਦਾ ਮੂੰਹ ਘੁੱਟ ਕੇ ਉਸਦਾ ਕਤਲ ਕੀਤਾ ਗਿਆ।

ਪੁਲਿਸ ਨੇ ਵਾਰਦਾਤ ਸਮੇਂ ਵਰਤਿਆ ਗਿਆ ਸਿਰਹਾਣਾ ਅਤੇ ਮੁਲਜ਼ਮਾਂ ਗੁਰਵਿੰਦਰ ਸਿੰਘ ਤੇ ਹਰਮਨਦੀਪ ਸਿੰਘ ਵੱਲੋਂ ਵਰਤਿਆ ਗਿਆ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਹੈ।

ਤਿੰਨੇ ਮੁਲਜ਼ਮ ਇਸ ਸਮੇਂ ਤਿੰਨ ਦਿਨਾਂ ਦੇ ਪੁਲਿਸ ਰਿਮਾਂਡ 'ਤੇ ਹਨ ਅਤੇ ਪੁਲਿਸ ਵੱਲੋਂ ਉਨ੍ਹਾਂ ਤੋਂ ਮਾਮਲੇ ਸਬੰਧੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਜਲੰਧਰ ’ਚ ‘ਹਮਾਰੇ ਰਾਮ’ ਦਾ ਸਫ਼ਲ ਮੰਚਨ; ਕੈਬਨਿਟ ਮੰਤਰੀ ਮੋਹਿੰਦਰ ਭਗਤ ਤੇ ਪੰਜਾਬ ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕੀਤੀ ਸ਼ਿਰਕਤ

**ਜਲੰਧਰ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੀ ਪਹਿਲਕਦਮੀ ’ਤੇ ਅੱਜ ਜਲੰਧਰ ਵਿਖੇ ‘ਹਮਾਰੇ ਰਾਮ’ ਨਾਟਕ ਦੇ ਪਹਿਲੇ ਦਿਨ ਦੋ ਸ਼ੋਅ ਕਰਵਾਏ ਗਏ, ਜਿਸ ਵਿੱਚ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਅਤੇ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਵੱਲੋਂ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ਗਈ।



ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸ਼ਾਹਪੁਰ ਕੈਂਪਸ ਦੇ ਆਡੀਟੋਰੀਅਮ ਵਿਖੇ ਪਹਿਲੇ ਸ਼ੋਅ ਦੀ ਸ਼ੁਰੂਆਤ ਕਰਵਾਉਂਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਭਗਵਾਨ ਸ੍ਰੀ ਰਾਮ ਜੀ ਦੇ ਸਦੀਵੀ ਉਪਦੇਸ਼ਾਂ ਨੂੰ ਘਰ-ਘਰ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਾਰੇ ਧਰਮਾਂ ਦਾ ਬਰਾਬਰ ਸਤਿਕਾਰ ਕਰਦੀ ਹੈ ਅਤੇ ਸਰਕਾਰ ਦੇ ਇਸ ਉਪਰਾਲੇ ਦਾ ਉਦੇਸ਼ ਥੀਏਟਰ ਦੇ ਪ੍ਰਭਾਵਸ਼ਾਲੀ ਮਾਧਿਅਮ ਰਾਹੀਂ ਭਗਵਾਨ ਸ੍ਰੀ ਰਾਮ ਜੀ ਦੇ ਸੱਚ, ਧਰਮ, ਦਇਆ ਅਤੇ ਏਕਤਾ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਸਨਾਤਨ ਧਰਮ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਗਸਤ ਤੇ ਸਤੰਬਰ ਮਹੀਨੇ ਦੌਰਾਨ ਸੂਬੇ ਦੇ 12 ਸ਼ਹਿਰਾਂ ਵਿੱਚ ਇਸ ਪ੍ਰਸਿੱਧ ਨਾਟਕ ਦੇ 41 ਸ਼ੋਅ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਇਹ ਪਹਿਲਕਦਮੀ ਜਿਥੇ ਸਾਡੇ ਅਮੀਰ ਵਿਰਸੇ ਅਤੇ ਰਿਵਾਇਤੀ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰੇਗੀ ਉਥੇ ਨੌਜਵਾਨ ਪੀੜ੍ਹੀ ਨੂੰ ਭਾਰਤ ਦੀ ਅਧਿਆਤਮਕ ਤੇ ਸੱਭਿਆਚਾਰਕ ਵਿਰਾਸਤ ਨਾਲ ਵੀ ਜੋੜੇਗੀ।

ਸ੍ਰੀ ਭਗਤ ਨੇ ਨੌਜਵਾਨਾਂ ਨੂੰ ਭਗਵਾਨ ਸ੍ਰੀ ਰਾਮ ਜੀ ਉਪਦੇਸ਼ਾਂ ਤੋਂ ਪ੍ਰੇਰਨਾ ਲੈਂਦਿਆਂ ਆਦਰਸ਼ ਸਮਾਜ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਅੱਗੇ ਆਉਣ ਸੱਦਾ ਵੀ ਦਿੱਤਾ। ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਰਾਮ ਦੇ ਉਪਦੇਸ਼ ਸਮੁੱਚੀ ਮਨੁੱਖਤਾ ਦਾ ਮਾਰਗ ਦਰਸ਼ਨ ਕਰਦੇ ਹਨ, ਜਿਨ੍ਹਾਂ ’ਤੇ ਚੱਲ ਕੇ ਸਾਨੂੰ ਸਮਾਜਿਕ ਸਾਂਝ ਅਤੇ ਫਿਰਕੂ ਸਦਭਾਵਨਾ ਦੀ ਮਜ਼ਬੂਤੀ ਲਈ ਸਰਗਰਮੀ ਨਾਲ ਕੰਮ ਕਰਨਾ ਚਾਹੀਦਾ ਹੈ। ਦੂਜੇ ਸ਼ੋਅ ਦੌਰਾਨ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਸ਼ਵ ਪ੍ਰਸਿੱਧ ਨਾਟਕ ‘ਹਮਾਰੇ ਰਾਮ’ ਮਸ਼ਹੂਰ ਅਦਾਕਾਰ ਆਸ਼ੂਤੋਸ਼ ਰਾਣਾ, ਰਾਹੁਲ ਆਰ ਭੁੱਚਰ, ਤਰੁਣ ਖੰਨਾ ਅਤੇ ਟੀਮ ਵਲੋਂ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਪੇਸ਼ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਇਹ ਸ਼ੋਅ ਬਿਲਕੁਲ ਮੁਫ਼ਤ ਕਰਵਾਏ ਜਾ ਰਹੇ ਹਨ ਤਾਂ ਜੋ ਸਮਾਜ ਦੇ ਹਰ ਵਰਗ ਦੇ ਲੋਕ ਭਗਵਾਨ ਸ੍ਰੀ ਰਾਮ ਜੀ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਯਤਨ ਸਮਾਜ ਵਿੱਚ ਸੱਚ, ਧਰਮ, ਏਕਤਾ ਅਤੇ ਦਇਆ ਦੇ ਸੰਦੇਸ਼ ਨੂੰ ਹੋਰ ਮਜ਼ਬੂਤ ਕਰੇਗਾ।

ਉਨ੍ਹਾਂ ਦੱਸਿਆ ਕਿ 29 ਅਗਸਤ ਨੂੰ ਵੀ ਸੀ.ਟੀ.ਇੰਸਟੀਚਿਊਟ ਸ਼ਾਹਪੁਰ ਵਿਖੇ ਭਗਵਾਨ ਸ੍ਰੀ ਰਾਮ ਜੀ ਦੇ ਜੀਵਨ ਅਤੇ ਉਪਦੇਸ਼ਾਂ ’ਤੇ ਆਧਾਰਿਤ ਵਿਸ਼ਵ ਪ੍ਰਸਿੱਧ ਨਾਟਕ ‘ਹਮਾਰੇ ਰਾਮ’ ਦੇ ਦੋ ਸ਼ੋਅ ਦੁਪਹਿਰ 2 ਅਤੇ ਸ਼ਾਮ 6.30 ਵਜੇ ਕਰਵਾਏ ਜਾਣਗੇ। ਉਨ੍ਹਾਂ ਲੋਕਾਂ ਨੂੰ ‘ਹਮਾਰੇ ਰਾਮ’ ਨਾਟਕ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਿਰਕਤ ਕਰਕੇ ਭਗਵਾਨ ਸ੍ਰੀ ਰਾਮ ਦੇ ਆਦਰਸ਼ਾ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ।

ਰਾਵਣ ਦੇ ਕਿਰਦਾਰ ਵਿੱਚ ਪ੍ਰਸਿੱਧ ਅਦਾਕਾਰ ਆਸ਼ੂਤੋਸ਼ ਰਾਣਾ ਦੀ ਦਮਦਾਰ ਅਦਾਕਾਰੀ ਤੇ ਸੰਵਾਦ ਅਦਾਇਗੀ ਨੇ ਦਰਸ਼ਕਾਂ ਤੋਂ ਖੂਬ ਤਾੜੀਆਂ ਖੱਟੀਆਂ। ਇਸੇ ਤਰ੍ਹਾਂ ਨਾਟਕ ਦੇ ਨਿਰਮਾਤਾ ਰਾਹੁਲ ਆਰ. ਭੁੱਚਰ ਵੱਲੋਂ ਸ੍ਰੀ ਰਾਮ ਦੇ ਕਿਰਦਾਰ ਦੀ ਕੀਤੀ ਗਈ ਪ੍ਰਭਾਵਸ਼ਾਲੀ ਅਤੇ ਸੰਵੇਦਨਸ਼ੀਲ ਪੇਸ਼ਕਾਰੀ ਨੇ ਵੀ ਦਰਸ਼ਕਾਂ ਦੀ ਖੂਬ ਸ਼ਲਾਘਾ ਖੱਟੀ। ਜਦਕਿ ਸ਼ੰਕਰ ਮਹਾਦੇਵਨ, ਸੋਨੂੰ ਨਿਗਮ ਅਤੇ ਕੈਲਾਸ਼ ਖੇਰ ਵਰਗੇ ਨਾਮਵਰ ਗਾਇਕਾਂ ਦੀਆਂ ਪਿੱਠਵਰਤੀ ਰੂਹਾਨੀ ਅਤੇ ਸੰਗੀਤਕ ਪੇਸ਼ਕਾਰੀਆਂ ਨੇ ਮਾਹੌਲ ਨੂੰ ਹੋਰ ਵੀ ਪ੍ਰਭਾਵਸ਼ਾਲੀ ਬਣਾਇਆ।

ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ, ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ , ਐਸ.ਡੀ.ਐਮ.ਸ਼ੁਭੀ ਆਂਗਰਾ, ਚਰਨਜੀਤ ਸਿੰਘ ਚੰਨੀ, ਚੇਅਰਮੈਨ ਤੇ ਚਾਂਸਲਰ ਸੀ.ਟੀ. ਗਰੁੱਪ ਤੇ ਸੀ.ਟੀ. ਯੂਨੀਵਰਸਿਟੀ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਅਤੇ ਹੋਰ ਉੱਘੀਆਂ ਸ਼ਖਸੀਅਤਾਂ ਵੀ ਮੌਜੂਦ ਸਨ।

# ਪਾਕਿ ’ਚ ਔਰਤਾਂ ਨੂੰ ਸਿਰਫ਼ ਕਾਨੂੰਨ ਨਹੀਂ, ਨਿਆਂ ਦੀ ਲੋੜ




**ਕਰਾਚੀ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

: ਪਾਕਿਸਤਾਨ ’ਚ ਮਹਿਲਾਵਾਂ ਅਤੇ ਮਾਸੂਮ ਬੱਚੀਆਂ ਵਿਰੁੱਧ ਵੱਧ ਰਹੇ ਅਪਰਾਧਾਂ ਅਤੇ ਰਾਜ ਦੀ ਸੁਰੱਖਿਆ ਪ੍ਰਣਾਲੀ ’ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਹਾਲ ਹੀ ’ਚ ਕਰਾਚੀ ’ਚ 18 ਮਹੀਨਿਆਂ ਦੀ ਬੱਚੀ, ਹਰੀਪੁਰ ’ਚ ਪੰਜ ਸਾਲਾ ਮਾਸੂਮ ਅਤੇ ਰਾਵਲਪਿੰਡੀ ’ਚ ਹੀਨਾ ਜਾਵੇਦ ਨਾਲ ਵਾਪਰੀਆਂ ਘਟਨਾਵਾਂ ਨੇ ਦੇਸ਼ ਭਰ ’ਚ ਇੱਕ ਨਵੀਂ ਚਿੰਤਾ ਅਤੇ ਬਹਿਸ ਛੇੜ ਦਿੱਤੀ ਹੈ। ਇਹ ਮਾਮਲੇ ਦਿਖਾਉਂਦੇ ਹਨ ਕਿ ਪਾਕਿਸਤਾਨ ’ਚ ਔਰਤਾਂ ਅਤੇ ਬੱਚੀਆਂ ਲਈ ਸਭ ਤੋਂ ਵੱਡਾ ਖ਼ਤਰਾ ਉਨ੍ਹਾਂ ਦੇ ਆਪਣੇ ਹੀ ਆਲੇ-ਦੁਆਲੇ ਦੇ ਲੋਕਾਂ ਤੋਂ ਹੈ।

ਕਰਾਚੀ ’ਚ 18 ਮਹੀਨਿਆਂ ਦੀ ਮਾਸੂਮ ਬੱਚੀ ਦੀ ਕਥਿਤ ਜਿਣਸੀ ਸ਼ੋਸ਼ਣ ਤੋਂ ਬਾਅਦ ਮੌਤ ਹੋ ਗਈ। ਪੁਲੀਸ ਰਿਪੋਰਟਾਂ ਅਨੁਸਾਰ ਇੱਕ ਨਾਬਾਲਗ ਰਿਸ਼ਤੇਦਾਰ ਬੱਚੀ ਨੂੰ ਘਰੋਂ ਲੈ ਗਿਆ ਜਿਸ ਤੋਂ ਬਾਅਦ ਜਦੋਂ ਬੱਚੀ ਵਾਪਿਸ ਲਿਆਂਦੀ ਗਈ ਤਾਂ ਉਸ ਦੀ ਹਾਲਤ ਬੇਹੱਦ ਨਾਜ਼ੁਕ ਸੀ ਅਤੇ ਬਾਅਦ ’ਚ ਉਸ ਦੀ ਮੌਤ ਹੋ ਗਈ। ਮੈਡੀਕਲ ਜਾਂਚ ’ਚ ਬੱਚੀ ਨਾਲ ਜਿਣਸੀ ਸ਼ੋਸ਼ਣ ਹੋਣ ਦੀ ਪੁਸ਼ਟੀ ਹੋਈ ਹੈ ਅਤੇ ਮੁਲਜ਼ਮ ਨੂੰ ਨਿਆਂਇਕ ਹਿਰਾਸਤ ’ਚ ਭੇਜ ਦਿੱਤਾ ਗਿਆ ਹੈ। ਮੁਲਜ਼ਮ ਦੇ ਨਾਬਾਲਗ ਹੋਣ ਕਾਰਨ ਇਹ ਮਾਮਲਾ ਜੁਵੇਨਾਈਲ ਜਸਟਿਸ ਸਿਸਟਮ, ਮੁੜ-ਵਸੇਬੇ, ਅਪਰਾਧਿਕ ਜ਼ਿੰਮੇਵਾਰੀ ਅਤੇ ਪੀੜਤ ਪਰਿਵਾਰ ਦੀ ਸੁਰੱਖਿਆ ’ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ।

ਹਰੀਪੁਰ ’ਚ 10 ਅਗਸਤ, 2026 ਤੋਂ ਪੰਜ ਸਾਲਾ ਆਇਤ ਨੂਰ ਲਾਪਤਾ ਹੈ। ਚਿੰਤਾਜਨਕ ਗੱਲ ਇਹ ਹੈ ਕਿ ਇੱਕ ਹਫ਼ਤੇ ਦੇ ਅੰਦਰ ਹਰੀਪੁਰ ਦੇ ਵੱਖ-ਵੱਖ ਹਿੱਸਿਆਂ ’ਚੋਂ ਤਿੰਨ ਬੱਚੇ ਗਾਇਬ ਹੋ ਗਏ ਹਨ ਅਤੇ ਪੁਲੀਸ ਅਜੇ ਤਕ ਉਨ੍ਹਾਂ ਦਾ ਪਤਾ ਨਹੀਂ ਲਗਾ ਸਕੀ। ਪੁਲੀਸ ਵਲੋਂ ਇਸ ਮਾਮਲੇ ’ਚ CCTV, ਜੀਓਫ਼ੈਂਸਿੰਗ ਅਤੇ ਹੋਰ ਜਾਂਚ ਦੇ ਤਰੀਕਿਆਂ ਦੀ ਵਰਤੋਂ ਕੀਤੀ ਜਾ ਰਹੀ ਹੈ। ਮਾਹਿਰਾਂ ਅਨੁਸਾਰ ਕਿਸੇ ਵੀ ਬੱਚੇ ਦੇ ਗਾਇਬ ਹੋਣ ਨੂੰ ਇੱਕ ਆਮ ਮਾਮਲੇ ਵਜੋਂ ਦੇਖਣ ਦੀ ਬਜਾਏ ਤੁਰੰਤ ਇੱਕ ਬਾਲ-ਸੁਰੱਖਿਆ ਐਮਰਜੈਂਸੀ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਰਾਵਲਪਿੰਡੀ ’ਚ ਹੀਨਾ ਜਾਵੇਦ ਦੀ ਲਾਸ਼ ਉਸ ਦੇ ਅਪਾਰਟਮੈਂਟ ਦੇ ਬਾਥਰੂਮ ’ਚੋਂ ਮਿਲਣ ਨਾਲ ਸਨਸਨੀ ਫ਼ੈਲ ਗਈ।

ਰਿਪੋਰਟਾਂ ਅਨੁਸਾਰ, ਹੀਨਾ ਦੇ ਹੱਥ ਬੰਨ੍ਹੇ ਹੋਏ ਸਨ, ਮੂੰਹ ’ਚ ਕੱਪੜਾ ਤੁੰਨਿਆ ਹੋਇਆ ਸੀ ਅਤੇ ਗਲੇ ’ਚ ਤਾਰ ਲਪੇਟੀ ਹੋਈ ਸੀ। ਮ੍ਰਿਤਕਾ ਦੇ ਭਰਾ ਨੇ ਦੋਸ਼ ਲਗਾਇਆ ਹੈ ਕਿ ਹੀਨਾ ਨੇ ਪਹਿਲਾਂ ਵੀ ਆਪਣੇ ਪਤੀ ਵਲੋਂ ਕੀਤੇ ਜਾਂਦੇ ਗੰਭੀਰ ਸ਼ਰੀਰਕ ਅਤੇ ਮਾਨਸਿਕ ਸ਼ੋਸ਼ਣ ਬਾਰੇ ਪਰਿਵਾਰ ਨੂੰ ਦੱਸਿਆ ਸੀ।

ਪੁਲਿਸ ਨੇ ਪਾਕਿਸਤਾਨ ਪੀਨਲ ਕੋਡ ਦੀ ਧਾਰਾ 302 ਅਤੇ 34 ਤਹਿਤ ਮਾਮਲਾ ਦਰਜ ਕਰ ਕੇ ਪਤੀ ਅਤੇ ਇੱਕ ਘਰੇਲੂ ਨੌਕਰ ਨੂੰ ਅਦਾਲਤ ਤੋਂ ਰਿਮਾਂਡ ’ਤੇ ਲਿਆ ਹੈ। ਪਾਕਿਸਤਾਨ ’ਚ ਮਹਿਲਾਵਾਂ ਅਤੇ ਬੱਚਿਆਂ ਦੀ ਸੁਰੱਖਿਆ ਲਈ ‘ਐਂਟੀ-ਰੇਪ ਐਕਟ 2021 ਵਰਗੇ ਕਾਨੂੰਨ ਅਤੇ ਸੰਵਿਧਾਨਕ ਗਾਰੰਟੀਆਂ ਮੌਜੂਦ ਹਨ। ਇਸ ਤੋਂ ਇਲਾਵਾ ਪਾਕਿਸਤਾਨ ਨੇ ਕਈ ਅੰਤਰਰਾਸ਼ਟਰੀ ਸੰਧੀਆਂ ਜਿਵੇਂ CEDAW 1996 ’ਚ ਦਸਤਖ਼ਤ ਕੀਤੇ, CRC, ICCPR ਅਤੇ CAT ਅਤੇ 31 (2010 ’ਚ ਦਸਤਖ਼ਤ ਕੀਤੇ) ’ਤੇ ਸਹੀ ਪਾਈ ਹੋਈ ਹੈ। ਪਰ ਅਸਲ ਸਮੱਸਿਆ ਕਾਨੂੰਨਾਂ ਦੀ ਕਮੀ ਨਹੀਂ ਬਲਕਿ ਉਨ੍ਹਾਂ ਨੂੰ ਸਹੀ ਤਰੀਕੇ ਨਾਲ ਲਾਗੂ ਨਾ ਕਰਨਾ ਹੈ। ਸੰਯੁਕਤ ਰਾਸ਼ਟਰ ਦੀ ਮਨੁੱਖੀ ਅਧਿਕਾਰ ਕਮੇਟੀ ਨੇ ਵੀ ਪਾਕਿਸਤਾਨ ’ਚ ਘਰੇਲੂ ਹਿੰਸਾ ਦੀਆਂ ਘੱਟ ਰਿਪੋਰਟਾਂ, ਕਮਜ਼ੋਰ ਜਾਂਚ, ਅਤੇ ਦੋਸ਼ੀਆਂ ਨੂੰ ਸਜ਼ਾ ਮਿਲਣ ਦੀ ਬੇਹੱਦ ਘੱਟ ਦਰ ’ਤੇ ਗੰਭੀਰ ਚਿੰਤਾ ਪ੍ਰਗਟਾਈ ਹੈ।

ਪਾਕਿਸਤਾਨੀ ਸੁਪਰੀਮ ਕੋਰਟ ਦੇ ਵਕੀਲ ਦੇ ਸੁਝਾਅ ਪਾਕਿਸਤਾਨ ਦੀ ਸੁਪਰੀਮ ਕੋਰਟ ਦੀ ਵਕੀਲ ਅਤੇ ਵੂਮੈਨਜ਼ ਪਰਸਪੈਕਟਿਵ ਫ਼ੋਰਮ ਦੀ ਚੇਅਰਪਰਸਨ ਸ਼ਾਜ਼ੀਆ ਤਸਲੀਮ ਕਾਸੀ ਅਨੁਸਾਰ ਦੇਸ਼ ’ਚ ਤੁਰੰਤ ਕੁੱਝ ਸੁਧਾਰ ਕਰਨ ਦੀ ਲੋੜ ਹੈ। ਇਸ ’ਚ ਘਰੇਲੂ ਹਿੰਸਾ ਦੀਆਂ ਸ਼ਿਕਾਇਤਾਂ ਨੂੰ ਮਹਿਜ਼ ਪਰਿਵਾਰਕ ਝਗੜਾ ਸਮਝ ਕੇ ਖ਼ਾਰਿਜ ਨਾ ਕੀਤਾ ਜਾਵੇ ਬਲਕਿ ਇਨ੍ਹਾਂ ਨੂੰ ਗੰਭੀਰ ਖ਼ਤਰੇ ਦੇ ਸੰਕੇਤ ਵਜੋਂ ਲਿਆ ਜਾਵੇ।

# ਟਾਈਮਜ਼ ਸਕੁਏਅਰ ’ਤੇ ਭਾਰਤੀ ਪ੍ਰਵਾਸੀ ਔਰਤਾਂ ਨੇ ਸਾੜੀਆਂ ਦੀ ਵਿਭਿੰਨਤਾ ਕੀਤੀ ਪ੍ਰਦਰਸ਼ਿਤ

**ਨਿਊਯੌਰਕ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

: ਨਿਊਯੌਰਕ ’ਚ ਟਾਈਮਜ਼ ਸਕੁਏਅਰ ਭਾਰਤੀ ਸਾੜ੍ਹੀਆਂ ਦੇ ਰੰਗਾਂ ਅਤੇ ਵਿਭਿੰਨ ਰੂਪਾਂ ਨਾਲ ਭਰਿਆ ਹੋਇਆ ਸੀ ਕਿਉਂਕਿ ਭਾਰਤੀ ਪ੍ਰਵਾਸੀ ਔਰਤਾਂ ਨੇ ਇੱਕ ਵਿਸ਼ੇਸ਼ ਸਮਾਗਮ ’ਚ ਸਾੜ੍ਹੀਆਂ ਦੀ ਸਦੀਵੀ ਸੁੰਦਰਤਾ, ਅਮੀਰ ਵਿਰਾਸਤ ਅਤੇ ਭਾਰਤ ਦੀ ਸਭਿਆਚਾਰਕ ਵਿਭਿੰਨਤਾ ਨੂੰ ਮਾਣ ਨਾਲ ਪ੍ਰਦਰਸ਼ਿਤ ਕੀਤਾ। ਐਤਵਾਰ ਨੂੰ ਟਾਈਮਜ਼ ਸਕੁਏਅਰ ’ਤੇ ਸਾੜ੍ਹੀ ਗੋਜ਼ ਗਲੋਬਲ ਦਾ ਤੀਜਾ ਐਡੀਸ਼ਨ ਆਯੋਜਿਤ ਕੀਤਾ ਗਿਆ ਸੀ। ਨਿਊ ਯੌਰਕ ਸਥਿਤ ਚੈਰਿਟੀ ਉਮਾ ਗਲੋਬਲ ਦੁਆਰਾ ਆਯੋਜਿਤ, ਔਰਤਾਂ ਅਤੇ ਨੌਜਵਾਨ ਔਰਤਾਂ ਨੇ ਕਢਾਈ, ਪੇਂਟਿੰਗਾਂ ਅਤੇ ਸ਼ਾਨਦਾਰ ਸਜਾਵਟ ਨਾਲ ਸਜੀਆਂ ਸਾੜ੍ਹੀਆਂ ’ਚ ਆਪਣੀ ਸੁੰਦਰਤਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਸਾੜ੍ਹੀਆਂ ’ਚ ਰਵਾਇਤੀ ਆਸਾਮੀ ਬੁਣਾਈ, ਲਖਨਊ ਦੀ ਚਿਕਨਕਾਰੀ, ਬਨਾਰਸੀ ਰੇਸ਼ਮ ਅਤੇ ਸ਼ਾਨਦਾਰ ਕਾਂਜੀਵਰਮ ਸ਼ਾਮਿਲ ਸਨ।

ਇਹ ਸਾੜ੍ਹੀਆਂ ਵੱਖ-ਵੱਖ ਰੰਗਾਂ ਅਤੇ ਸ਼ਿਲਪਕਾਰੀ ’ਚ ਭਾਰਤ ਭਰ ’ਚ ਪਾਏ ਜਾਣ ਵਾਲੇ ਇਸ ਨੌਂ-ਗਜ਼ ਦੇ ਕੱਪੜੇ ਦੀ ਅਮੀਰ ਵਿਭਿੰਨਤਾ ਨੂੰ ਸੁੰਦਰਤਾ ਨਾਲ ਪ੍ਰਦਰਸ਼ਿਤ ਕਰਦੀਆਂ ਹਨ। ਸੁੰਦਰ ਕੱਢਾਈ, ਵਿਲੱਖਣ ਡਿਜ਼ਾਇਨ ਅਤੇ ਕਈ ਤਰ੍ਹਾਂ ਦੇ ਫ਼ੈਬਰਿਕ ਨਾਲ ਸਜੀਆਂ ਰੰਗੀਨ ਸਾੜ੍ਹੀਆਂ, ਮਾਣ ਨਾਲ ਆਪਣੇ ਰਿਵਾਇਤੀ ਪਹਿਰਾਵੇ ਨੂੰ ਪ੍ਰਦਰਸ਼ਿਤ ਕਰ ਰਹੀਆਂ ਸਨ। ਰਾਸ਼ਟਰੀ



ਝੰਡਾ ਫੜ ਕੇ ਉਹ ਇਕੱਠੀਆਂ ਨੱਚੀਆਂ, ਫ਼ੋਟੋਆਂ ਲਈ ਪੋਜ਼ ਦਿੱਤੇ ਅਤੇ ਆਪਣੀਆਂ ਸਾੜ੍ਹੀਆਂ ਬਾਰੇ ਕਹਾਣੀਆਂ ਸਾਂਝੀਆਂ ਕੀਤੀਆਂ। ਉਨ੍ਹਾਂ ਨੇ ਆਪਣੇ ਸਭਿਆਚਾਰ ਅਤੇ ਅਮੀਰ ਵਿਰਾਸਤ ਦੇ ਰੰਗਾਂ ਦਾ ਪ੍ਰਦਰਸ਼ਨ ਵੀ ਕੀਤਾ। ਇਸ ਸਮਾਗਮ ’ਚ ਪੜ੍ਹੇ ਗਏ ਇੱਕ ਸੰਦੇਸ਼ ’ਚ ਨਿਊ ਯੌਰਕ ਦੀ ਗਵਰਨਰ ਕੈਥੀ ਹੋਕਲ ਨੇ ਕਿਹਾ, “ਇਹ ਸਮਾਗਮ ਉਨ੍ਹਾਂ ਔਰਤਾਂ ਨੂੰ ਸਨਮਾਨਿਤ ਕਰਨ ਅਤੇ ਮਨਾਉਣ ਦਾ ਮੌਕਾ ਸੀ ਜੋ ‘ਸਾੜ੍ਹੀਆਂ ਪਹਿਨ ਕੇ ਸਾਡੇ ਭਾਈਚਾਰਿਆਂ ’ਚ ਸਕਾਰਾਤਮਕ ਬਦਲਾਅ ਲਿਆ ਰਹੀਆਂ ਹਨ, ਟਾਈਮਜ਼ ਸਕੁਏਅਰ ’ਚ ਆਪਣੀ ਵਿਰਾਸਤ ਦਾ ਮਾਣ ਨਾਲ ਜਸ਼ਨ ਮਨਾ ਰਹੀਆਂ ਹਨ।”

ਹੋਕਲ ਨੇ UMA ਗਲੋਬਲ ਦੀ ਪ੍ਰਸ਼ੰਸਾ ਕੀਤੀ, ਇਸ ਨੂੰ ਔਰਤਾਂ, ਘੱਟ-ਗਿਣਤੀਆਂ ਅਤੇ ਵਪਾਰਕ ਪੇਸ਼ੇਵਰਾਂ ਲਈ ਮਹੱਤਵਪੂਰਨ ਸਹਾਇਤਾ ਕਿਹਾ। ਉਨ੍ਹਾਂ ਦੇ ਸੰਦੇਸ਼ ’ਚ ਕਿਹਾ ਗਿਆ ਹੈ, “ਵਿਭਿੰਨਤਾ ਅਤੇ ਸਮਾਵੇਸ਼ ਪ੍ਰੋਗਰਾਮਾਂ, ਵਪਾਰਕ ਸਲਾਹ-ਮਸ਼ਵਰੇ ਅਤੇ ਸਲਾਹ ਦੇ ਮੌਕਿਆਂ ਰਾਹੀਂ UMA ਵਿਅਕਤੀਆਂ ਅਤੇ ਸੰਗਠਨਾਂ ਨੂੰ ਆਪਣੇ ਟੀਚੇ ਨਿਰਧਾਰਿਤ ਕਰਨ ਅਤੇ ਪ੍ਰਾਪਤ ਕਰਨ ’ਚ ਮਦਦ ਕਰਦਾ ਹੈ। ਜਦੋਂ ਅਸੀਂ ਹਰ ਪਿਛੋਕੜ ਵਾਲੇ ਹਰੇਕ ਵਿਅਕਤੀ ਅਤੇ ਪੇਸ਼ੇਵਰ ਨੂੰ ਵੱਧਣ ਅਤੇ ਸਫ਼ਲ ਹੋਣ ਦਾ ਮੌਕਾ ਦਿੰਦੇ ਹਾਂ ਤਾਂ ਅਸੀਂ ਇੱਕ ਅਜਿਹਾ ਭਵਿੱਖ ਬਣਾਉਣ ’ਚ ਮਦਦ ਕਰਦੇ ਹਾਂ ਜੋ ਸਾਡੇ ਸਾਰਿਆਂ ਲਈ ਬਿਹਤਰ ਹੋਵੇ।” ਇਸ ਮੌਕੇ ’ਤੇ ਬੋਲਦਿਆਂ ਨਿਊ ਯੌਰਕ ’ਚ ਭਾਰਤੀ ਕੌਂਸਲੇਟ ਦੇ ਕੌਂਸਲ ਜਨਰਲ (ਵਪਾਰ) ਰਾਜ ਲਕਸ਼ਮੀ ਅੱਪਾਸਾਹਿਬ ਕਦਮ ਨੇ ਕਿਹਾ ਕਿ ਸਾੜ੍ਹੀ ਭਾਰਤੀ ਕਲਾ, ਪਰੰਪਰਾ, ਸਭਿਆਚਾਰ ਅਤੇ ਮਿਹਨਤੀ ਬੁਣਕਰਾਂ ਦੀ ਇੱਕ ਜੀਵਤ ਵਿਰਾਸਤ ਹੈ।

# ਮੈਂ ਲੋਕਾਂ ਦਾ ਪੈਸਾ ਲੋਕਾਂ ’ਤੇ ਖਰਚ ਰਿਹਾ ਹਾਂ, ਪਰ ਤਕਲੀਫ਼ ਵਿਰੋਧੀਆਂ ਨੂੰ ਹੋ ਰਹੀ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**➢ ਸੱਤਾ ਵਿੱਚ ਆਉਣ ’ਤੇ ਵਿਰੋਧੀ ਪਾਰਟੀਆਂ ਸਤਿਕਾਰ ਯੋਜਨਾ ਸਮੇਤ ਸਾਰੀਆਂ ਸਕੀਮਾਂ ਬੰਦ ਕਰਨ ਦੀਆਂ ਧਮਕੀਆਂ ਦੇ ਰਹੀਆਂ ਹਨ ➢ ਲੋਕਾਂ ਨੂੰ ਚੰਗੇ ਸਕੂਲ, ਹਸਪਤਾਲ ਅਤੇ ਮੁਫ਼ਤ ਬਿਜਲੀ ਦੇਣ ’ਤੇ ਵਿਰੋਧੀਆਂ ਨੂੰ ਤਕਲੀਫ਼ ਕਿਉਂ ਹੈ ➢ ਪੰਜਾਬ ਦੇ ਲੋਕ ਨਾ ਤਾਂ ਉਨ੍ਹਾਂ ਨੂੰ ਦੂਜਾ ਮੌਕਾ ਦੇਣਗੇ ਅਤੇ ਨਾ ਹੀ ਸਾਡੀ ਕੋਈ ਸਕੀਮ ਕਦੇ ਬੰਦ ਹੋਵੇਗੀ**

**ਮੁਹਾਲੀ, 29 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਲੋਕ ਭਲਾਈ ਅਤੇ ਵਿਕਾਸ ਕਾਰਜਾਂ ਦੀ ਮੁਖਾਲਫ਼ਤ ਕਰਨ ’ਤੇ ਵਿਰੋਧੀ ਪਾਰਟੀਆਂ ਉੱਤੇ ਤਿੱਖਾ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਜਿਹੜੀਆਂ ਸਕੀਮਾਂ ਲੋਕਾਂ ਨੂੰ ਮੁਫ਼ਤ ਬਿਜਲੀ, ਵਧੀਆ ਸਿੱਖਿਆ, ਸਿਹਤ ਸੰਭਾਲ ਅਤੇ ਵਿਕਾਸ ਦੇ ਰਹੀਆਂ ਹਨ, ਉਹ ਹੁਣ ਇਨ੍ਹਾਂ ਲੋਕਾਂ ਨੂੰ ਤਕਲੀਫ ਦੇ ਰਹੀਆਂ ਹਨ ਜੋ ਖੁਦ ਦਹਾਕਿਆਂ ਤੱਕ ਸੱਤਾ ਵਿੱਚ ਰਹੇ। ਮੋਹਾਲੀ ਦੇ ਪਿੰਡ ਬੜਮਾਜਰਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਉਨ੍ਹਾਂ ਕਿਹਾ ਕਿ ਪਿਛਲੇ 70 ਸਾਲਾਂ ਦੌਰਾਨ ਸਰਕਾਰਾਂ ਵਾਰ-ਵਾਰ ਬਦਲੀਆਂ, ਪਰ ਪੰਜਾਬ ਦੇ ਲੋਕਾਂ ਦੀ ਤਕਦੀਰ ਨਹੀਂ ਬਦਲੀ, ਜਦਕਿ ਉਨ੍ਹਾਂ ਦੀ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਲੋਕਾਂ ਦਾ ਪੈਸਾ ਹੁਣ ਸਿੱਧਾ ਲੋਕਾਂ ਦੇ ਭਲੇ ਲਈ ਖਰਚਿਆ ਜਾਵੇ। ਉਨ੍ਹਾਂ ਕਿਹਾ ਕਿ ਸੱਤਾ ਵਿੱਚ ਵਾਪਸੀ ਤੋਂ ਬਾਅਦ ਕਲਿਆਣਕਾਰੀ ਸਕੀਮਾਂ ਨੂੰ ਬੰਦ ਕਰਨ ਦੀਆਂ ਵਿਰੋਧੀਆਂ ਦੀਆਂ ਧਮਕੀਆਂ ਸਫ਼ਲ ਨਹੀਂ ਹੋਣਗੀਆਂ, ਕਿਉਂਕਿ ਪੰਜਾਬ ਦੇ ਲੋਕ ਨਾ ਤਾਂ ਉਨ੍ਹਾਂ ਨੂੰ ਦੂਜਾ ਮੌਕਾ ਦੇਣਗੇ ਅਤੇ ਨਾ ਹੀ ਲੋਕ ਭਲਾਈ ਦੀਆਂ ਸਕੀਮਾਂ ਬੰਦ ਹੋਣ ਦੇਣਗੇ।

ਆਪਣੇ ਐਕਸ ’ਤੇ ਕੁਝ ਅੰਸ਼ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਮੋਹਾਲੀ ਦੇ ਪਿੰਡ ਬੜਮਾਜਰਾ ਵਿਖੇ ਲੋਕ ਮਿਲਣੀ ਦੌਰਾਨ ਤੁਹਾਡੇ ਤੋਂ ਜੋ ਪਿਆਰ ਅਤੇ ਵਿਸ਼ਵਾਸ ਮਿਲਿਆ ਹੈ, ਉਹ ਮੇਰੇ ਲਈ ਬਹੁਤ ਵੱਡੀ ਤਾਕਤ ਹੈ। ਮੈਂ ਹਮੇਸ਼ਾ ਕਿਹਾ ਹੈ ਕਿ ਸਰਕਾਰ ਕੁਰਸੀ ਲਈ ਨਹੀਂ, ਸਗੋਂ ਲੋਕਾਂ ਦੀ ਸਿਹਤ, ਸਿੱਖਿਆ, ਰੋਜ਼ਗਾਰ ਅਤੇ ਵਿਕਾਸ ਲਈ ਹੁੰਦੀ ਹੈ। ਅੱਜ ਪੰਜਾਬ ਨੇ ਸਿੱਖਿਆ ਦੇ ਖੇਤਰ ਵਿੱਚ ਵੱਡਾ ਬਦਲਾਅ ਦੇਖਿਆ ਹੈ। ਸਰਕਾਰੀ ਸਕੂਲਾਂ ਦੇ ਨੀਟ ਕਲੀਅਰ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ 2021 ਵਿੱਚ 80 ਤੋਂ ਵੱਧ ਕੇ ਹੁਣ 882 ਹੋ ਗਈ ਹੈ। ਪੰਜਾਬ ਦੇ 90% ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ 42 ਲੱਖ ਪਰਿਵਾਰਾਂ ਦੇ ਸਿਹਤ ਯੋਜਨਾ ਕਾਰਡ ਬਣਾਏ ਗਏ ਹਨ।

ਉਨ੍ਹਾਂ ਅੱਗੇ ਕਿਹਾ, ਅੱਜ ਬੜਮਾਜਰਾ ਦੇ ਵਿਕਾਸ ਲਈ 50 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ ਹੈ, ਜਦਕਿ ਪਿੰਡ ਵਿੱਚ ਲਗਭਗ 1.5 ਕਰੋੜ ਰੁਪਏ ਦੇ ਵਿਕਾਸ ਕਾਰਜ ਪਹਿਲਾਂ ਹੀ ਚੱਲ ਰਹੇ ਹਨ। ਇਹ ਤੁਹਾਡੇ ਟੈਕਸ ਦਾ ਪੈਸਾ ਹੈ ਅਤੇ ਇਹ ਤੁਹਾਡੇ ’ਤੇ ਹੀ ਖਰਚਿਆ ਜਾ ਰਹਾ ਹੈ। ਇਹੋ ਫਰਕ ਹੈ: ਅਸੀਂ ਲੋਕਾਂ ਦੀ ਗੱਲ ਕਰਦੇ ਹਾਂ, ਸਿਰਫ਼ ਕੁਰਸੀ ਦੀ ਨਹੀਂ। ਤੁਹਾਡਾ ਪਿਆਰ ਇਵੇਂ ਹੀ ਬਣਿਆ ਰਹੇ ਅਤੇ ਪੰਜਾਬ ਦਿਨ-ਦੁਗਣੀ ਰਾਤ-ਚੌਗਣੀ ਤਰੱਕੀ ਕਰਦਾ ਰਹੇ। ਇਨਕਲਾਬ ਜ਼ਿੰਦਾਬਾਦ।

ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਰਵਾਇਤੀ ਪਾਰਟੀਆਂ ਦੇ ਵਾਰੋ-ਵਾਰੀ ਸੱਤਾ ਵਿੱਚ ਆਉਣ ਅਤੇ ਇਕ-ਦੂਜੇ ਦੇ ਗਲਤ ਕੰਮਾਂ ’ਤੇ ਪਰਦਾ ਪਾਉਣ ਦਾ ਦੌਰ ਹੁਣ ਖਤਮ ਹੋ ਗਿਆ ਹੈ, ਕਿਉਂਕਿ ਲੋਕਾਂ ਨੇ ਹੁਣ ‘ਆਪ’ ਨੂੰ ਸੂਬੇ ਦੀ ਨੁਹਾਰ ਬਦਲਣ ਦੀ ਜ਼ਿੰਮੇਵਾਰੀ ਸੌਂਪੀ ਹੈ। ਪੰਜਾਬ ਦੇ ਸੂਝਵਾਨ ਲੋਕ ਕਾਂਗਰਸ, ਅਕਾਲੀਆਂ ਅਤੇ ਭਾਜਪਾ ਨੂੰ ਉਨ੍ਹਾਂ ਦੇ ਪੰਜਾਬ ਵਿਰੋਧੀ ਰੋਲ ਲਈ ਕਦੇ ਮਾਫ਼ ਨਹੀਂ ਕਰਨਗੇ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਨੂੰ ਰਾਜਨੀਤਿਕ ਗੁਮਨਾਮੀ ਵਿੱਚ ਭੇਜ ਦਿੱਤਾ ਜਾਵੇਗਾ।

ਉਨ੍ਹਾਂ ਅੱਗੇ ਕਿਹਾ, ਇਨ੍ਹਾਂ ਲੋਕਾਂ ਨੇ ਆਪਣੇ ਰਾਜ ਦੌਰਾਨ ਹਮੇਸ਼ਾ ਇੱਕ-ਦੂਜੇ ਦੇ ਹਿੱਤਾਂ ਦੀ ਰਾਖੀ ਕੀਤੀ ਹੈ। ਉਹ ਦਿਨ ਗਏ ਜਦੋਂ ਇਹ ਪਾਰਟੀਆਂ ‘ਉੱਤਰ ਕਾਟੋ, ਮੈਂ ਚੜ੍ਹਾਂ’ ਦੀ ਖੇਡ ਖੇਡਦੀਆਂ ਸਨ ਅਤੇ ਸੱਤਾ ਦੀ ਆਪਣੀ ਵਾਰੀ ਦਾ ਇੰਤਜ਼ਾਰ ਕਰਦੀਆਂ ਸਨ। ਉਨ੍ਹਾਂ ਨੇ ਸੱਤਾ ਦੇ ਦਿਨਾਂ ਵਿੱਚ ਇੱਕ ਦੂਜੇ ਦੇ ਹਿੱਤਾਂ ਦੀ ਰਾਖੀ ਕੀਤੀ, ਜਿਸ ਕਾਰਨ ਉਨ੍ਹਾਂ ਦੇ ਕਰਤੂਤਾਂ ਕਦੇ ਸਾਹਮਣੇ ਨਹੀਂ ਆਈਆਂ।

ਮੁੱਖ ਮੰਤਰੀ ਨੇ ਕਿਹਾ, ਹੁਣ ਲੋਕਾਂ ਨੇ ‘ਆਪ’ ਨੂੰ ਚੁਣਿਆ ਹੈ ਅਤੇ ਇਸ ਪਾਰਟੀ ਦਾ ਚੋਣ ਨਿਸ਼ਾਨ ਝਾੜੂ ਸੂਬੇ ਦੀ ਸਿਆਸੀ ਵਿਵਸਥਾ ਦੀ ਸਫ਼ਾਈ ਕਰ ਰਿਹਾ ਹੈ। ਉਹ ਦਿਨ ਦੂਰ ਨਹੀਂ, ਜਦੋਂ ਅਕਾਲੀ ਆਪਣੇ ਗੁਨਾਹਾਂ ਦੀ ਸਜ਼ਾ



ਭੁਗਤਣ ਲਈ ਜੇਲ੍ਹ ਦੀਆਂ ਸੀਖਾਂ ਪਿੱਛੇ ਹੋਣਗੇ।

ਨਸ਼ਿਆਂ ਦੀ ਅਲਾਮਤ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਰਵਾਇਤੀ ਸਿਆਸੀ ਪਾਰਟੀਆਂ ਨੇ ਪੰਜਾਬ ਦੀ ਜਵਾਨੀ ਦਾ ਨਾ ਪੂਰਿਆ ਜਾਣ ਵਾਲਾ ਨੁਕਸਾਨ ਕੀਤਾ ਹੈ। ਲੋਕ ਜਾਣਦੇ ਹਨ ਕਿ ਨਸ਼ੇ ਦੇ ਵਪਾਰ ਰਾਹੀਂ ਹਜ਼ਾਰਾਂ ਨੌਜਵਾਨਾਂ ਦੇ ਸਿਵੇ ਬਾਲਣ ਲਈ ਕੌਣ ਜ਼ਿੰਮੇਵਾਰ ਹੈ। ਜੇਕਰ ਇਹ ਪਾਰਟੀਆਂ ਮੁੜ ਸੱਤਾ ਵਿੱਚ ਆਉਂਦੀਆਂ ਹਨ ਤਾਂ ਇਹ ਪੰਜਾਬ ਅਤੇ ਇਸ ਦੇ ਲੋਕਾਂ ਦਾ ਸ਼ੋਸ਼ਣ ਕਰਨ ਲਈ ਇੱਕ ਵਾਰ ਫਿਰ ਤਾਕਤ ਦੀ ਦੁਰਵਰਤੋਂ ਕਰਨਗੀਆਂ।

ਅਕਾਲੀ ਦਲ ਦੇ ਆਗੂ ਸੁਖਬੀਰ ਬਾਦਲ ’ਤੇ ਵਰ੍ਹਦਿਆਂ ਉਨ੍ਹਾਂ ਕਿਹਾ, ਸੁਖਬੀਰ ਬਾਦਲ ਜ਼ਮੀਨੀ ਹਕੀਕਤਾਂ ਤੋਂ ਅਣਜਾਣ ਹਨ ਕਿਉਂਕਿ ਉਨ੍ਹਾਂ ਨੇ ਉਮਰ ਭਰ ਐਸ਼ੋ-ਆਰਾਮ ਅਤੇ ਸੁਰੱਖਿਅਤ ਮਾਹੌਲ ਵਿੱਚ ਸਮਾਂ ਬਿਤਾਇਆ ਹੈ। ਉਹ ਪੰਜਾਬ ਦੇ ਇੱਕ ਕਾਨਵੈਂਟ ਸਕੂਲ ਦੇ ਪੜ੍ਹੇ-ਲਿਖੇ ਸਿਆਸੀ ਨੇਤਾ ਹਨ, ਜਿਨ੍ਹਾਂ ਨੂੰ ਸੂਬੇ ਦੀ ਭੂਗੋਲਿਕ ਸਥਿਤੀ ਦੀ ਬੁਨਿਆਦੀ ਸਮਝ ਵੀ ਨਹੀਂ ਹੈ, ਪਰ ਉਹ ਪੰਜਾਬ ਵਿੱਚ ਰਾਜਨੀਤਿਕ ਸੱਤਾ ਹਾਸਲ ਕਰਨਾ ਚਾਹੁੰਦੇ ਹਨ। ਬਾਕੀ ਸਭ ਛੱਡੋ, ਪੰਜਾਬ ਦੇ ਇਸ ਸਾਬਕਾ ਉਪ ਮੁੱਖ ਮੰਤਰੀ ਨੂੰ ਸੂਬੇ ਦੀਆਂ ਮੂਲ ਫ਼ਸਲਾਂ ਵਿੱਚ ਵੀ ਫਰਕ ਨਹੀਂ ਪਤਾ, ਕਿਉਂਕਿ ਉਨ੍ਹਾਂ ਨੂੰ ਬੁਨਿਆਦੀ ਮੁੱਦਿਆਂ ਦੀ ਬਹੁਤ ਘੱਟ ਜਾਣਕਾਰੀ ਹੈ।

ਮੁੱਖ ਮੰਤਰੀ ਨੇ ਕਿਹਾ, ਅਕਾਲੀਆਂ ਨੇ ਨਸ਼ੇ ਦੇ ਵਪਾਰ ਨੂੰ ਸਰਪ੍ਰਸਤੀ ਦੇ ਕੇ ਪੰਜਾਬ ਦੀਆਂ ਪੀੜ੍ਹੀਆਂ ਦਾ ਘਾਣ ਕੀਤਾ ਹੈ। ਉਨ੍ਹਾਂ ਨੇ ਨਾ ਸਿਰਫ਼ ਨਸ਼ੇ ਦੇ ਵਪਾਰ ਦੀ ਸਰਪ੍ਰਸਤੀ ਕੀਤੀ, ਸਗੋਂ ਰਿਪੋਰਟਾਂ ਅਨੁਸਾਰ ਨਸ਼ਾ ਵੇਚਣ ਜਾਂ ਵੰਡਣ ਲਈ ਸਰਕਾਰੀ ਵਾਹਨਾਂ ਦੀ ਵਰਤੋਂ ਵੀ ਕੀਤੀ। ਉਨ੍ਹਾਂ ਨੇ ਆਪਣੇ ਨਿੱਜੀ ਹਿੱਤਾਂ ਲਈ ਧਰਮ ਦੀ ਵਰਤੋਂ ਕਰਕੇ ਹਰ ਆਮ ਆਦਮੀ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ ਹੈ, ਜੋ ਕਿ ਇੱਕ ਨਾ-ਮਾਫ਼ੀਯੋਗ ਗੁਨਾਹ ਹੈ। ਅਕਾਲੀ ਦਲ ਵੱਲੋਂ ਭਾਜਪਾ ਨਾਲ ਦੁਬਾਰਾ ਸਾਂਝ ਪਾਉਣ ਦੀਆਂ ਕੋਸ਼ਿਸ਼ਾਂ ’ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੱਤਾ ਦੀ ਭੁੱਖ ਮਿਟਾਉਣ ਲਈ ਅਕਾਲੀ ਦਲ ਹੁਣ ਭਾਜਪਾ ਨਾਲ ਗਠਜੋੜ ਲਈ ਤਰਲੇ ਮਾਰ ਰਿਹਾ ਹੈ, ਜਿਸ ਦੇ ਹੱਥ ਕਾਲੇ ਖੇਤੀ ਕਾਨੂੰਨਾਂ ਵਿਰੁੱਧ ਰੋਸ ਪ੍ਰਦਰਸ਼ਨ ਦੌਰਾਨ ਸ਼ਹੀਦ ਹੋਏ 700 ਤੋਂ ਵੱਧ ਕਿਸਾਨਾਂ ਦੇ ਖੂਨ ਨਾਲ ਰੰਗੇ ਹੋਏ ਹਨ। ਅਕਾਲੀ-ਭਾਜਪਾ ਗਠਜੋੜ ਕਿਸੇ ਵਿਚਾਰਧਾਰਾ ਜਾਂ ਲੋਕ ਭਲਾਈ ਲਈ ਨਹੀਂ, ਸਗੋਂ ਸਿਰਫ਼ ਸੂਬੇ ’ਤੇ ਸੱਤਾ ਹਥਿਆਉਣ ਦੇ ਮਕਸਦ ਨਾਲ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਰਵਾਇਤੀ ਪਾਰਟੀਆਂ ਦੀਆਂ ਸਿਆਸੀ ਚਾਲਾਂ ਤੋਂ ਗੁੰਮਰਾਹ ਨਹੀਂ ਹੋਣਗੇ ਅਤੇ ਉਨ੍ਹਾਂ ਨੂੰ ਸਬਕ ਸਿਖਾਉਣਗੇ।

ਅਕਾਲੀ ਦਲ ’ਤੇ ਤਿੱਖਾ ਹਮਲਾ ਬੋਲਦਿਆਂ ਉਨ੍ਹਾਂ ਕਿਹਾ, ਅਕਾਲੀ ਆਗੂ ਹਮੇਸ਼ਾ ਪੰਜਾਬੀਆਂ ਜਾਂ ਪੰਜਾਬ ਦੇ ਹਿੱਤਾਂ ਦੀ ਬਜਾਏ ਆਪਣੇ ਹਿੱਤਾਂ ਦੀ ਚਿੰਤਾ ਕਰਦੇ ਹਨ, ਜਦਕਿ ‘ਆਪ’ ਸਿਰਫ਼ ਪੰਜਾਬ ਲਈ ਵਚਨਬੱਧ ਹੈ। ਉਨ੍ਹਾਂ ਨੇ ਆਪਣੇ ਸੱਤਾ ਦੇ ਦਿਨਾਂ ਦੌਰਾਨ ਸੂਬੇ ਦੀ ਦੌਲਤ ਨੂੰ ਬੇਰਹਿਮੀ ਨਾਲ ਲੁੱਟਿਆ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ। ਅਕਾਲੀ ਲੀਡਰਸ਼ਿਪ ’ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜੇਕਰ ਪ੍ਰਧਾਨ ਮੰਤਰੀ ਅਕਾਲੀ ਆਗੂਆਂ ਦਾ ਹਾਲ-ਚਾਲ ਪੁੱਛਣ ਲਈ ਫੋਨ ਵੀ ਕਰਦੇ ਹਨ, ਤਾਂ ਉਹ ਪੰਜਾਬ ਨੂੰ ਲੁੱਟਣ ਲਈ ਦਿੱਲੀ ਨਾਲ ਗਠਜੋੜ ਕਰਨ ਦੇ ਸੁਪਨੇ ਦੇਖਣ ਲੱਗ ਪੈਂਦੇ ਹਨ।

ਕਾਂਗਰਸ ਦੀ ਅੰਦਰੂਨੀ ਫੁੱਟ ’ਤੇ ਚੁਟਕੀ ਲੈਂਦਿਆਂ ਉਨ੍ਹਾਂ ਕਿਹਾ, ਉਹ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਸੱਤਾ ਖਾਤਰ ਆਪਸ ਵਿੱਚ ਲੜ ਰਹੇ ਹਨ, ਜਦਕਿ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ। ਅਸੀਂ ਆਪਸ ਵਿੱਚ ਨਹੀਂ ਲੜਦੇ, ਸਗੋਂ ਰੰਗਲਾ ਪੰਜਾਬ ਬਣਾਉਣ ਲਈ ਨਿਰੰਤਰ ਯਤਨ ਕਰ ਰਹੇ ਹਾਂ। ਸੂਬੇ ਦੀ ਲੜਾਈ ਚੰਗੀ ਸਿੱਖਿਆ, ਵਧੀਆ ਸਿਹਤ ਅਤੇ ਹੋਰ ਭਲਾਈ ਸਕੀਮਾਂ ਲਈ ਹੈ। ਸੱਤਾ ਦੀ ਖਾਤਰ ਕਾਂਗਰਸੀ ਆਗੂ ਇੱਕ-ਦੂਜੇ ਨੂੰ ਦੇਖਣਾ ਵੀ ਪਸੰਦ ਨਹੀਂ ਕਰਦੇ।

ਉਨ੍ਹਾਂ ਕਿਹਾ, ਕਾਂਗਰਸ ਕੋਲ ਲੋਕਾਂ ਅਤੇ ਸੂਬੇ ਲਈ ਕੋਈ ਵਿਜ਼ਨ ਨਹੀਂ ਹੈ। ਉਨ੍ਹਾਂ ਦਾ ਇਹੀ ਮਕਸਦ ਹੈ ਕਿ ਸੱਤਾ ਵਿੱਚ ਆ ਕੇ ਪੰਜਾਬ ਦੀ ਦੌਲਤ ਲੁੱਟੀ ਜਾਵੇ, ਪਰ ਉਨ੍ਹਾਂ ਦੇ ਸੁਪਨੇ ਕਦੇ ਪੂਰੇ ਨਹੀਂ ਹੋਣਗੇ। ਕਾਂਗਰਸ ਪਾਰਟੀ ਇੱਕ ਅਜਿਹਾ ਖੇਰੂੰ-ਖੇਰੂੰ ਹੋਇਆ ਘਰ ਹੈ ਜੋ ਆਪਣੀ ਅੰਦਰੂਨੀ ਲੜਾਈ ਕਾਰਨ ਢਹਿ ਢੇਰੀ ਹੋ ਜਾਵੇਗਾ। ਇਹ ਅਫ਼ਸੋਸ ਦੀ ਗੱਲ ਹੈ ਕਿ ਸੱਤਾ ਲਈ ਲੜ ਰਹੇ ਇਨ੍ਹਾਂ ਨੇਤਾਵਾਂ ਨੂੰ ਇੱਕਜੁੱਟ ਕਰਨ ਲਈ ਆਉਣ ਵਾਲੇ ਕਾਂਗਰਸ ਦੇ ਚੋਟੀ ਦੇ ਨੇਤਾਵਾਂ ਨੂੰ ਇਹ ਵੀ ਨਹੀਂ ਪਤਾ ਹੁੰਦਾ ਕਿ ਉਨ੍ਹਾਂ ਦੇ ਨਾਂ ਦਾ ਉਚਾਰਨ ਕਿਵੇਂ ਕਰਨਾ ਹੈ।

ਮੁੱਖ ਮੰਤਰੀ ਨੇ ਕਿਹਾ, ਕਾਂਗਰਸ ਅਤੇ ਅਕਾਲੀ ਦਲ ਉਹ ਸਿਉਂਕ ਹਨ, ਜਿਨ੍ਹਾਂ ਨੇ ਆਜ਼ਾਦੀ ਤੋਂ ਬਾਅਦ ਸੂਬੇ ਨੂੰ ਬਰਬਾਦ ਕਰ ਦਿੱਤਾ, ਜਿਸ ਕਾਰਨ ਪੰਜਾਬ ਤਰੱਕੀ ਦੇ ਰਾਹ ’ਤੇ ਪਛੜ ਗਿਆ। ਇਨ੍ਹਾਂ ਪਾਰਟੀਆਂ ਦੇ ਆਗੂ ਕਦੇ ਵੀ ਇੱਕ-ਦੂਜੇ ਖ਼ਿਲਾਫ਼ ਨਹੀਂ ਬੋਲਦੇ ਪਰ ਮੇਰੇ ਖ਼ਿਲਾਫ਼ ਰੋਜ਼ਾਨਾ ਜ਼ਹਿਰ ਉਗਲਦੇ ਹਨ ਕਿਉਂਕਿ ਮੈਂ ਲੋਕਾਂ ਸਾਹਮਣੇ ਉਨ੍ਹਾਂ ਦਾ ਅਸਲ ਚਿਹਰਾ ਬੇਨਕਾਬ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਰਵਾਇਤੀ ਸਿਆਸੀ ਪਾਰਟੀਆਂ ਦੇ ਲੋਕ ਵਿਰੋਧੀ ਵਤੀਰੇ ਨੂੰ ਚੇਤੇ ਕਰਨ ਲਈ ਆਖਦਿਆਂ ਕਿਹਾ ਕਿ ਇਹ ਉਹ ਗੱਦਾਰ ਹਨ ਜੋ ਕਦੇ ਵੀ ਸੂਬੇ ਅਤੇ ਇਸ ਦੇ ਲੋਕਾਂ ਪ੍ਰਤੀ ਵਫ਼ਾਦਾਰ ਨਹੀਂ ਰਹੇ।

ਆਪਣੀ ਸਰਕਾਰ ਦੀਆਂ ਪ੍ਰਸ਼ਾਸਨਿਕ ਪਹਿਲਕਦਮੀਆਂ ’ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਖ਼ਜ਼ਾਨੇ ਦਾ ਇੱਕ-ਇੱਕ ਪੈਸਾ ਲੋਕਾਂ ਦੀ ਭਲਾਈ ਲਈ ਸੋਚ-ਸਮਝ ਕੇ ਖਰਚਿਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ, ਸੂਬੇ ਦੇ 90 ਫੀਸਦ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ’ਚ ਹੁਣ ਕਿਸਾਨਾਂ ਨੂੰ ਵੀ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਕਿ ਆਪਣੇ ਆਪ ਵਿੱਚ ਇੱਕ ਵੱਡੀ ਪ੍ਰਾਪਤੀ ਹੈ। ਲੋਕਾਂ ਦੇ ਟੈਕਸ ਦਾ ਪੈਸਾ ਸੂਬੇ ਦਾ ਹੈ ਅਤੇ ਅਸੀਂ ਇਸ ਨੂੰ ਲੋਕਾਂ ਦੀ ਭਲਾਈ ’ਤੇ ਪੂਰੇ ਧਿਆਨ ਖ਼ਰਚ ਕਰ ਰਹੇ ਹਾਂ। ਲੋਕਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਪਹੁੰਚ ਰਿਹਾ ਹੈ।

ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ, ਸਾਡੀ ਸਰਕਾਰ ਸਿਰਫ਼ ਲੋਕਾਂ ਦੇ ਭਲੇ ਲਈ ਕਰ ਰਹੀ ਹੈ, ਜਿਸਨੇ ਮੁਫ਼ਤ ਬਿਜਲੀ, 70,000 ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਕਿਸੇ ਭ੍ਰਿਸ਼ਟਾਚਾਰ ਦੇ ਨੌਕਰੀਆਂ, ਬਿਹਤਰੀਨ ਸੜਕੀ ਸੰਪਰਕ, ਮਿਆਦ ਪੁਗਾ ਚੁੱਕੇ ਟੋਲ ਪਲਾਜ਼ੇ ਬੰਦ ਕਰਕੇ ਲੋਕਾਂ ਦੇ ਰੋਜ਼ਾਨਾ 70 ਲੱਖ ਰੁਪਏ ਦੀ ਬੱਚਤ ਕਰਵਾਉਣ, ਮਿਆਰੀ ਸਿੱਖਿਆ ਤੇ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਅਤੇ ਮਜ਼ਬੂਤ ਬੁਨਿਆਦੀ ਢਾਂਚੇ ਦੇ ਨਿਰਮਾਣ ਸਮੇਤ ਹੋਰ ਕਈ ਅਹਿਮ ਪਹਿਲਕਦਮੀਆਂ ਕੀਤੀਆਂ ਹਨ। ਸੂਬਾ ਸਰਕਾਰ ਪਿੰਡਾਂ ਦੇ ਵਿਕਾਸ ਲਈ ਅਣਥੱਕ ਯਤਨ ਕਰ ਰਹੀ ਹੈ ਜਿਸ ਲਈ ਵੱਡੀਆਂ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣ ਲਈ ਸੂਬੇ ਭਰ ਵਿੱਚ 3100 ਖੇਡ ਮੈਦਾਨ ਬਣਾਏ ਜਾ ਰਹੇ ਹਨ।

# ਸਬ ਜੇਲ੍ਹ ਪੱਟੀ ਵਿਖੇ ਭੈਣਾਂ ਵੱਲੋਂ ਬੰਦੀ ਵੀਰਾਂ ਨੂੰ ਰੱਖੜੀ ਬੰਨ੍ਹਣ ਦੌਰਾਨ ਮਾਹੌਲ ਹੋਇਆ ਭਾਵੁਕ



**ਤਰਨ ਤਾਰਨ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਬ ਜੇਲ੍ਹ ਪੱਟੀ ਵਿਖੇ ਰੱਖੜੀ ਦਾ ਤਿਉਹਾਰ ਬਹੁਤ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਜੇਲ੍ਹ ਅੰਦਰ ਬੰਦ ਬੰਦੀ ਵੀਰਾਂ ਨੂੰ ਉਨ੍ਹਾਂ ਦੀਆਂ ਭੈਣਾਂ ਵੱਲੋਂ ਰੱਖੜੀਆਂ ਬੰਨ੍ਹੀਆਂ ਗਈਆਂ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਭੈਣਾਂ ਤੋਂ ਗੁੱਟ ’ਤੇ ਰੱਖੜੀ ਬੰਨ੍ਹਵਾਉਣ ਦੌਰਾਨ ਕਈ ਬੰਦੀ ਵੀਰ ਅਤੇ ਭੈਣਾਂ ਭਾਵੁਕ ਵੀ ਹੋ ਗਏ। ਇਸ ਦੌਰਾਨ ਜੇਲ੍ਹ ਅੰਦਰ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਸਨ ਅਤੇ ਜੇਲ੍ਹ ਪ੍ਰਸ਼ਾਸਨ ਦੁਆਰਾ ਜੇਲ੍ਹ ਕੰਪਲੈਕਸ ਅਤੇ ਡਿਊੜੀ ਅੰਦਰ ਬੈਠਣ ਲਈ ਕੁਰਸੀਆਂ, ਪੱਖੇ ਅਤੇ ਪੀਣ ਦੇ ਪਾਣੀ ਆਦਿ ਦਾ ਪੂਰਾ ਪ੍ਰਬੰਧ ਕੀਤਾ ਗਿਆ ਸੀ ਤਾਂ ਜੋ ਮੁਲਾਕਾਤੀਆਂ ਨੂੰ ਰੱਖੜੀ ਬੰਨ੍ਹਣ ਤੇ ਮੁਲਾਕਾਤ ਕਰਨ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਇਸ ਦੌਰਾਨ ਜੇਲ੍ਹ ਸੁਪਰਡੈਂਟ ਇੰਦਰਪ੍ਰੀਤ ਸਿੰਘ, ਪੀ.ਪੀ.ਐਸ ਨੇ ਬੰਦੀ ਵੀਰਾਂ ਨੂੰ ਜ਼ੁਰਮ ਦੀ ਦੁਨੀਆ ਦਾ ਰਸਤਾ ਤਿਆਗ ਕੇ ਜੇਲ੍ਹ ਤੋਂ ਬਾਅਦ ਦੀ ਆਪਣੀ ਬਾਕੀ ਜ਼ਿੰਦਗੀ ਮਿਹਨਤ ਅਤੇ ਇਮਾਨਦਾਰੀ ਨਾਲ ਬਤੀਤ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਹਾਇਕ ਸੁਪਰਡੈਂਟ ਸਤਨਾਮ ਸਿੰਘ, ਸਟੋਰ ਕੀਪਰ ਜਤਿੰਦਰ, ਭਲਾਈ ਅਫ਼ਸਰ, ਗੁਰਜੀਤ ਸਿੰਘ ਅਤੇ ਜੇਲ੍ਹ ਦੇ ਬਾਕੀ ਸਟਾਫ਼ ਮੈਂਬਰ ਵੀ ਹਾਜ਼ਰ ਸਨ।

# ਕੇਂਦਰੀ ਜੇਲ੍ਹ ਗੋਇੰਦਵਾਲ ਸਾਹਿਬ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ



**ਗੋਇੰਦਵਾਲ ਸਾਹਿਬ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਅਤੇ ਵਧੀਕ ਡਾਇਰੈਕਟਰ ਜਨਰਲ ਆਫ ਪੁਲਿਸ (ਜੇਲ੍ਹਾਂ) ਆਰ.ਕੇ ਜੈਸਵਾਲ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਕੇਂਦਰੀ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਬੰਦੀਆਂ ਦੀਆਂ ਭੈਣਾਂ ਵੱਲੋਂ ਜੇਲ੍ਹ ਵਿੱਚ ਪਹੁੰਚ ਕੇ ਆਪਣੇ ਭਰਾਵਾਂ ਨੂੰ ਰੱਖੜੀ ਬੰਨ੍ਹੀ ਗਈ ਅਤੇ ਮਠਿਆਈ ਵੀ ਦਿੱਤੀ ਗਈ। ਇਸ ਦੌਰਾਨ ਜੇਲ੍ਹ ਪ੍ਰਸ਼ਾਸਨ ਦੁਆਰਾ ਜੇਲ੍ਹ ਕੰਪਲੈਕਸ ਅੰਦਰ ਢੁਕਵੇਂ ਪ੍ਰਬੰਧ ਕੀਤੇ ਗਏ ਤਾਂ ਜੋ ਮੁਲਾਕਾਤੀਆਂ ਨੂੰ ਰੱਖੜੀ ਬੰਨ੍ਹਣ ਤੇ ਮੁਲਾਕਾਤ ਕਰਨ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਜੇਲ੍ਹ ਸੁਪਰਡੈਂਟ ਮਨਜੀਤ ਸਿੰਘ ਟਿਵਾਣਾ ਵੱਲੋਂ ਸਾਰੇ ਬੰਦੀਆਂ ਨੂੰ ਰੱਖੜੀ ਦੀ ਵਧਾਈ ਦਿੱਤੀ ਗਈ। ਇਸ ਮੌਕੇ ਜਤਿੰਦਰਪਾਲ ਸਿੰਘ ਵਧੀਕ ਸੁਪਰਡੈਂਟ, ਗੁਰਜੰਟ ਸਿੰਘ ਵਧੀਕ ਸੁਪਰਡੈਂਟ ਅਤੇ ਗੁਰਮੇਜ ਸਿੰਘ ਡਿਪਟੀ ਸੁਪਰਡੈਂਟ ਵੀ ਹਾਜ਼ਰ ਰਹੇ।

# ਰੂਫਟੌਪ ਸੋਲਰ ਅਡੌਪਸ਼ਨ ਨੂੰ ਹੁਲਾਰਾ ਦੇਣ ਲਈ ਕ੍ਰੈਸਟ ਮੈਗਾ ‘ਸੋਲਰ ਵੀਕਐਂਡ’ ਦਾ ਆਯੋਜਨ ਕਰੇਗਾ

**ਚੰਡੀਗੜ੍ਹ, 29 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚੰਡੀਗੜ੍ਹ ਨੂੰ ਸਵੱਛ ਅਤੇ ਟਿਕਾਊ ਊਰਜਾ ਦੀ ਦਿਸ਼ਾ ਵਿੱਚ ਅੱਗੇ ਵਧਾਉਣ ਦੇ ਉਦੇਸ਼ ਨਾਲ ਚੰਡੀਗੜ੍ਹ ਰੀਨਿਊਏਬਲ ਐਨਰਜੀ ਐਂਡ ਸਾਇੰਸ ਐਂਡ ਟੈਕਨੋਲੋਜੀ ਪ੍ਰਮੋਸ਼ਨ ਸੋਸਾਇਟੀ (ਕ੍ਰੈਸਟ), ਚੰਡੀਗੜ੍ਹ ਪ੍ਰਸ਼ਾਸਨ, ਸ਼ਨੀਵਾਰ, 29 ਅਗਸਤ ਅਤੇ ਐਤਵਾਰ, 30 ਅਗਸਤ, 2026 ਨੂੰ ਇੱਕ ਮੈਗਾ ÷ਸੋਲਰ ਵੀਕਐਂਡ÷ ਦਾ ਆਯੋਜਨ ਕਰੇਗੀ।

ਇਸ ਦੋ ਦਿਨਾਂ ਦੀ ਵਿਸ਼ੇਸ਼ ਡੋਰ-ਟੂ-ਡੋਰ ਅਤੇ ਆਊਟਰੀਚ ਮੁਹਿੰਮ ਦਾ ਉਦੇਸ਼ ਭਾਰਤ ਸਰਕਾਰ ਦੀ ਪ੍ਰਮੁੱਖ ਯੋਜਨਾ ‘ਪੀਐੱਮ ਸੂਰਯ ਘਰ: ਮੁਫ਼ਤ ਬਿਜਲੀ ਯੋਜਨਾ’ ਦੇ ਤਹਿਤ ਰੂਫਟੌਪ ਸੋਲਰ ਸਿਸਟਮ ਨੂੰ ਬੜੇ ਪੱਧਰ ’ਤੇ ਅਪਣਾਉਣ ਲਈ ਲੋਕਾਂ ਨੂੰ ਪ੍ਰੋਤਸਾਹਿਤ ਕਰਨਾ ਹੈ। ਇਹ ਮੁਹਿੰਮ ਮੁੱਖ ਤੌਰ ’ਤੇ ਚੰਡੀਗੜ੍ਹ ਹਾਊਸਿੰਗ ਬੋਰਡ (ਸੀਐੱਚਬੀ) ਦੇ ਉਨ੍ਹਾਂ ਫ੍ਰੀਹੋਲਡ ਸੁਤੰਤਰ ਰਿਹਾਇਸ਼ੀ ਯੂਨਿਟਾਂ ਨੂੰ ਕਵਰ ਕਰੇਗੀ, ਜਿਨ੍ਹਾਂ ਦੇ ਨਿਵਾਸੀਆਂ ਦੇ ਪਾਸ ਛੱਤ ਦਾ ਅਧਿਕਾਰ ਹੈ। ਇਸ ਨਾਲ ਨਿਵਾਸੀਆਂ ਨੂੰ ਸਵੱਛ ਊਰਜਾ ਅਪਣਾਉਣ ਅਤੇ ਆਪਣੇ ਬਿਜਲੀ ਬਿਲਾਂ ਵਿੱਚ ਜ਼ਿਕਰਯੋਗ ਕਮੀ ਲਿਆਉਣ ਵਿੱਚ ਸਹਾਇਤਾ ਮਿਲੇਗੀ।

ਕ੍ਰੈਸਟ, ਸੀਡੀਪੀਐੱਲ, ਸੀਐੱਚਬੀ, ਬੈਂਕਾਂ ਅਤੇ ਸੂਚੀਬੱਧ ਸੋਲਰ ਵਿਕ੍ਰੇਤਾਵਾਂ ਦੇ ਅਧਿਕਾਰੀਆਂ ਅਤੇ ਪ੍ਰਤੀਨਿਧੀਆਂ ਦੀਆਂ ਸੰਯੁਕਤ ਟੀਮਾਂ ਦੋਵੇਂ ਦਿਨ ਸਵੇਰੇ 10:00 ਵਜੇ ਤੋਂ ਸ਼ਾਮ 5:00 ਵਜੇ ਤੱਕ ਸੈਕਟਰ 41-ਏ, 46, 38 (ਵੈਸਟ), 40, 42 ਅਤੇ 44 ਵਿੱਚ ਉਪਲਬਧ ਰਹਿਣਗੀਆਂ। ਕੈਂਪਾਂ ਵਿੱਚ ਆਉਣ ਵਾਲੇ ਨਿਵਾਸੀਆਂ ਨੂੰ ਸਿੰਗਲ-ਵਿੰਡੋ ਵਿਵਸਥਾ ਦੇ ਜ਼ਰੀਏ ਤਕਨੀਕੀ ਮਾਰਗਦਰਸ਼ਨ, ਸਾਇਟ ਵਿਵਹਾਰਕਤਾ ਦਾ ਮੁੱਲਾਂਕਣ, ਰੂਫਟੌਪ ਸੋਲਰ ਲਈ ਰਜਿਸਟ੍ਰੇਸ਼ਨ ਅਤੇ 6 ਪ੍ਰਤੀਸ਼ਤ ਤੋਂ ਸ਼ੁਰੂ ਹੋਣ ਵਾਲੀਆਂ ਵਿਆਜ ਦਰਾਂ ’ਤੇ ਰਿਣ ਸੁਵਿਧਾ ਉਪਲਬਧ ਕਰਵਾਉਣ ਵਿੱਚ ਸਹਾਇਤਾ ਕੀਤੀ ਜਾਵੇਗੀ। ਰਿਣ ਸੁਵਿਧਾ ਸਬੰਧਿਤ ਬੈਂਕਾਂ ਦੇ ਲਾਗੂ ਨਿਯਮਾਂ ਅਤੇ ਸ਼ਰਤਾਂ ਦੇ ਅਧੀਨ ਹੋਵੇਗੀ। ਕ੍ਰੈਸਟ ਨੇ ਸ਼ਨਾਖ਼ਤ ਕੀਤੇ ਗਏ ਸੈਕਟਰਾਂ ਦੇ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਨਵੀਨਤਮ ਬਿਜਲੀ ਬਿਲ ਦੀ ਕਾਪੀ ਲੈ ਕੇ ਆਪਣੇ ਨਜ਼ਦੀਕੀ ਕੈਂਪ ਵਿੱਚ ਪਹੁੰਚਣ। ਕੈਂਪਾਂ ਵਿੱਚ ਤਕਨੀਕੀ ਸਲਾਹ-ਮਸ਼ਵਰੇ, ਰਿਣ ਸੁਵਿਧਾ, ਰਜਿਸਟ੍ਰੇਸ਼ਨ ਅਤੇ ’ਪੀਐੱਮ ਸੂਰਯ ਘਰ: ਮੁਫ਼ਤ ਬਿਜਲੀ ਯੋਜਨਾ’ ਦੇ ਤਹਿਤ ਸਬਸਿਡੀ ਲਾਭ ਪ੍ਰਾਪਤ ਕਰਨ ਲਈ ਮੌਕੇ ’ਤੇ ਹੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਨਿਵਾਸੀ ਅਧਿਕਾਰਿਤ ਪੋਰਟਲ, www.pmsuryaghar.gov.in ਦੇ ਜ਼ਰੀਏ ਵੀ ਅਰਜ਼ੀ ਦੇ ਸਕਦੇ ਹਨ, ਜਾਂ ਪੂਰੀ ਸਹਾਇਤਾ ਲਈ ਕ੍ਰੈਸਟ ਦੇ ਕੈਂਪਾਂ ਵਿੱਚ ਸੰਪਰਕ ਕਰ ਸਕਦੇ ਹਨ।



# ਹਰਿਆਣਾ ਖ਼ਬਰਨਾਮਾ



## ਹਰਿਆਣਾ ਵਿੱਚ ਕੂੜੇ ਤੋਂ ਪੈਦਾ ਹੋਵੇਗੀ 50 ਮੇਗਾਵਾਟ ਬਿਜਲੀ

**ਚੰਡੀਗੜ੍ਹ, 29 ਅਗਸਤ**
**-ਸੰਜੀਵ ਸਿੰਗਲਾ-**

ਹਰਿਆਣਾ ਵਿੱਚ ਸ਼ਹਿਰੀ ਕੂੜਾ ਪ੍ਰਬੰਧਨ ਦੀ ਦਿਸ਼ਾ ਵਿੱਚ ਇੱਕ ਵੱਡੀ ਪਹਿਲ ਕਰਦਿਆਂ ਸੂਬਾ ਸਰਕਾਰ ਨੇ ਚਾਰ ਇੰਟੀਗ੍ਰੇਟਡ ਵੇਸਟ-ਟੂ-ਐਨਰਜੀ ਪਲਾਂਟ ਸਥਾਪਤ ਕਰਨ ਲਈ ਸਮਝੌਤਾ ਮੈਮੋ (ਐਮ.ਓ.ਯੂ.) 'ਤੇ ਦਸਤਖ਼ਤ ਕੀਤੇ। ਹਿਸਾਰ, ਅੰਬਾਲਾ, ਫਰੀਦਾਬਾਦ ਅਤੇ ਗੁਰੂਗ੍ਰਾਮ ਕਲੱਸਟਰ ਵਿੱਚ ਸਥਾਪਤ ਹੋਣ ਵਾਲੇ ਇਨ੍ਹਾਂ ਪਲਾਂਟਾਂ ਵਿੱਚ ਸੰਚਾਲਨ ਸ਼ੁਰੂ ਹੋਣ 'ਤੇ ਰੋਜ਼ਾਨਾ ਕੁੱਲ 5 ਹਜ਼ਾਰ ਟਨ ਕਚਰੇ ਦਾ ਵਿਗਿਆਨਕ ਢੰਗ ਨਾਲ ਪ੍ਰੋਸੈਸਿੰਗ ਕੀਤੀ ਜਾਵੇਗਾ ਅਤੇ ਇਸ ਨਾਲ ਕੁੱਲ 50 ਮੇਗਾਵਾਟ ਊਰਜਾ ਦਾ ਉਤਪਾਦਨ ਹੋਵੇਗਾ। ਇਨ੍ਹਾਂ ਪਲਾਂਟਾਂ ਦੇ ਅਕਤੂਬਰ 2028 ਤੱਕ ਸ਼ੁਰੂ ਹੋਣ ਦੀ ਉਮੀਦ ਹੈ।

ਨੂੰਹ ਵਿੱਚ ਐਮ.ਓ.ਯੂ. ਹੋਣ ਤੋਂ ਬਾਅਦ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਸਮਝੌਤੇ ਸੂਬੇ ਦੇ ਸ਼ਹਿਰਾਂ ਨੂੰ ਸਾਫ਼, ਸਿਹਤਮੰਦ ਅਤੇ ਆਧੁਨਿਕ ਬਣਾਉਣ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਹਨ। ਇਨ੍ਹਾਂ ਪਲਾਂਟਾਂ ਦੀ ਸਥਾਪਨਾ ਆਇਲ ਗ੍ਰੀਨ ਐਨਰਜੀ ਲਿਮਟਿਡ ਵੱਲੋਂ ਕੀਤੀ ਜਾਵੇਗੀ, ਜੋ ਕਿ ਆਇਲ ਇੰਡੀਆ ਲਿਮਟਿਡ ਦੀ ਪੂਰੀ ਮਲਕੀਅਤ ਵਾਲੀ ਸਹਾਇਕ ਕੰਪਨੀ ਹੈ। ਉਨ੍ਹਾਂ ਕਿਹਾ ਕਿ ਇਹ ਸਾਈਦਾਰੀ ਹਰਿਆਣਾ ਦੇ ਸ਼ਹਿਰੀ ਵਿਕਾਸ ਨੂੰ ਨਵੀਂ ਊਰਜਾ ਦੇਣ ਦੇ ਨਾਲ-ਨਾਲ ਸੂਬੇ ਵਿੱਚ ਕੂੜਾ ਪ੍ਰਬੰਧਨ ਦੇ ਤੌਰ-ਤਰੀਕਿਆਂ ਵਿੱਚ ਵੀ ਵੱਡਾ ਬਦਲਾਅ ਲਿਆਵੇਗੀ।

ਇਸ ਮੌਕੇ ਕੇਂਦਰੀ ਰਾਜ ਮੰਤਰੀ (ਸੁਤੰਤਰ ਚਾਰਜ) ਰਾਓ ਇੰਦਰਜੀਤ ਸਿੰਘ, ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ, ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ, ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ, ਸ਼ਹਿਰੀ ਸਥਾਨਕ ਸਰਕਾਰਾਂ ਮੰਤਰੀ ਸ੍ਰੀ ਵਿਪੁਲ ਗੋਇਲ ਮੰਤਰੀ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ, ਆਇਲ ਇੰਡੀਆ ਲਿਮਟਿਡ ਦੇ ਚੇਅਰਮੈਨ ਅਤੇ ਪ੍ਰਬੰਧ ਨਿਰਦੇਸ਼ਕ ਡਾ. ਰਣਜੀਤ ਰਥ, ਸ਼ਹਿਰੀ ਸਥਾਨਕ ਸਰਕਾਰਾਂ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਅਸ਼ੋਕ ਮੀਣਾ ਸਮੇਤ ਕਈ ਪਤਵੰਤੇ ਮੌਜੂਦ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਵਧਦੇ ਸ਼ਹਿਰੀਕਰਨ ਦੇ ਨਾਲ ਕੂੜੇ ਦੇ ਉਚਿਤ ਪ੍ਰਬੰਧਨ ਦੀ ਚੁਣੌਤੀ ਵੀ ਲਗਾਤਾਰ ਵਧ ਰਹੀ ਹੈ। ਕੂੜਾ ਸਿਰਫ ਸਮੱਸਿਆ ਨਹੀਂ ਹੈ।

## ਕਾਂਗਰਸ ਸਰਕਾਰ ਨੇ 10 ਸਾਲਾਂ ਵਿੱਚ ਸਿਰਫ਼ 86 ਹਜ਼ਾਰ ਸਰਕਾਰੀ ਨੌਕਰੀਆਂ ਦਿੱਤੀਆਂ ਜਦਕਿ ਬੀਜੇਪੀ ਸਰਕਾਰ ਨੇ 2 ਲੱਖ ਤੋਂ ਵੱਧ ਨੌਕਰੀਆਂ ਦਿੱਤੀਆਂ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 29 ਅਗਸਤ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੇਵਾਤ ਖੇਤਰ ਨੂੰ ਸਿੱਖਿਆ ਦੇ ਖੇਤਰ ਵਿੱਚ ਸ਼ਨੀਵਾਰ ਨੂੰ ਇੱਕ ਵੱਡੀ ਸੌਗਾਤ ਮਿਲੀ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਨੂਹ ਦੀ ਅਨਾਜ ਮੰਡੀ ਵਿੱਚ ਆਯੋਜਿਤ ਰਾਜ ਪੱਧਰੀ ਓਰੀਐਂਟੇਸ਼ਨ ਪ੍ਰੋਗਰਾਮ ਦੌਰਾਨ ਮੇਵਾਤ ਕੈਡਰ ਦੇ 1054 ਨਵੇਂ-ਨਿਯੁਕਤ ਪ੍ਰਾਇਮਰੀ (ਪੀ.ਆਰ.ਟੀ.) ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਨਵੇਂ ਅਧਿਆਪਕਾਂ ਦੀ ਤਾਇਨਾਤੀ ਨਾਲ ਖੇਤਰ ਵਿੱਚ ਅਧਿਆਪਕ-ਵਿਦਿਆਰਥੀ ਅਨੁਪਾਤ ਵਿੱਚ ਸੁਧਾਰ ਹੋਵੇਗਾ ਅਤੇ ਮੁੱਢਲੀ ਸਿੱਖਿਆ ਦਾ ਪੱਧਰ ਹੋਰ ਮਜ਼ਬੂਤ ਹੋਵੇਗਾ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਦੀਪ ਜਗਾ ਕੇ ਮੁੱਖ ਮੰਤਰੀ ਨੇ ਇਸ ਦਿਨ ਨੂੰ ਖਾਸ ਦੱਸਦਿਆਂ ਕਿਹਾ ਕਿ ਅੱਜ ਭਾਦੋਂ ਮਹੀਨੇ ਦੀ ਪ੍ਰਤੀਪਦਾ ਹੈ, ਜਨਮ ਅਸ਼ਟਮੀ ਨੇੜੇ ਹੈ ਅਤੇ ਹਾਕੀ ਦੇ ਜਾਦੂਗਰ ਮੇਜਰ ਧਿਆਨਚੰਦ ਦੇ ਜਨਮ ਦਿਨ 'ਤੇ ਰਾਸ਼ਟਰੀ ਖੇਡ ਦਿਵਸ ਵੀ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵੀਰ ਹਸਨ ਖਾਂ ਮੇਵਾਤੀ ਦੀ ਸ਼ੌਰਿਆ ਵਾਲੀ ਧਰਤੀ 'ਤੇ ਇੰਨੇ ਵੱਡੇ ਆਯੋਜਨ ਦਾ ਹੋਣਾ ਮੇਵਾਤ ਖੇਤਰ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਨਵੇਂ-ਨਿਯੁਕਤ ਅਧਿਆਪਕਾਂ ਲਈ ਸਿੱਖਿਆ ਵਿਸ਼ੇ ਨਾਲ ਸਬੰਧਤ 22 ਸਟਾਲਾਂ ਦੀ ਇੱਕ ਵਿਸ਼ਾਲ ਪ੍ਰਦਰਸ਼ਨੀ ਲਗਾਈ ਗਈ, ਜਿਸ ਦਾ ਮੁੱਖ ਮੰਤਰੀ ਨੇ ਜਾਇਜ਼ਾ ਲਿਆ। ਇਸ ਦੇ ਨਾਲ ਹੀ, ਅਧਿਆਪਕਾਂ ਦੇ ਪੇਸ਼ੇਵਰ ਹੁਨਰ ਨੂੰ ਨਿਖਾਰਨ ਲਈ ਵਿਸ਼ਾਲ ਐਲਈਡੀ ਸਕ੍ਰੀਨ 'ਤੇ ਪਾਵਰਪੁਆਇੰਟ ਪ੍ਰਸਤੁਤੀ (ਪ੍ਰੈਜ਼ੈਂਟੇਸ਼ਨ) ਰਾਹੀਂ ਇੱਕ ਪ੍ਰਭਾਵਸ਼ਾਲੀ ਸਿਖਲਾਈ ਸੈਸ਼ਨ ਵੀ ਆਯੋਜਿਤ ਕੀਤਾ ਗਿਆ। ਇਸ ਦੌਰਾਨ 'ਮੁੱਖ ਮੰਤਰੀ ਮੇਵਾਤ ਵਿਦਿਆਰਥੀ ਪ੍ਰਤਿਭਾ ਸਨਮਾਨ ਯੋਜਨਾ' ਤਹਿਤ ਸਨਮਾਨ ਰਾਸ਼ੀ ਵੀ ਜਾਰੀ ਕੀਤੀ ਗਈ। ਇਸ ਮੌਕੇ ਹਰਿਆਣਾ ਦੇ ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ, ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਮੌਜੂਦ ਸਨ।



ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਨਵੀਂ ਭਰਤੀ ਨੂੰ ਨੌਜਵਾਨਾਂ ਦੀ ਯੋਗਤਾ ਦੀ ਜਿੱਤ ਦੱਸਦਿਆਂ ਕਿਹਾ ਕਿ ਪਹਿਲੀਆਂ ਸਰਕਾਰਾਂ ਵਿੱਚ ਭਤੀਜਾਵਾਦ, ਜਾਤੀਵਾਦ, ਖੇਤਰਵਾਦ ਅਤੇ ਪਰਚੀ-ਖਰਚੀ ਦੇ ਹਿਸਾਬ ਨਾਲ ਨੌਕਰੀਆਂ ਮਿਲਦੀਆਂ ਸਨ। ਬੀਜੇਪੀ ਸਰਕਾਰ ਬਣਦਿਆਂ ਹੀ ਬਿਨਾਂ ਪਰਚੀ-ਬਿਨਾਂ ਖਰਚੀ ਦੇ 2 ਲੱਖ ਤੋਂ ਵੱਧ ਸਰਕਾਰੀ ਨੌਕਰੀਆਂ ਦੇ ਕੇ ਯੋਗ ਨੌਜਵਾਨਾਂ ਦਾ ਆਤਮ-ਸਨਮਾਨ ਵਾਪਸ ਮੋੜਿਆ ਹੈ, ਜਦਕਿ ਪਿਛਲੀ ਕਾਂਗਰਸ ਸਰਕਾਰ ਨੇ ਆਪਣੇ 10 ਸਾਲਾਂ ਦੇ ਕਾਰਜਕਾਲ ਵਿੱਚ ਮਹਿਜ਼ 86 ਹਜ਼ਾਰ ਸਰਕਾਰੀ ਨੌਕਰੀਆਂ ਦਿੱਤੀਆਂ ਸਨ। ਉਨ੍ਹਾਂ ਪੰਜਾਬ ਵਿੱਚ ਭਰਤੀਆਂ ਵਿੱਚ ਹੋ ਰਹੇ ਭ੍ਰਿਸ਼ਟਾਚਾਰ ਨੂੰ ਲੈ ਕੇ ਵੀ ਆਮ ਆਦਮੀ ਪਾਰਟੀ ਉੱਤੇ ਤਿੱਖਾ ਹਮਲਾ ਬੋਲਿਆ।

ਮੁੱਖ ਮੰਤਰੀ ਨੇ ਕਿਹਾ ਕਿ ਮੇਵਾਤ, ਜਿਹੜਾ ਕਦੇ ਸਿੱਖਿਆ ਦੇ ਖੇਤਰ ਵਿੱਚ ਪੱਛੜਿਆ ਮੰਨਿਆ ਜਾਂਦਾ ਸੀ, ਹੁਣ ਹੋਣਹਾਰ ਬੱਚਿਆਂ ਦਾ ਖੇਤਰ ਬਣ ਗਿਆ ਹੈ। ਰੁਜ਼ਗਾਰ ਅਤੇ ਸਿੱਖਿਆ ਦੇ ਮਜ਼ਬੂਤੀਕਰਨ ਨਾਲ ਮੇਵਾਤ ਵਿੱਚ ਇੱਕ ਨਵਾਂ ਵਿਦਿਅਕ ਸੂਰਜ ਚੜ੍ਹ ਰਿਹਾ ਹੈ। ਇਸੇ ਲੜੀ ਤਹਿਤ ਬੋਰਡ ਪ੍ਰੀਖਿਆ ਵਿੱਚ 90 ਫੀਸਦੀ ਤੋਂ ਵੱਧ ਨੰਬਰ ਪ੍ਰਾਪਤ ਕਰਨ ਵਾਲੇ 70 ਪ੍ਰਤਿਭਾਸ਼ਾਲੀ ਬੱਚਿਆਂ ਨੂੰ 'ਮੁੱਖ ਮੰਤਰੀ ਮੇਵਾਤ ਵਿਦਿਆਰਥੀ ਪ੍ਰਤਿਭਾ ਸਨਮਾਨ ਯੋਜਨਾ' ਤਹਿਤ 39 ਲੱਖ 90 ਹਜ਼ਾਰ ਰੁਪਏ ਦੀ ਸਨਮਾਨ ਰਾਸ਼ੀ ਜਾਰੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਅਜਿਹੇ ਵਿਦਿਆਰਥੀਆਂ ਦੀ ਗਿਣਤੀ 40 ਸੀ, ਜੋ ਇਸ ਵਾਰ ਵਧ ਕੇ 70 ਹੋ ਗਈ ਹੈ। ਇਸ ਤੋਂ ਇਲਾਵਾ 'ਮੁੱਖ ਮੰਤਰੀ ਮੇਵਾਤ ਪੋਸਟ ਮੈਟ੍ਰਿਕ ਸਕਾਲਰਸ਼ਿਪ ਯੋਜਨਾ' ਤਹਿਤ 1364 ਵਿਦਿਆਰਥੀਆਂ ਨੂੰ 52 ਲੱਖ 44 ਹਜ਼ਾਰ ਰੁਪਏ ਦੀ ਸਕਾਲਰਸ਼ਿਪ ਵੀ ਜਾਰੀ ਕੀਤੀ ਗਈ। ਉਨ੍ਹਾਂ ਕਿਹਾ ਕਿ ਹਰਿਆਣਾ ਕੌਸ਼ਲ ਰੋਜ਼ਗਾਰ ਨਿਗਮ ਰਾਹੀਂ ਕਰੀਬ 26 ਹਜ਼ਾਰ ਨੌਜਵਾਨਾਂ ਨੂੰ ਠੇਕਾ ਆਧਾਰਿਤ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਕਾਨੂੰਨ ਬਣਾ ਕੇ ਉਨ੍ਹਾਂ ਨੂੰ ਸੇਵਾ ਸੁਰੱਖਿਆ ਵੀ ਦਿੱਤੀ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਸੁਪਨਾ ਸਾਲ 2047 ਤੱਕ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣਾ ਹੈ ਅਤੇ ਇਸ ਵਿੱਚ ਨੌਜਵਾਨ ਪੀੜ੍ਹੀ ਦੀ ਅਹਿਮ ਭੂਮਿਕਾ ਹੋਵੇਗੀ। ਇਸੇ ਸੋਚ ਤਹਿਤ ਪ੍ਰਧਾਨ ਮੰਤਰੀ ਦੀ ਪਹਿਲਕਦਮੀ 'ਤੇ ਨਵੀਂ ਰਾਸ਼ਟਰੀ ਸਿੱਖਿਆ ਨੀਤੀ ਲਾਗੂ ਕੀਤੀ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਜ਼ਿਲ੍ਹੇ ਦੇ 450 ਸਕੂਲ ਭਵਨਾਂ ਦੀ ਡੀ.ਪੀ.ਆਰ. ਤਿਆਰ ਹੋ ਚੁੱਕੀ ਹੈ ਅਤੇ ਸਰਕਾਰ ਨੇ 200 ਕਰੋੜ ਰੁਪਏ ਜਾਰੀ ਕਰ ਦਿੱਤੇ ਹਨ। ਇਨ੍ਹਾਂ ਸਕੂਲਾਂ ਦੇ ਸੁਧਾਰ 'ਤੇ 400 ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਨਿਪੁੰਨ ਹਰਿਆਣਾ ਤਹਿਤ ਅਧਿਆਪਕਾਂ ਦੇ ਸਿਖਲਾਈ ਦੇ ਦੋ ਪੜਾਅ ਪੂਰੇ ਹੋ ਚੁੱਕੇ ਹਨ ਅਤੇ ਅਗਲੇ ਮਹੀਨੇ ਕਰੀਬ 32 ਹਜ਼ਾਰ ਪੀ.ਆਰ.ਟੀ. ਅਧਿਆਪਕਾਂ ਨੂੰ ਸਿਖਲਾਈ ਦੇਣ ਦੀ ਯੋਜਨਾ ਹੈ।

**ਮੁੱਖ ਮੰਤਰੀ ਵੱਲੋਂ ਅਧਿਆਪਕਾਂ ਨੂੰ ਪੰਜ ਸੰਕਲਪ ਲੈਣ ਦੀ ਅਪੀਲ**

ਮੇਵਾਤ ਕੈਡਰ ਦੇ ਨਵੇਂ-ਨਿਯੁਕਤ ਅਧਿਆਪਕਾਂ ਨੂੰ ਸੰਬੋਧਿਤ ਕਰਦਿਆਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਨਿਯੁਕਤੀ ਉਨ੍ਹਾਂ ਦੀ ਸਾਲਾਂ ਦੀ ਮਿਹਨਤ ਅਤੇ ਪਰਿਵਾਰ ਦੇ ਤਿਆਗ ਦਾ ਸੁਖਾਵਾਂ ਨਤੀਜਾ ਹੈ। ਉਨ੍ਹਾਂ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਨਿਯੁਕਤੀ ਨੂੰ ਔਖੀ ਪੋਸਟਿੰਗ ਨਹੀਂ ਸਗੋਂ ਤਬਦੀਲੀ ਦੀ ਪੋਸਟਿੰਗ ਵਜੋਂ ਦੇਖਣ ਅਤੇ ਜਿੱਥੇ ਮੌਕੇ ਘੱਟ ਦਿਖਣ, ਉੱਥੇ ਹੀ ਆਪਣਾ ਸਰਵੋਤਮ ਦੇਣ। ਉਨ੍ਹਾਂ ਕਿਹਾ ਕਿ ਖੇਡਾਂ, ਕਹਾਣੀਆਂ, ਤਸਵੀਰਾਂ, ਗਤੀਵਿਧੀਆਂ ਅਤੇ ਸਥਾਨਕ ਉਦਾਹਰਣਾਂ ਰਾਹੀਂ ਪੜ੍ਹਾਈ ਨੂੰ ਦਿਲਚਸਪ ਬਣਾਇਆ ਜਾਵੇ, ਬੱਚਿਆਂ ਦੀ ਮਾਂ-ਬੋਲੀ ਅਤੇ ਸਥਾਨਕ ਬੋਲੀ ਦਾ ਸਤਿਕਾਰ ਕੀਤਾ ਜਾਵੇ ਅਤੇ ਕਲਾਸ ਵਿੱਚ ਅਜਿਹਾ ਮਾਹੌਲ ਬਣੇ ਜਿੱਥੇ ਸਵਾਲ ਪੁੱਛਣਾ ਜਿਗਿਆਸਾ ਮੰਨਿਆ ਜਾਵੇ ਨਾ ਕਿ ਕਮਜ਼ੋਰੀ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਤਕਨੀਕ ਸਿੱਖਿਆ ਦਾ ਮਹੱਤਵਪੂਰਨ ਸਾਧਨ ਹੈ ਅਤੇ ਡਿਜੀਟਲ ਸਮੱਗਰੀ ਸਿੱਖਣ ਨੂੰ ਦਿਲਚਸਪ ਬਣਾ ਸਕਦੀ ਹੈ, ਪਰ ਮਸ਼ੀਨ ਜਾਣਕਾਰੀ ਦੇ ਸਕਦੀ ਹੈ, ਸੰਸਕਾਰ ਨਹੀਂ ਦੇ ਸਕਦੀ। ਇਸ ਲਈ ਅਧਿਆਪਕ ਨੂੰ ਮਨੁੱਖੀ ਰਿਸ਼ਤੇ ਨੂੰ ਹਮੇਸ਼ਾ ਕੇਂਦਰ ਵਿੱਚ ਰੱਖਣਾ ਚਾਹੀਦਾ ਹੈ।

ਇਸ ਮੌਕੇ ਉਨ੍ਹਾਂ ਨੇ ਅਧਿਆਪਕਾਂ ਨੂੰ ਪੰਜ ਸੰਕਲਪ ਲੈਣ ਦੀ ਅਪੀਲ ਕੀਤੀ, ਹਰ ਬੱਚੇ ਨੂੰ ਆਪਣਾ ਬੱਚਾ ਮੰਨਣਾ, ਕਿਸੇ ਵੀ ਬੱਚੇ ਨੂੰ ਸਿੱਖਣ ਵਿੱਚ ਪਿੱਛੇ ਨਾ ਰਹਿਣ ਦੇਣਾ, ਸਮੇਂ ਸਿਰ ਅਤੇ ਇਮਾਨਦਾਰੀ ਨਾਲ ਸਕੂਲ ਜਾਣਾ, ਮਾਪਿਆਂ ਅਤੇ ਸਮਾਜ ਨੂੰ ਸਿੱਖਿਆ ਨਾਲ ਜੋੜਨਾ ਅਤੇ ਆਪਣੇ ਆਚਰਣ ਰਾਹੀਂ ਬੱਚਿਆਂ ਨੂੰ ਉਹ ਗੱਲਾਂ ਸਿਖਾਉਣਾ ਜੋ ਕਿਤਾਬਾਂ ਤੋਂ ਨਹੀਂ ਸਿਖਾਈਆਂ ਜਾ ਸਕਦੀਆਂ।

ਇਸ ਦੌਰਾਨ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੱਜ ਮੇਵਾਤ ਖੇਤਰ ਨੂੰ ਵੱਡੀ ਸੌਗਾਤ ਦਿੱਤੀ ਹੈ। ਉਨ੍ਹਾਂ ਨਵੇਂ-ਨਿਯੁਕਤ ਪੀ.ਆਰ.ਟੀ. ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਇਹ ਧਰਤੀ ਨਵੇਂ ਸੰਕਲਪਾਂ ਦੀ ਊਰਜਾ ਨਾਲ ਰੁਸ਼ਨਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਾਇਮਰੀ ਸਿੱਖਿਆ ਕਿਸੇ ਵੀ ਬੱਚੇ ਦੀ ਨੀਂਹ ਹੁੰਦੀ ਹੈ, ਜੇਕਰ ਨੀਂਹ ਮਜ਼ਬੂਤ ਹੋਵੇਗੀ ਤਾਂ ਭਵਿੱਖ ਵੀ ਮਜ਼ਬੂਤ ਹੋਵੇਗਾ।

## ਪੰਜਾਬ ਦੀ ਜਨਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਲਈ ਤਿਆਰ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 29 ਅਗਸਤ**
**-ਮਨੋਜ ਵਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਦੀ ਜਨਤਾ ਆਮ ਆਦਮੀ ਪਾਰਟੀ ਸਰਕਾਰ ਤੋਂ ਤੰਗ ਆ ਚੁੱਕੀ ਹੈ ਅਤੇ ਬਦਲਾਅ ਦਾ ਮਨ ਬਣਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਨੂੰ ਬਰਬਾਦ ਕਰਨ ਦਾ ਕੰਮ ਕੀਤਾ ਹੈ ਅਤੇ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਪਿਛਲੀ ਕਾਂਗਰਸ ਸਰਕਾਰ ਨੂੰ ਵੀ ਪਿੱਛੇ ਛੱਡ ਦਿੱਤਾ ਹੈ। ਇਸ ਲਈ ਹੁਣ ਪੰਜਾਬ ਦੀ ਜਨਤਾ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਅਗਵਾਈ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਅਤੇ ਪੰਜਾਬ ਨੂੰ ਮਜ਼ਬੂਤ, ਵਿਕਸਿਤ ਅਤੇ ਸੁਸ਼ਾਸਿਤ ਸੂਬਾ ਬਣਾਉਣ ਦਾ ਸੰਕਲਪ ਲਿਆ ??। ਉਨ੍ਹਾਂ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ ਦੀ ਆਸਥਾ, ਸੱਭਿਆਚਾਰ ਅਤੇ ਸਨਮਾਨ ਦੀ ਰੱਖਿਆ ਕਰਦੇ ਹੋਏ ਸਾਰਿਆਂ ਨੂੰ ਮਿਲ ਕੇ ਸੂਬੇ ਨੂੰ ਵਿਕਾਸ ਅਤੇ ਸੁਸ਼ਾਸਨ ਦੇ ਰਸਤੇ ਉੱਤੇ ਅੱਗੇ ਲੈ ਕੇ ਜਾਣਾ ਹੋਵੇਗਾ।

ਮੁੱਖ ਮੰਤਰੀ ਅੰਮ੍ਰਿਤਸਰ ਦੇ ਬਾਬਾ ਬਕਾਲਾ ਸਾਹਿਬ ਵਿੱਚ ਆਯੋਜਿਤ ਮਹਾਸੰਮੇਲਨ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਵੀ ਮਹਾਸੰਮੇਲਨ ਨੂੰ ਸੰਬੋਧਿਤ ਕੀਤਾ। ਮਹਾਸੰਮੇਲਨ ਵਿੱਚ ਵੱਡੀ ਗਿਣਤੀ ਵਿੱਚ ਭਾਜਪਾ ਵਰਕਰਾਂ ਅਤੇ ਆਮ ਲੋਕਾਂ ਨੇ ਹਿੱਸਾ ਲਿਆ।

ਮੁੱਖ ਮੰਤਰੀ ਨੇ ਆਪਣੇ ਸੰਬੋਧਨ ਦੀ ਸ਼ੁਰੂਆਤ ਅੰਮ੍ਰਿਤਸਰ ਅਤੇ ਬਾਬਾ ਬਕਾਲਾ ਸਾਹਿਬ ਦੀ ਪਵਿੱਤਰ ਧਰਤੀ ਨੂੰ ਨਮਨ ਕਰਦੇ ਹੋਏ ਕੀਤੀ। ਉਨ੍ਹਾਂ ਕਿਹਾ ਕਿ ਇਹ ਗੁਰੂਆਂ ਦੀ ਉਹ ਪਵਿੱਤਰ ਧਰਤੀ ਹੈ, ਜਿੱਥੇ ਇਤਿਹਾਸ ਸਿਰਫ ਲਿਖਿਆ ਨਹੀਂ ਗਿਆ, ਸਗੋਂ ਰਚਿਆ ਗਿਆ ??। ਇਹ ਬਾਬਾ ਬਕਾਲਾ ਸਾਹਿਬ ਦੀ ਉਹ ਪਵਿੱਤਰ ਧਰਤੀ ਹੈ, ਜਿੱਥੇ ਅਨੇਕਾਂ ਦਾਅਵੇਦਾਰਾਂ ਦੇ ਵਿਚਕਾਰ ਇੱਕ ਸੱਚੇ ਗੁਰੂ ਦੀ ਪਛਾਣ ਹੋਈ ਸੀ। ਇੱਥੇ ਭਾਈ ਮੱਖਣ ਸ਼ਾਹ ਲੁਬਾਣਾ ਨੇ ਸੱਚ ਨੂੰ ਪਛਾਣਿਆ ਅਤੇ ਗੁਰੂ ਲਾਧੋ ਰੇ ਦਾ ਉਦਘੋਸ਼ ਕੀਤਾ। ਇਸੇ ਪਵਿੱਤਰ ਧਰਤੀ ਉੱਤੇ ਖੜ੍ਹੇ ਹੋ ਕੇ ਉਨ੍ਹਾਂ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਾਂ ਵਿੱਚ ਕੋਟਿ-ਕੋਟਿ ਨਮਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਸਾਲ 1664 ਵਿੱਚ ਅੱਠਵੇਂ ਗੁਰੂ ਸ੍ਰੀ ਗੁਰੂ ਹਰਿਕ੍ਰਿਸ਼ਣ ਸਾਹਿਬ ਜੀ ਨੇ ਬਾਬਾ ਬਕਾਲੇ) ਕਹਿ ਕੇ ਆਪਣੇ ਉੱਤਰਾਧਿਕਾਰੀ ਦਾ ਸੰਕੇਤ ਦਿੱਤਾ ਸੀ। ਇਸ ਘਟਨਾ ਨੇ ਸਮਾਜ ਨੂੰ ਇਹ ਸੰਦੇਸ਼ ਦਿੱਤਾ ਕਿ ਸੱਚੇ ਅਗਵਾਈ ਦੀ ਪਛਾਣ ਉਸ ਦੇ ਚਰਿੱਤਰ ਤੋਂ ਹੁੰਦੀ ਹੈ ਅਤੇ ਸੱਚ ਕੁਝ ਸਮੇਂ ਲਈ ਢੱਕ ਸਕਦਾ ਹੈ, ਪਰ ਅੰਤ ਵਿੱਚ ਪ੍ਰਕਾਸ਼ ਬਣ ਕੇ ਸਾਹਮਣੇ ਆਉਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਇਤਿਹਾਸਕ ਅਤੇ ਕ੍ਰਾਂਤੀਕਾਰੀ ਧਰਤੀ @ਤੇ ਲੋਕਾਂ ਵਿਚਕਾਰ ਆ ਕੇ ਅਜਿਹਾ ਮਹਿਸੂਸ ਹੋ ਰਿਹਾ ਹੈ ਜਿਵੇਂ ਉਹ ਕਿਸੇ ਰਾਜਨੀਤਿਕ ਆਯੋਜਨ ਵਿੱਚ ਨਹੀਂ, ਸਗੋਂ ਆਪਣੇ ਪਰਿਵਾਰ ਦੇ ਵਿਚਕਾਰ ਆਏ ਹਨ। ਉਨ੍ਹਾਂ ਕਿਹਾ ਕਿ ਇਹ ਆਤਮੀਅਤਾ ਸਿਰਫ ਮਿਲਨ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਸਗੋਂ ਇਸ ਨੂੰ ਪੰਜਾਬ ਪ੍ਰਤੀ ਜ਼ਿੰਮੇਵਾਰੀ ਦੇ ਸੰਕਲਪ ਵਿੱਚ ਬਦਲਣਾ ਹੋਵੇਗਾ। ਮੌਜੂਦਾ ਸਮਾਂ ਸਾਡੇ ਤੋਂ ਇਹ ਸਵਾਲ ਪੁੱਛ ਰਿਹਾ ਹੈ ਕਿ ਪੰਜਾਬ ਨੂੰ ਸੱਚੀ ਰਾਜਨੀਤੀ, ਸੱਚਾ ਵਾਅਦਾ ਅਤੇ ਸੱਚੀ ਸਰਕਾਰ ਕੌਣ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਇੱਥੇ ਸਿਰਫ ਇੱਕ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਨਹੀਂ, ਸਗੋਂ ਪੰਜਾਬ ਪ੍ਰਤੀ ਆਪਣੀ ਜ਼ਿੰਮੇਵਾਰੀ ਦਾ ਸੰਕਲਪ ਲੈਣ ਆਏ ਹਾਂ।

**ਪੰਜਾਬ ਦੀ ਆਸਥਾ, ਕਿਸਾਨਾਂ ਦੀ ਮਿਹਨਤ, ਨੌਜਵਾਨਾਂ ਦੇ ਭਵਿੱਖ ਅਤੇ ਭੈਣ-ਬੇਟੀਆਂ ਦੇ ਸਨਮਾਨ ਦੀ ਰੱਖਿਆ ਸਾਡਾ ਸੰਕਲਪ - ਮੁੱਖ ਮੰਤਰੀ**

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਆਸਥਾ ਦੀ ਰੱਖਿਆ, ਕਿਸਾਨਾਂ ਦੀ ਮਿਹਨਤ ਦੀ ਰੱਖਿਆ, ਨੌਜਵਾਨਾਂ ਦੇ ਭਵਿੱਖ ਦੀ ਰੱਖਿਆ, ਭੈਣ-ਬੇਟੀਆਂ ਦੇ ਸਨਮਾਨ ਦੀ ਰੱਖਿਆ ਅਤੇ ਦੇਸ਼ ਦੀ ਸਰਹੱਦ @ਤੇ ਵਸੇ ਮਾਝਾ ਦੀ ਸੁਰੱਖਿਆ ਹੀ ਅੱਜ ਭਾਰਤੀ ਜਨਤਾ ਪਾਰਟੀ ਦਾ ਰੱਖਿਆ-ਸੰਕਲਪ ਹੈ। ਉਨ੍ਹਾਂ ਕਿਹਾ ਕਿ ਮਾਂ-ਭੈਣਾਂ ਦੀ ਰੱਖਿਆ ਅਤੇ ਸੁਰੱਖਿਆ ਕੇਵਲ ਸਰਕਾਰ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮਾਜ ਦੇ ਹਰੇਕ ਵਿਅਕਤੀ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਮਾਝਾ ਦੀ ਧਰਤੀ ਵੀਰਤਾ, ਪਰਾਕ੍ਰਮ, ਸ਼ਹਾਦਤ ਅਤੇ ਕਿਸਾਨ ਸ਼ਕਤੀ ਦੀ ਧਰਤੀ ਹੈ। ਇੱਥੇ ਦੇ ਲੋਕਾਂ ਨੇ ਦੇਸ਼ ਦੀ ਰੱਖਿਆ ਅਤੇ ਰਾਸ਼ਟਰ ਨਿਰਮਾਣ ਵਿੱਚ ਹਮੇਸ਼ਾ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਪੰਜਾਬ ਸਿਰਫ ਇੱਕ ਸੂਬਾ ਨਹੀਂ, ਸਗੋਂ ਦੇਸ਼ ਦੀ ਆਸਥਾ, ਸੱਭਿਆਚਾਰ ਅਤੇ ਮਾਣ ਦਾ ਮਹੱਤਵਪੂਰਨ ਕੇਂਦਰ ਹੈ। ਉਨ੍ਹਾਂ ਕਿਹਾ, ਅਸੀਂ ਪੰਜਾਬ ਦੀ ਆਸਥਾ ਦੀ ਰੱਖਿਆ ਕਰਨ ਲਈ ਆਏ ਹਾਂ ਅਤੇ ਪੰਜਾਬ ਦੇ ਸਨਮਾਨ ਨੂੰ ਅੱਗੇ ਵਧਾਉਣ ਲਈ ਮਿਲ ਕੇ ਕੰਮ ਕਰਾਂਗੇ।



ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਦੇ ਲੋਕਾਂ ਵਿਚਕਾਰ ਸਦੀਆਂ ਪੁਰਾਣਾ ਭਾਈਚਾਰਾ ਹੈ। ਦੋਵਾਂ ਸੂਬਿਆਂ ਦੀ ਸੰਸਕ੍ਰਿਤੀ, ਪਰੰਪਰਾਵਾਂ ਅਤੇ ਭਾਵਨਾਵਾਂ ਇੱਕ-ਦੂਜੇ ਨਾਲ ਡੂੰਘਾਈ ਨਾਲ ਜੁੜੀਆਂ ਹੋਈਆਂ ਹਨ। ਉਨ੍ਹਾਂ ਅਪੀਲ ਕੀਤਾ ਕਿ ਸਾਰਿਆਂ ਨੂੰ ਮਿਲ ਕੇ ਅੱਗੇ ਵਧਣਾ ਹੈ ਅਤੇ ਪੰਜਾਬ ਨੂੰ ਵਿਕਾਸ, ਸੁਸ਼ਾਸਨ ਅਤੇ ਖੁਸ਼ਹਾਲੀ ਦੇ ਰਸਤੇ @ਤੇ ਲੈ ਕੇ ਜਾਣਾ ਹੈ।

**ਆਪ ਸਰਕਾਰ ਨੇ ਪੰਜਾਬ ਦੀ ਜਨਤਾ ਨਾਲ ਕੀਤੇ ਵਾਦਿਆਂ ਤੋਂ ਮੋੜਿਆ ਮੂੰਹ**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ @ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਲਗਭਗ ਸਾਢੇ ਚਾਰ ਸਾਲਾਂ ਵਿੱਚ ਆਪ ਸਰਕਾਰ ਨੇ ਜਨਤਾ ਨਾਲ ਕੀਤੇ ਵਾਦਿਆਂ ਤੋਂ ਮੂੰਹ ਮੋੜ ਲਿਆ ਅਤੇ ਪੰਜਾਬ ਨੂੰ ਭ੍ਰਿਸ਼ਟਾਚਾਰ ਦੇ ਦਲਦਲ ਵਿੱਚ ਧੱਕ ਦਿੱਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀ ਨੀਤੀ ਅਤੇ ਨੀਅਤ ਠੀਕ ਨਹੀਂ ਹੈ। ਅੱਜ ਪੰਜਾਬ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ, ਹਰ ਕਾਰਜ ਦੇ ਰੇਟ ਨਿਰਧਾਰਤ ਕਰ ਦਿੱਤੇ ਗਏ ਹਨ ਅਤੇ ਬਿਨਾਂ ਪੈਸੇ ਦੇ ਕੋਈ ਕੰਮ ਨਹੀਂ ਹੁੰਦਾ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਨੇ ਜਿਸ ਉਮੀਦ ਅਤੇ ਵਿਸ਼ਵਾਸ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਸਰਕਾਰ ਉਸ ਵਿਸ਼ਵਾਸ @ਤੇ ਖਰੀ ਨਹੀਂ ਉਤਰੀ। ਜਨਤਾ ਹੁਣ ਸਰਕਾਰ ਦੇ ਕੰਮਕਾਜ ਨੂੰ ਚੰਗੀ ਤਰ੍ਹਾਂ ਸਮਝ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਮਹਿਸੂਸ ਹੋ ਰਿਹਾ ਹੈ ਕਿ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਮੌਜੂਦਾ ਸਰਕਾਰ ਪਿਛਲੀ ਕਾਂਗਰਸ ਸਰਕਾਰ ਤੋਂ ਵੀ ਅੱਗੇ ਨਿਕਲ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਕੰਮ ਵਿਵਸਥਾ ਬਣਾਉਣਾ, ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨਾ ਅਤੇ ਆਮ ਨਾਗਰਿਕ ਨੂੰ ਸਹੂਲਤਾਂ ਉਪਲਬਧ ਕਰਵਾਉਣਾ ਹੈ, ਨਾ ਕਿ ਜਨਤਾ ਨੂੰ ਪਰੇਸ਼ਾਨ ਕਰਨਾ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੀ ਜਨਤਾ ਤੋਂ ਜੋ ਅਨੇਕ ਵਾਦੇ ਕੀਤੇ ਸਨ, ਇਨ੍ਹਾਂ ਵਿੱਚੋਂ ਕਿੰਨੇ ਪੂਰੇ ਕੀਤੇ ਗਏ, ਇਹ ਪੰਜਾਬ ਦੀ ਜਨਤਾ ਦੇ ਸਾਹਮਣੇ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਇੱਕੋ ਥੈਲੀ ਦੇ ਚੱਟੇ-ਵੱਟੇ ਹਨ।

**ਐਕਸਾਈਜ਼ ਇੰਸਪੈਕਟਰ ਭਰਤੀ ਨੂੰ ਲੈ ਕੇ ਵੀ ਆਪ ਸਰਕਾਰ @ਤੇ ਸਾਧਿਆ ਨਿਸ਼ਾਨਾ**

ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਪਿਛਲੇ ਦਿਨੀਂ ਐਕਸਾਈਜ਼ ਇੰਸਪੈਕਟਰ ਦੀ ਭਰਤੀ ਵਿੱਚ ਸਿਰਫ ਚਹੇਤਿਆਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਅਤੇ ਗ਼ਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਰੁਜ਼ਗਾਰ ਦੇ ਮੌਕਿਆਂ ਤੋਂ ਦੂਰ ਰੱਖਿਆ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਜਵਾਨ ਬੇਰੁਜ਼ਗਾਰੀ ਦੀ ਮਾਰ ਝੱਲ ਰਹੇ ਹਨ ਅਤੇ ਉਨ੍ਹਾਂ ਨੇ ਆਮ ਆਦਮੀ ਪਾਰਟੀ ਸਰਕਾਰ ਤੋਂ ਰੁਜ਼ਗਾਰ ਦੀਆਂ ਵੱਡੀਆਂ ਉਮੀਦਾਂ ਲਗਾਈਆਂ ਸਨ। ਉਨ੍ਹਾਂ ਪੰਜਾਬ ਸਰਕਾਰ ਤੋਂ ਸਵਾਲ ਕੀਤਾ ਕਿ ਸੱਤਾ ਵਿੱਚ ਆਉਣ ਤੋਂ ਬਾਅਦ ਹੁਣ ਤੱਕ ਕਿੰਨੇ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਗਿਆ ਹੈ।

ਇਸ ਦੇ ਉਲਟ ਹਰਿਆਣਾ ਸਰਕਾਰ ਦੀਆਂ ਉਪਲਬਧੀਆਂ ਦਾ ਵਰਨਣ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਨੌਜਵਾਨਾਂ ਨੂੰ ਪਾਰਦਰਸ਼ੀ ਢੰਗ ਨਾਲ ਬਿਨਾਂ ਖਰਚੀ-ਬਿਨਾਂ ਪਰਚੀ ਅਤੇ ਬਿਨਾਂ ਕਿਸੇ ਭੇਦਭਾਵ ਦੇ ਮੈਰਿਟ ਦੇ ਆਧਾਰ @ਤੇ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਹਰਿਆਣਾ ਵਿੱਚ ਹੁਣ ਤੱਕ 2 ਲੱਖ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਜਿਮੇਵਾਰੀ ਜਨਹਿਤੈਸ਼ੀ ਅਤੇ ਜਨਭਲਾਈਕਾਰੀ ਯੋਜਨਾਵਾਂ ਨੂੰ ਲਾਗੂ ਕਰ ਕੇ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣਾ ਹੈ। ਹਰਿਆਣਾ ਸਰਕਾਰ ਨੇ ਅਨੇਕ ਜਨਭਲਾਈਕਾਰੀ ਯੋਜਨਾਵਾਂ ਰਾਹੀਂ ਲੋਕਾਂ ਦੇ ਆਰਥਿਕ ਅਤੇ ਸਮਾਜਿਕ ਜੀਵਨ ਵਿੱਚ ਵਿਆਪਕ ਬਦਲਾਅ ਲਿਆਉਣ ਦਾ ਕੰਮ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ @ਤੇ ਹਰਿਆਣਾ ਦੇ ਸਫਲ ਜਨਭਲਾਈਕਾਰੀ ਮਾਡਲਾਂ ਨੂੰ ਪੰਜਾਬ ਵਿੱਚ ਵੀ ਲਾਗੂ ਕੀਤਾ ਜਾਵੇਗਾ, ਤਾਂ ਜੋ ਸੂਬੇ ਦਾ ਸੁਰੱਖਿਅਤ ਅਤੇ ਸਮੁੱਚਾ ਵਿਕਾਸ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਭਾਜਪਾ ਸਰਕਾਰ ਨੇ ਸਿਰਫ 18 ਮਹੀਨਿਆਂ ਦੇ ਕਾਰਜਕਾਲ ਵਿੱਚ ਆਪਣੇ ਸੰਕਲਪ ਪੱਤਰ ਦੇ 217 ਸੰਕਲਪਾਂ ਵਿੱਚੋਂ 70 ਨੂੰ ਸਫਲਤਾਪੂਰਵਕ ਪੂਰਾ ਕਰ ਲਿਆ ਹੈ ਅਤੇ ਬਾਕੀ ਸੰਕਲਪਾਂ @ਤੇ ਤੇਜ਼ੀ ਨਾਲ ਕੰਮ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ 1 ਲੱਖ 80 ਹਜ਼ਾਰ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀਆਂ ਮਹਿਲਾਵਾਂ ਨੂੰ ਸਿਰਫ 500 ਰੁਪਏ ਵਿੱਚ ਗੈਸ ਸਿਲੰਡਰ ਉਪਲਬਧ ਕਰਵਾਇਆ ਜਾ ਰਿਹਾ ??ਅਤੇ ਇਸ ਯੋਜਨਾ ਤਹਿਤ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਹੁਣ ਤੱਕ 300 ਕਰੋੜ ਰੁਪਏ ਤੋਂ ਵੱਧ ਦੀ ਰਕਮ ਸਿੱਧੀ ਟਰਾਂਸਫਰ ਕੀਤੀ ਜਾ ਚੁੱਕੀ ਹੈ।

**ਲਾਡੋ ਲੱਛਮੀ ਯੋਜਨਾ ਤਹਿਤ ਮਹਿਲਾਵਾਂ ਨੂੰ 2,100 ਰੁਪਏ ਦੀ ਆਰਥਿਕ ਸਹਾਇਤਾ**

ਮੁੱਖ ਮੰਤਰੀ ਨੇ ਕਿਹਾ ਕਿ ਮਹਿਲਾਵਾਂ ਨੂੰ ਆਰਥਿਕ ਤੌਰ @ਤੇ ਸਸ਼ਕਤ ਬਣਾਉਣ ਲਈ ਲਾਡੋ ਲੱਛਮੀ ਯੋਜਨਾ ਤਹਿਤ 2,100 ਰੁਪਏ ਦੀ ਆਰਥਿਕ ਸਹਾਇਤਾ ਯਕੀਨੀ ਬਣਾਉਣ ਲਈ ਹਰਿਆਣਾ ਸਰਕਾਰ ਨੇ ਬਜਟ ਵਿੱਚ 5,000 ਕਰੋੜ ਰੁਪਏ ਦਾ ਪ੍ਰਾਵਧਾਨ ਕੀਤਾ ਸੀ, ਜਿਸ ਵਿੱਚੋਂ ਹੁਣ ਤੱਕ ਮਹਿਲਾਵਾਂ ਦੇ ਖਾਤਿਆਂ ਵਿੱਚ 2,000 ਕਰੋੜ ਰੁਪਏ ਤੋਂ ਵੱਧ ਦੀ ਰਕਮ ਭੇਜੀ ਜਾ ਚੁੱਕੀ ਹੈ। ਉਨ੍ਹਾਂ ਆਮ ਆਦਮੀ ਪਾਰਟੀ ਨੂੰ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤੇ ਵਾਦਿਆਂ @ਤੇ ਘੇਰਦਿਆਂ ਕਿਹਾ ਕਿ ਪਾਰਟੀ ਨੇ ਮਹਿਲਾਵਾਂ ਨੂੰ ਆਰਥਿਕ ਸਹਾਇਤਾ ਸਮੇਤ ਅਨੇਕ ਵੱਡੇ ਵਾਦੇ ਕੀਤੇ ਸਨ, ਪਰ ਅੱਜ ਵੀ ਮਹਿਲਾਵਾਂ ਉਨ੍ਹਾਂ ਵਾਦਿਆਂ ਦੇ ਪੂਰਾ ਹੋਣ ਦਾ ਇੰਤਜ਼ਾਰ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਾਜਪਾ ਦੀਆਂ ਸਰਕਾਰਾਂ ਜੋ ਕਹਿੰਦੀਆਂ ਹਨ, ਉਸ ਨੂੰ ਪੂਰਾ ਕਰਨ ਲਈ ਕੰਮ ਕਰਦੀਆਂ ਹਨ ਅਤੇ ਸਰਕਾਰ ਦੀਆਂ ਨੀਤੀਆਂ ਅਤੇ ਯੋਜਨਾਵਾਂ ਦੇ ਕੇਂਦਰ ਵਿੱਚ ਆਮ ਨਾਗਰਿਕ ਰਹਿੰਦਾ ਹੈ।

**ਕਿਸਾਨਾਂ ਦੀ ਪੂਰੀ ਫਸਲ ਐਮ.ਐਸ.ਪੀ. @ਤੇ ਖਰੀਦ ਰਿਹਾ ਹਰਿਆਣਾ - ਮੁੱਖ ਮੰਤਰੀ**

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਦੇਸ਼ ਦਾ ਪਹਿਲਾ ਅਜਿਹਾ ਰਾਜ ਹੈ, ਜਿੱਥੇ ਕਿਸਾਨਾਂ ਦੀ ਪੂਰੀ ਫਸਲ ਐਮ.ਐਸ.ਪੀ. @ਤੇ ਖਰੀਦੀ ਜਾਂਦੀ ਹੈ ਅਤੇ 48 ਘੰਟਿਆਂ ਦੇ ਅੰਦਰ ਕਿਸਾਨਾਂ ਦੇ ਖਾਤਿਆਂ ਵਿੱਚ ਭੁਗਤਾਨ ਯਕੀਨੀ ਬਣਾਇਆ ਜਾਂਦਾ ਹੈ। ਫਸਲ ਨੁਕਸਾਨ ਦੇ ਮੁਆਵਜ਼ੇ ਵਜੋਂ ਕਿਸਾਨਾਂ ਦੇ ਖਾਤਿਆਂ ਵਿੱਚ 1,600 ਕਰੋੜ ਰੁਪਏ ਤੋਂ ਵੱਧ ਦੀ ਰਕਮ ਭੇਜੀ ਗਈ ਹੈ। ਇਸ ਤੋਂ ਇਲਾਵਾ ਸਬਜ਼ੀ ਉਤਪਾਦਕ ਕਿਸਾਨਾਂ ਨੂੰ ਭਾਵਾਂਤਰ ਭਰਪਾਈ ਯੋਜਨਾ ਤਹਿਤ ਨੁਕਸਾਨ ਦੀ ਭਰਪਾਈ ਕੀਤੀ ਜਾ ਰਹੀ ਹੈ।_ਖ ਮੰਤਰੀ ਨੇ ਕਿਹਾ ਕਿ ਪੂਰੇ ਹਰਿਆਣਾ ਵਿੱਚ ਕਿਡਨੀ ਦੇ ਮਰੀਜ਼ਾਂ ਲਈ ਮੁਫਤ ਡਾਇਲਿਸਿਸ ਦੀ ਸਹੂਲਤ ਉਪਲਬਧ ਕਰਵਾਈ ਗਈ ਹੈ ਅਤੇ 2 ਲੱਖ ਤੋਂ ਵੱਧ ਮਰੀਜ਼ਾਂ ਨੂੰ ਬਿਨਾਂ ਕਿਸੇ ਨਿੱਜੀ ਖਰਚ ਦੇ ਇਸ ਦਾ ਲਾਭ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ 42 ਲੱਖ ਪਰਿਵਾਰਾਂ ਦੇ ਆਯੁਸ਼ਮਾਨ ਅਤੇ ਚਿਰਾਯੂ ਕਾਰਡ ਬਣਾਏ ਗਏ ਹਨ ਅਤੇ ਸਰਕਾਰ ਇਸ ਯੋਜਨਾ ਤਹਿਤ ਹੁਣ ਤੱਕ 4,500 ਕਰੋੜ ਰੁਪਏ ਖਰਚ ਕਰ ਚੁੱਕੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬੇਘਰ ਲੋਕਾਂ ਨੂੰ ਆਵਾਸ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਵੀ ਸਰਕਾਰ ਨੇ ਮਹੱਤਵਪੂਰਨ ਕੰਮ ਕੀਤਾ ਹੈ। ਸੂਬੇ ਵਿੱਚ 1 ਲੱਖ 60 ਹਜ਼ਾਰ ਤੋਂ ਵੱਧ ਮਕਾਨ ਬਣਾ ਕੇ ਲਾਭਪਾਤਰੀਆਂ ਨੂੰ ਉਨ੍ਹਾਂ ਦੀਆਂ ਚਾਬੀਆਂ ਸੌਂਪੀਆਂ ਗਈਆਂ ਹਨ। ਇਸ ਦੇ ਨਾਲ ਹੀ ਭੂਮੀਹੀਣ ਪਰਿਵਾਰਾਂ ਨੂੰ ਪਿੰਡਾਂ ਵਿੱਚ 100 ਗਜ਼ ਅਤੇ ਸ਼ਹਿਰਾਂ ਵਿੱਚ 30 ਗਜ਼ ਦੇ ਪਲਾਟ ਉਪਲਬਧ ਕਰਵਾਏ ਗਏ ਹਨ ਅਤੇ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਆਵਾਸ ਯੋਜਨਾ ਨਾਲ ਜੋੜਿਆ ਗਿਆ ਹੈ, ਤਾਕਿ ਉਨ੍ਹਾਂ ਦੇ ਪੱਕੇ ਮਕਾਨ ਬਣਾਏ ਜਾ ਸਕਣ।





